ਸ਼ਨੀਵਾਰ, 21 ਨਵੰਬਰ, 2026
6 ਮੱਘਰ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 171

ਰੋਜ਼ਾਨਾ
ਨਵਾਂ ਜ਼ਮਾਨਾ
DAILY NAWAN ZAMANA • SATURDAY, 21 NOVEMBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ | Regd. No : L-4/Pb-JL-0023/2024-26, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

ਈ ਡੀ ਵੱਲੋਂ ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਨੂੰ ਸੰਮਨ



ਨਵੀਂ ਦਿੱਲੀ : ਈ ਡੀ ਨੇ ਰਾਜ ਸਭਾ ਦੇ ਨਾਮਜ਼ਦ ਮੈਂਬਰ ਅਤੇ ਚੰਡੀਗੜ੍ਹ ਯੂਨੀਵਰਸਿਟੀ ਦੇ ਚਾਂਸਲਰ ਸਤਨਾਮ ਸਿੰਘ ਸੰਧੂ ਨੂੰ ਕੁਝ ਫੰਡਾਂ ਦੇ ਲੈਣ-ਦੇਣ ਦੇ ਮਾਮਲੇ ਵਿੱਚ ਪੁੱਛ-ਪੜਤਾਲ ਲਈ ਸੰਮਨ ਜਾਰੀ ਕੀਤਾ ਹੈ। ਉਨ੍ਹਾਂ ਨੂੰ ਈ ਡੀ ਦੇ ਜਲੰਧਰ ਸਥਿਤ ਦਫ਼ਤਰ ਵਿੱਚ ਪੇਸ਼ ਹੋਣ ਲਈ ਕਿਹਾ ਗਿਆ ਹੈ। ਈ ਡੀ ਦੇ ਸੂਤਰਾਂ ਨੇ ਇਸ ਦੀ ਪੁਸ਼ਟੀ ਕਰਦਿਆਂ ਦੱਸਿਆ ਕਿ ਸੰਧੂ ਨੂੰ ਕਥਿਤ ਤੌਰ 'ਤੇ ਵਿਊਨਾਓ ਗਰੁੱਪ ਦੀਆਂ ਕੰਪਨੀਆਂ ਤੋਂ ਕੁਝ ਫੰਡ ਮਿਲੇ ਸਨ। ਇਨ੍ਹਾਂ ਕੰਪਨੀਆਂ ਦੀ ਈ ਡੀ ਵੱਲੋਂ ਜਾਂਚ ਕੀਤੀ ਜਾ ਰਹੀ ਹੈ। ਦੋਸ਼ ਹੈ ਕਿ ਗਰੁੱਪ ਨੇ ਪੌਂਜ਼ੀ ਸਕੀਮ ਚਲਾਈ ਸੀ, ਜਿਸ ਰਾਹੀਂ ਲੋਕਾਂ ਤੋਂ ਪੈਸਾ ਇਕੱਠਾ ਕੀਤਾ ਗਿਆ।

ਯਾਦਾ ਸੁਰਖਪੁਰੀਆ 'ਆਪ' 'ਚ



ਚੰਡੀਗੜ੍ਹ : ਭਾਰਤੀ ਕਬੱਡੀ ਟੀਮ ਦੇ ਸਾਬਕਾ ਕਪਤਾਨ ਯਾਦਵਿੰਦਰ ਸਿੰਘ 'ਯਾਦਾ ਸੁਰਖਪੁਰੀਆ' ਸ਼ੁੱਕਰਵਾਰ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਉਨ੍ਹਾਂ ਦਾ ਸਵਾਗਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੇ ਜੁੜਨ ਨਾਲ ਪੰਜਾਬ ਦੇ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤੀ ਮਿਲੇਗੀ।

ਚੰਡੀਗੜ੍ਹ ਨਗਰ ਨਿਗਮ ਚੋਣਾਂ ਦਾ ਐਲਾਨ

ਚੰਡੀਗੜ੍ਹ : 35 ਮੈਂਬਰੀ ਚੰਡੀਗੜ੍ਹ ਨਗਰ ਨਿਗਮ ਲਈ 23 ਦਸੰਬਰ ਨੂੰ ਵੋਟਾਂ ਪੈਣਗੀਆਂ ਤੇ 26 ਦਸੰਬਰ ਨੂੰ ਵੋਟਾਂ ਦੀ ਗਿਣਤੀ ਹੋਵੇਗੀ। ਨਾਮਜ਼ਦਗੀ ਪੱਤਰ ਦਾਖ਼ਲ ਕਰਨ ਦੀ ਪ੍ਰਕਿਰਿਆ 26 ਨਵੰਬਰ ਤੋਂ ਸ਼ੁਰੂ ਹੋਵੇਗੀ ਅਤੇ 3 ਦਸੰਬਰ ਤੱਕ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ ਜਾ ਸਕਣਗੇ।

ਡੇਰਾ ਮੁਖੀ ਪਰਗਟ ਦੇ ਘਰ ਪਹੁੰਚੇ



ਜਲੰਧਰ : ਰਾਧਾ ਸੁਆਮੀ ਡੇਰਾ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਸ਼ੁੱਕਰਵਾਰ ਪੰਜਾਬ ਕਾਂਗਰਸ ਦੇ ਪ੍ਰਧਾਨ ਪਰਗਟ ਸਿੰਘ ਦੇ ਘਰ ਪਹੁੰਚੇ। ਜਲੰਧਰ ਦੀ ਇਸ ਫੇਰੀ ਦੌਰਾਨ ਉਹ ਸਾਬਕਾ ਮੈਂਬਰ ਪਾਰਲੀਮੈਂਟ ਸੁਸ਼ੀਲ ਰਿੰਕੂ ਦੇ ਘਰ ਵੀ ਗਏ।

'ਰਾਮਾਇਣ' ਨੇ 1500 ਕਰੋੜ ਤੋਂ ਵੱਧ ਕੀਤੀ ਕਮਾਈ

ਨਵੀਂ ਦਿੱਲੀ : ਅਦਾਕਾਰ ਰਣਬੀਰ ਕਪੂਰ, ਸਾਈ ਪੱਲਵੀ ਅਤੇ ਯਸ਼ ਦੀ ਮੁੱਖ ਭੂਮਿਕਾ ਵਾਲੀ ਫ਼ਿਲਮ 'ਰਾਮਾਇਣ' ਨੇ ਆਲਮੀ ਬਾਕਸ ਆਫ਼ਸ 'ਤੇ 1,500 ਕਰੋੜ ਰੁਪਏ ਤੋਂ ਵੱਧ ਦੀ ਕਮਾਈ ਕਰ ਲਈ ਹੈ। ਇਹ ਫ਼ਿਲਮ ਪੰਜ ਨਵੰਬਰ ਨੂੰ ਰਿਲੀਜ਼ ਹੋਈ ਸੀ, ਜੋ ਪ੍ਰਾਚੀਨ ਮਹਾਂਕਾਵਿ 'ਰਾਮਾਇਣ' 'ਤੇ ਆਧਾਰਿਤ ਦੋ ਭਾਗਾਂ ਵਾਲੀ ਫ਼ਿਲਮ ਲੜੀ ਦੀ ਪਹਿਲੀ ਕੜੀ ਹੈ। ਇਸ ਵਿੱਚ ਰਣਬੀਰ ਕਪੂਰ ਨੇ ਭਗਵਾਨ ਰਾਮ, ਸਾਈ ਪੱਲਵੀ ਨੇ ਸੀਤਾ ਅਤੇ ਯਸ਼ ਨੇ ਰਾਵਣ ਦੀ ਭੂਮਿਕਾ ਨਿਭਾਈ ਹੈ। ਇਹ ਫ਼ਿਲਮ ਹਿੰਦੀ, ਤਾਮਿਲ, ਤੇਲਗੂ, ਕੰਨੜ ਅਤੇ ਮਲਿਆਲਮ ਭਾਸ਼ਾਵਾਂ ਵਿੱਚ ਰਿਲੀਜ਼ ਹੋਈ ਹੈ।

ਪ੍ਰਕਾਸ਼ ਪੁਰਬ ਵਿਸ਼ੇਸ਼ ਸਪਲੀਮੈਂਟ



ਹਾਕਮ ਸਿੰਘ ਭੱਟੀ ਸੁਨਾਮ 98888-18990



ਅਸ਼ੋਕ ਬਾਂਸਲ ਸੁਨਾਮ 98151-92889



ਨਿਹਾਲ ਸਿੰਘ ਕਲਸੀ ਮੋਰਿੰਡਾ 98885-86942

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤੇ ਜਾ ਰਹੇ ਹਨ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਇਨ੍ਹਾਂ ਪੱਤਰਕਾਰਾਂ ਨਾਲ ਸੰਪਰਕ ਕੀਤਾ ਜਾਵੇ।

-ਜਨਰਲ ਮੈਨੇਜਰ

ਵਿਸ਼ੇਸ਼ ਸਪਲੀਮੈਂਟ



ਧੰਨ ਧੰਨ ਬਾਬਾ ਸ਼ਾਮ ਸਿੰਘ ਜੀ ਨਾਰਲਾ ਦੇ ਸਾਲਾਨਾ ਜੋੜ ਮੇਲੇ ਨੂੰ ਸਮਰਪਤ **ਭਿੰਡੀਵਿੰਡ** ਤੋਂ ਵਿਸ਼ੇਸ਼ ਸਪਲੀਮੈਂਟ 25 ਨਵੰਬਰ ਨੂੰ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਲਖਵਿੰਦਰ ਸਿੰਘ ਗੋਸ਼ਟ** ਨਾਲ ਮੋਬਾਇਲ 98147-70122 'ਤੇ ਸੰਪਰਕ ਕਰੋ।

-ਜਨਰਲ ਮੈਨੇਜਰ

ਜੇਲ੍ਹਾਂ ਭਰਨ ਲਈ ਭਾਰੀ ਉਤਸ਼ਾਹ : ਧਾਲੀਵਾਲ

ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ)



ਭਾਰਤੀ ਜਨਤਾ ਪਾਰਟੀ ਦੀ ਕੇਂਦਰ ਦੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਦਮਨ ਦੀਆਂ ਨੀਤੀਆਂ ਉੱਤੇ ਚੱਲ ਰਹੀ ਹੈ। ਭਾਜਪਾ ਸੱਤਾ ਉੱਤੇ ਕਾਬਜ਼ ਰਹਿਣ ਲਈ ਦੇਸ਼ ਨੂੰ ਜਾਤਾਂ ਅਤੇ ਧਰਮਾਂ ਦੇ ਨਾਂਅ ਉੱਤੇ ਵੰਡ ਰਹੀ ਹੈ। ਭਾਜਪਾ ਦੀਆਂ ਇਹਨਾਂ ਲੋਕ ਵਿਰੋਧੀ ਨੀਤੀਆਂ ਦੇ ਵਿਰੋਧ ਵਿੱਚ ਸੀ ਪੀ ਆਈ ਵੱਲੋਂ ਸ਼ੁਰੂ ਕੀਤਾ ਜਾ ਰਿਹਾ ਜੇਲ੍ਹ ਭਰੋ ਅੰਦੋਲਨ ਲੋਕਾਂ ਵਿੱਚ ਭਾਜਪਾ ਦੀਆਂ ਦਮਨਕਾਰੀ ਨੀਤੀਆਂ ਵਿਰੁੱਧ ਜਿੱਥੇ ਜਾਗਰੂਕਤਾ ਪੈਦਾ ਕਰੇਗਾ, ਉੱਥੇ ਲੋਕਾਂ ਨੂੰ ਲਾਮਬੰਦ ਕਰਨ ਵਿੱਚ ਵੀ ਇਹ ਅੰਦੋਲਨ ਪ੍ਰਭਾਵਸ਼ਾਲੀ ਢੰਗ ਨਾਲ ਸਹਾਈ ਹੋਵੇਗਾ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਸਕੱਤਰ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਨੇ ਜ਼ਿਲ੍ਹਾ ਸਕੱਤਰ ਕਾਮਰੇਡ ਕੁਲਵੰਤ ਸਿੰਘ ਮੌਲਵੀਵਾਲਾ ਦੀ ਅਗਵਾਈ ਅਤੇ ਪ੍ਰੋਫੈਸਰ ਬਲਵੀਰ ਸਿੰਘ ਬੱਲੀ ਰਾਮ ਚੰਦ ਚੁਨਾਗਰਾ ਦੀ ਪ੍ਰਧਾਨਗੀ ਹੇਠ ਹੋਈ ਪਾਰਟੀ ਦੀ ਜ਼ਿਲ੍ਹਾ ਕੌਂਸਲ ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਨੇ ਕਿਹਾ ਕਿ ਭਾਜਪਾ ਵੱਲੋਂ ਧਰਮ ਨਿਰਪੱਖਤਾ ਅਤੇ ਜਮਹੂਰੀਅਤ ਦੀ ਆਵਾਜ਼ ਭਾਰਤੀ ਸੰਵਿਧਾਨ ਨੂੰ ਪੂਰੀ ਤਰ੍ਹਾਂ ਨਜ਼ਰ-ਅੰਦਾਜ਼ ਕਰਕੇ ਦੇਸ਼ ਅੰਦਰ ਸਥਾਪਤ ਕਦਰਾਂ-ਕੀਮਤਾਂ ਨੂੰ ਖਤਮ ਕੀਤਾ ਜਾ ਰਿਹਾ ਹੈ। ਫਿਰਕਾਪ੍ਰਸਤੀ ਅਤੇ ਤਾਨਾਸ਼ਾਹੀ ਦਾ ਬੋਲਬਾਲਾ ਕਾਇਮ ਕਰਕੇ ਆਰ ਐੱਸ ਐੱਸ ਦੁਆਰਾ ਸੰਚਾਲਿਤ ਨੀਤੀਆਂ ਨੂੰ ਲਾਗੂ ਕਰਨ ਵਿੱਚ ਕੇਂਦਰ ਦੀ ਭਾਜਪਾ ਸਰਕਾਰ ਕੋਈ ਕਸਰ ਬਾਕੀ ਨਹੀਂ ਛੱਡ ਰਹੀ। ਉਹਨਾਂ ਕਿਹਾ ਕਿ ਕੇਂਦਰ ਦੀ ਲੋਕ ਵਿਰੋਧੀ ਸਰਕਾਰ ਦੀਆਂ ਨੀਤੀਆਂ ਦੇ ਵਿਰੋਧ ਵਿੱਚ ਸੀ ਪੀ ਆਈ ਵੱਲੋਂ ਇੱਕ ਦਸੰਬਰ ਤੋਂ ਤਿੰਨ ਦਸੰਬਰ ਤੱਕ ਦੇਸ਼ ਭਰ ਵਿੱਚ ਜੇਲ੍ਹ ਭਰੋ ਅੰਦੋਲਨ ਦਾ ਸੱਦਾ ਦਿੱਤਾ ਗਿਆ ਹੈ ਜਿਸ ਦੀਆਂ ਵੱਡੇ ਪੱਧਰ ਉੱਤੇ ਤਿਆਰੀਆਂ ਲਗਾਤਾਰ ਚੱਲ ਰਹੀਆਂ ਹਨ।ਲੋਕਾਂ ਦੀ ਆਵਾਜ਼ ਨੂੰ ਨਜ਼ਰਅੰਦਾਜ਼ ਕਰਨ ਵਾਲੀ ਸਰਕਾਰ ਦੇ ਵਿਰੋਧ ਵਿੱਚ ਦਿੱਤੇ ਜੇਲ੍ਹ ਭਰੋ ਦੇ ਸੱਦੇ ਨੂੰ ਦੇਸ਼ ਭਰ ਵਿੱਚ ਵੱਡਾ ਹੁਲਾਰਾ ਮਿਲ ਰਿਹਾ ਹੈ। ਜ਼ਿਲ੍ਹਾ ਸਕੱਤਰ ਕਾਮਰੇਡ ਕੁਲਵੰਤ ਸਿੰਘ ਮੌਲਵੀਵਾਲਾ ਨੇ ਦੱਸਿਆ ਕਿ ਮੀਟਿੰਗ ਦੌਰਾਨ ਸਰਬ

• ਬਾਕੀ ਸਫਾ 2 'ਤੇ

ਭਾਜਪਾ ਨੂੰ ਪੰਜਾਬ ਤੋਂ ਦੂਰ ਰੱਖਣ ਲਈ ਕਾਂਗਰਸ ਉਸਾਰੂ ਰੋਲ ਨਿਭਾਏ : ਅਰਸ਼ੀ

ਦਸੰਬਰ ਦੇ ਪਹਿਲੇ ਹਫਤੇ ਜੇਲ੍ਹਾਂ ਭਰੀਆਂ ਜਾਣਗੀਆਂ : ਚੌਹਾਨ

ਬੁਢਲਾਡਾ (ਅਸ਼ੋਕ ਲਾਕੜਾ)



ਭਾਰਤੀ ਕਮਿਊਨਿਸਟ ਪਾਰਟੀ ਤਹਿਸੀਲ ਬੁਢਲਾਡਾ ਦੀ ਜਨਰਲ ਬਾਡੀ ਮੀਟਿੰਗ ਸਾਥੀ ਤਰਸੇਮ ਬੋਹਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸੈਂਕੜੇ ਸਰਗਰਮ ਵਰਕਰਾਂ ਨੇ ਹਿੱਸਾ ਲਿਆ। ਮੀਟਿੰਗ ਦੌਰਾਨ ਸੰਬੋਧਨ ਕਰਦੇ ਹੋਏ ਸੀ ਪੀ ਆਈ ਦੇ ਨੈਸ਼ਨਲ ਕੌਂਸਲ ਮੈਂਬਰ ਤੇ ਸਾਬਕਾ ਵਿਧਾਇਕ ਕਾਮਰੇਡ ਹਰਦੇਵ ਸਿੰਘ ਅਰਸ਼ੀ ਨੇ ਪੰਜਾਬੀਆਂ ਨੂੰ ਖ਼ਬਰਦਾਰ ਕੀਤਾ ਕਿ ਸਿਰੇ ਦੀ ਲੋਕ ਵਿਰੋਧੀ ਅਡਾਨੀ-ਅੰਬਾਨੀ ਦੀ ਸੇਵਕ ਤੇ ਤਾਨਾਸ਼ਾਹ ਭਾਜਪਾ ਪੰਜਾਬ ਹਥਿਆਉਣ ਲਈ ਸਿਰਧੜ ਦੀ ਬਾਜ਼ੀ ਲਾ ਰਹੀ ਹੈ। ਆਪਣੀ ਸ਼ਾਨਾਮੱਤੀ ਵਿਰਾਸਤ ਨੂੰ ਤਿਲਾਂਜਲੀ ਦੇ ਕੇ ਅਕਾਲੀ ਦਲ ਭਾਜਪਾ ਦੇ ਕੁਹਾੜੇ ਦਾ ਦਸਤਾ ਬਣਨ ਲਈ ਪੱਬਾਂ ਭਾਰ ਨਜ਼ਰ ਆਉਂਦਾ ਹੈ। ਪੰਜਾਬ ਗੁਰੂਆਂ, ਪੀਰਾਂ, ਸੂਰਬੀਰਾਂ ਤੇ ਮਹਾਨ ਦੇਸ਼ ਭਗਤਾਂ ਦੀ ਧਰਤੀ ਦੇ ਨਾਲ ਨਾਲ ਇੱਕ ਸਰਹੱਦੀ ਸੂਬਾ ਹੈ। 750 ਕਿਸਾਨਾਂ ਦੀ ਕਾਤਲ ਫਿਰਕੂ ਭਾਜਪਾ ਜੇਕਰ ਸਿੱਧੇ ਅਸਿੱਧੇ ਤਰੀਕੇ ਨਾਲ ਪੰਜਾਬ ਤੇ ਕਾਬਜ਼ ਹੁੰਦੀ ਹੈ ਤਾਂ ਇਹ ਸੂਬੇ ਤੇ ਦੇਸ਼ ਲਈ ਮਾਰੂ ਸਾਬਤ ਹੋਵੇਗਾ।

ਕਮਿਊਨਿਸਟ ਆਗੂ ਨੇ ਕਾਂਗਰਸ ਨੂੰ ਅਪੀਲ ਕੀਤੀ ਕਿ ਉਹ ਭਾਜਪਾ ਦੇ ਖ਼ਤਰੇ ਨੂੰ ਘਟਾ ਕੇ ਵੇਖਣ ਦੀ ਗਲਤੀ ਨਾ ਕਰੇ, ਅਜਿਹਾ ਕਰਨਾ ਸਿਆਸੀ ਖੁਦਕੁਸ਼ੀ ਕਰਨ ਦੇ ਤੁਲ ਹੋਵੇਗਾ। ਇੱਕ ਵੱਡੀ ਪਾਰਟੀ ਹੋਣ ਦੇ ਨਾਤੇ ਉਸ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਪੰਜਾਬ ਦੀਆਂ ਸੈਕੂਲਰ ਵੋਟਾਂ ਦੀ ਵੰਡ ਹੋਣ ਤੋਂ ਬਚਾਉਣ ਲਈ ਹਰ ਸੰਭਵ ਯਤਨ ਕਰੇ। ਅੰਤ ਵਿੱਚ ਸਾਥੀ ਅਰਸ਼ੀ ਨੇ ਪਾਰਟੀ ਵਰਕਰਾਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਉਹ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਲਈ ਸਾਰੀ ਸ਼ਕਤੀ ਨਾਲ ਤਿਆਰ ਰਹਿਣ।

ਜ਼ਿਲ੍ਹਾ ਸਕੱਤਰ ਸਾਥੀ ਕ੍ਰਿਸ਼ਨ ਸਿੰਘ ਚੌਹਾਨ ਨੇ ਆਪਣੇ ਸੰਬੋਧਨ ਵਿਚ ਪੰਜਾਬ ਤੇ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਵਿਰੁੱਧ

• ਬਾਕੀ ਸਫਾ 2 'ਤੇ

ਹਜ਼ਾਰਾਂ ਕਮਿਊਨਿਸਟ ਗ੍ਰਿਫਤਾਰੀਆਂ ਦੇਣਗੇ : ਜਗਰੂਪ

ਮੋਗਾ (ਇਕਬਾਲ ਸਿੰਘ ਖਹਿਰਾ)



ਭਾਰਤੀ ਕਮਿਊਨਿਸਟ ਪਾਰਟੀ (ਸੀ.ਪੀ.ਆਈ.) ਜ਼ਿਲ੍ਹਾ ਮੋਗਾ ਦੀ ਕੌਂਸਲ ਦੀ ਮੀਟਿੰਗ ਸ਼ੁੱਕਰਵਾਰ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਦੇ ਸਤੀਸ਼ ਲੂੰਬਾ ਹਾਲ ਵਿੱਚ ਕੀਤੀ ਗਈ। ਇਸ ਮੀਟਿੰਗ ਦੀ ਪ੍ਰਧਾਨਗੀ ਕਾਮਰੇਡ ਜਗਜੀਤ ਸਿੰਘ ਨਿਹਾਲ ਸਿੰਘ ਵਾਲਾ ਨੇ ਕੀਤੀ। ਮੀਟਿੰਗ ਦੀ ਸ਼ੁਰੂਆਤ ਤੋਂ ਪਹਿਲਾਂ ਜ਼ਿਲ੍ਹਾ ਸਕੱਤਰ ਕਾਮਰੇਡ ਕੁਲਦੀਪ ਸਿੰਘ ਭੋਲਾ ਵੱਲੋਂ ਉਘੇ ਆਗੂ ਕਾਮਰੇਡ ਦਰਸ਼ਨ ਸਿੰਘ ਮਿਸ਼ਰੀਵਾਲਾ ਦੀ ਮੌਤ ਦੀ ਜਾਣਕਾਰੀ ਉਪਰੰਤ ਸਮੁੱਚੀ ਕੌਂਸਲ ਵੱਲੋਂ ਇੱਕ ਮਿੰਟ ਦਾ ਮੌਨ ਧਾਰ ਕੇ ਕਾਮਰੇਡ ਮਿਸ਼ਰੀਵਾਲਾ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।

ਮੀਟਿੰਗ ਸ਼ੁਰੂ ਕਰਦਿਆਂ ਜ਼ਿਲ੍ਹਾ ਸਕੱਤਰ ਕਾਮਰੇਡ ਕੁਲਦੀਪ ਭੋਲਾ ਨੇ ਵੱਖ ਵੱਖ ਏਜੰਡੇ ਪਾਰਟੀ ਕੌਂਸਲ ਦੇ ਸਾਹਮਣੇ ਪੇਸ਼ ਕੀਤੇ। ਇਸ ਮੀਟਿੰਗ ਵਿੱਚ ਪਾਰਟੀ ਦੇ ਸੂਬਾ ਕੌਂਸਲ ਮੈਂਬਰ ਕਾਮਰੇਡ ਜਗਰੂਪ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਆਪਣੇ ਸੰਬੋਧਨ ਦੌਰਾਨ ਕਾਮਰੇਡ ਜਗਰੂਪ ਨੇ ਦੇਸ਼ ਵਿੱਚ ਹੋ ਰਹੀ 'ਵੋਟ ਚੋਰੀ' ਅਤੇ ਲੋਕਤੰਤਰੀ ਕਦਰਾਂ-ਕੀਮਤਾਂ 'ਤੇ ਹੋ ਰਹੇ ਹਮਲਿਆਂ 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ। ਇਸ ਦੇ ਨਾਲ ਹੀ ਉਨ੍ਹਾਂ ਨੇ ਹੈਲਥ ਬਿੱਲ ਦੇ ਲੋਕ ਵਿਰੋਧੀ ਪੱਖਾਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਸਰਕਾਰਾਂ ਸਿਹਤ ਵਰਗੀਆਂ ਬੁਨਿਆਦੀ ਸਹੂਲਤਾਂ ਦਾ ਨਿੱਜੀਕਰਨ ਕਰਕੇ ਇਨ੍ਹਾਂ ਨੂੰ ਆਮ ਲੋਕਾਂ ਦੀ ਪਹੁੰਚ ਤੋਂ ਦੂਰ ਕਰ ਰਹੀਆਂ ਹਨ। ਕੌਮਾਂਤਰੀ ਹਾਲਾਤ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਜੇ ਇੱਕ ਪਾਸੇ ਸਰਮਾਏਦਾਰੀ ਸਰਕਾਰਾਂ ਆਪਣੇ ਲੋਕਾਂ ਵਿਰੁੱਧ ਸਖ਼ਤ ਤੋਂ ਸਖ਼ਤ ਹਾਲਾਤ ਪੈਦਾ ਕਰਕੇ ਜਿਊਣਾ ਔਖਾ ਕਰ ਰਹੀਆਂ ਹਨ, ਉਥੇ ਵੱਖ-ਵੱਖ ਦੇਸ਼ਾਂ ਵਿੱਚ ਵਿਦਿਆਰਥੀ, ਨੌਜਵਾਨ, ਬੇਰੁਜ਼ਗਾਰ, ਮਜ਼ਦੂਰ ਅਤੇ ਕਿਸਾਨ ਆਪਣੇ ਹੱਕਾਂ ਲਈ ਸੜਕਾਂ 'ਤੇ ਉਤਰੇ ਹੋਏ ਹਨ। ਉਨ੍ਹਾ ਕਿਹਾ ਕਿ ਇਨ੍ਹਾਂ ਪ੍ਰਦਰਸ਼ਨਾਂ ਤੋਂ ਸਪੱਸ਼ਟ ਹੈ ਕਿ ਦੁਨੀਆ ਭਰ ਦੀ ਰਾਜਨੀਤੀ ਖੱਬੇ ਪੱਖ ਵੱਲ ਨੂੰ ਕਰਵਟ ਲੈ ਰਹੀ ਹੈ ਅਤੇ ਪ੍ਰੋਲੇਤਾਰੀ ਲਹਿਰ ਮੁੜ ਉੱਭਰ ਰਹੀ ਹੈ। ਉਨ੍ਹਾ ਜ਼ੋਰ ਦੇ ਕੇ ਕਿਹਾ ਕਿ ਅਜੋਕੇ ਸਮੇਂ ਵਿੱਚ ਇਸ ਉੱਭਰ ਰਹੀ ਲੋਕ ਲਹਿਰ ਨੂੰ ਸਹੀ ਦਿਸ਼ਾ ਦੇਣ ਲਈ ਇੱਕ ਯੋਗ ਅਤੇ ਇਨਕਲਾਬੀ ਅਗਵਾਈ ਦੀ ਸਖ਼ਤ ਲੋੜ ਹੈ। ਉਨ੍ਹਾਂ ਕਿਹਾ ਕਿ

• ਬਾਕੀ ਸਫਾ 2 'ਤੇ

ਏਅਰੋਸਿਟੀ ਵਿਸਥਾਰ ਪ੍ਰਾਜੈਕਟ ਲਈ ਜ਼ਮੀਨ ਪ੍ਰਾਪਤੀ 'ਤੇ ਰੋਕ

ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਮੁਹਾਲੀ ਜ਼ਿਲ੍ਹੇ ਦੀ ਬਠੂੜ ਤਹਿਸੀਲ ਵਿੱਚ ਏਅਰੋਟਰੋਪੋਲਿਸ (ਏਅਰੋਸਿਟੀ) ਵਿਸਥਾਰ ਪ੍ਰਾਜੈਕਟ ਲਈ ਜ਼ਮੀਨ ਪ੍ਰਾਪਤ ਕਰਨ ਦੀ ਪ੍ਰਕਿਰਿਆ 'ਤੇ ਅੰਤਰਿਮ ਰੋਕ ਲਗਾ ਦਿੱਤੀ ਹੈ। ਅਦਾਲਤ ਨੇ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕਰਕੇ ਜਵਾਬ ਮੰਗਿਆ ਹੈ ਅਤੇ ਅਗਲੀ ਸੁਣਵਾਈ ਤੱਕ ਸੰਬੰਧਤ ਜ਼ਮੀਨ ਦਾ ਮੁਆਵਜ਼ਾ ਤੈਅ ਕਰਨ ਸੰਬੰਧੀ ਐਵਾਰਡ ਪਾਸ ਕਰਨ 'ਤੇ ਰੋਕ ਲਗਾ ਦਿੱਤੀ ਹੈ। ਜਸਟਿਸ ਜੇ ਐੱਸ ਪੁਰੀ ਅਤੇ ਜਸਟਿਸ ਪਰਵਿੰਦਰ ਚੌਹਾਨ ਦੇ ਡਵੀਜ਼ਨ ਬੈਂਚ ਨੇ ਧਰਮਿੰਦਰ ਸਿੰਘ ਅਤੇ ਹੋਰਨਾਂ ਵੱਲੋਂ ਦਾਇਰ ਪਟੀਸ਼ਨ 'ਤੇ ਸੁਣਵਾਈ ਕਰਦਿਆਂ ਇਹ ਹੁਕਮ ਦਿੱਤੇ। ਇਸ ਸੰਬੰਧੀ ਵਕੀਲਾਂ ਨੇ 17 ਜ਼ਮੀਨ ਮਾਲਕਾਂ ਦਾ ਪੱਖ ਰੱਖਿਆ ਗਿਆ। ਪਟੀਸ਼ਨਕਰਤਾਵਾਂ ਨੇ ਜ਼ਮੀਨ ਪ੍ਰਾਪਤੀ, ਮੁੜ ਵਸੇਬੇ ਅਤੇ ਉਚਿਤ ਮੁਆਵਜ਼ੇ

ਚੇਅਰਮੈਨ ਢਿੱਲੋਂ ਵੱਲੋਂ ਭਾਖੜਾ ਨਹਿਰ ਦੇ ਢੱਠੇ ਪੁਲ ਦਾ ਜਾਇਜ਼ਾ

ਮਾਮਲੇ ਦੀ ਨਿਰਪੱਖ ਤੇ ਉੱਚ ਪੱਧਰੀ ਜਾਂਚ ਕਰਵਾਉਣ ਦੀ ਮੰਗ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪਟਿਆਲਾ, ਪਸਿਆਣਾ ਨੇੜੇ ਲੰਘਦੇ ਬਠਿੰਡਾ-ਜ਼ੀਰਕਪੁਰ ਨੈਸ਼ਨਲ ਹਾਈਵੇ 'ਤੇ ਭਾਖੜਾ ਨਹਿਰ ਉੱਪਰ ਬਣਿਆ ਪੁਲ ਪੂਰੀ ਤਰ੍ਹਾਂ ਢਹਿ ਜਾਣ ਦੀ ਘਟਨਾ ਨੇ ਇਲਾਕੇ ਵਿੱਚ ਚਿੰਤਾ ਦਾ ਮਾਹੌਲ ਪੈਦਾ ਕਰ ਦਿੱਤਾ ਹੈ।ਇਸ ਘਟਨਾ ਦਾ ਜਾਇਜ਼ਾ ਲੈਣ ਲਈ ਪੰਜਾਬ ਐਗਰੋ ਦੇ ਚੇਅਰਮੈਨ ਤੇ ਲੋਕ ਸਭਾ ਹਲਕਾ ਪਟਿਆਲਾ ਦੇ ਇੰਚਾਰਜ ਸ੍. ਬਲਜਿੰਦਰ ਸਿੰਘ ਢਿੱਲੋਂ ਮੌਕੇ 'ਤੇ ਪਹੁੰਚੇ ਤੇ ਪੁਲ ਦੀ ਮੌਜੂਦਾ ਸਥਿਤੀ ਦਾ ਜਾਇਜ਼ਾ ਲਿਆ।ਇਸ ਮੌਕੇ ਉਨ੍ਹਾਂ ਕਿਹਾ ਕਿ ਨੈਸ਼ਨਲ ਹਾਈਵੇ ਵਰਗੇ ਅਤਿ ਮਹੱਤਵਪੂਰਨ ਮਾਰਗ 'ਤੇ ਸਥਿਤ ਪੁਲ ਦਾ ਇਸ ਤਰ੍ਹਾਂ ਅਚਾਨਕ ਢਹਿ ਜਾਣਾ ਬੇਹੱਦ ਗੰਭੀਰ ਤੇ ਚਿੰਤਾਜਨਕ ਮਾਮਲਾ ਹੈ।ਸ੍. ਢਿੱਲੋਂ ਨੇ ਕਿਹਾ ਕਿ ਸੜਕਾਂ ਤੇ ਪੁਲ ਲੋਕਾਂ ਦੀ ਆਵਾਜਾਈ ਤੇ ਸੁਰੱਖਿਆ ਲਈ ਬਣਾਏ ਜਾਂਦੇ ਹਨ, ਪਰ ਜੇਕਰ ਨਿਰਮਾਣ ਕਾਰਜਾਂ ਵਿੱਚ ਲਾਪ੍ਰਵਾਹੀ ਜਾਂ ਬੇਨਿਯਮੀਆਂ ਹੁੰਦੀਆਂ ਹਨ ਤਾਂ ਇਸ ਦਾ ਖ਼ਮਿਆਜ਼ਾ ਆਮ ਲੋਕਾਂ ਨੂੰ ਭੁਗਤਣਾ ਪੈਂਦਾ ਹੈ।ਜਨਤਾ ਦੇ ਪੈਸੇ ਨਾਲ ਬਣਨ ਵਾਲੇ ਵਿਕਾਸ ਕਾਰਜਾਂ ਵਿੱਚ ਪਾਰਦਰਸ਼ਤਾ ਤੇ ਗੁਣਵੱਤਾ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਜਾਣੀ ਚਾਹੀਦੀ ਹੈ।ਉਨ੍ਹਾਂ ਮੰਗ ਕੀਤੀ ਕਿ ਇਸ ਪੂਰੇ ਮਾਮਲੇ ਦੀ ਨਿਰਪੱਖ ਤੇ ਉੱਚ ਪੱਧਰੀ ਜਾਂਚ ਕਰਵਾਈ ਜਾਵੇ, ਪੁਲ ਦੀ ਉਸਾਰੀ ਨਾਲ ਸਬੰਧਤ ਰਿਕਾਰਡ ਤੇ ਤਕਨੀਕੀ ਪਹਿਲੂਆਂ ਦੀ ਜਾਂਚ ਹੋਵੇ ਅਤੇ ਜ਼ਿੰਮੇਵਾਰ ਕੰਪਨੀ ਤੇ ਅਧਿਕਾਰੀਆਂ ਦੀ ਜਵਾਬਦੇਹੀ ਤੈਅ ਕੀਤੀ ਜਾਵੇ।ਜਾਂਚ ਦੌਰਾਨ ਦੋਸ਼ੀ ਪਾਏ ਜਾਣ ਵਾਲਿਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ, ਤਾਂ ਜੋ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਿਆ ਜਾ ਸਕੇ।

ਐੱਨ ਸੀ ਸੀ ਕੈਡਿਟਾਂ ਨੇ ਫਾਇਰਿੰਗ ਅਭਿਆਸ 'ਚ ਲਿਆ ਹਿੱਸਾ



ਸਮਾਣਾ (ਗੁਰਪਿਆਰ ਸਿੰਘ ਬੱਲ)-ਪੰਜਾਬ ਬਟਾਲੀਅਨ ਐੱਨ.ਸੀ.ਸੀ. ਪਟਿਆਲਾ ਵੱਲੋਂ ਪੰਜਾਬ ਪੁਲਸ ਕਮਾਂਡੋ ਟ੍ਰੇਨਿੰਗ ਸੈਂਟਰ ਬਹਾਦਰਗੜ੍ਹ ਕਿਲ੍ਹਾ (ਪਟਿਆਲਾ) ਵਿਖੇ ਸਮਾਲ ਆਰਮਜ਼ ਫਾਇਰਿੰਗ ਦਾ ਵਿਸ਼ੇਸ਼ ਅਭਿਆਸ ਕਰਵਾਇਆ ਗਿਆ।ਇਸ ਫਾਇਰਿੰਗ ਅਭਿਆਸ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਫਤਿਹਪੁਰ (ਸਮਾਣਾ) ਦੇ 21 ਐੱਨ.ਸੀ.ਸੀ. ਕੈਡਿਟਾਂ ਨੇ ਪੂਰੇ ਉਤਸ਼ਾਹ ਤੇ ਅਨੁਸ਼ਾਸਨ ਨਾਲ ਭਾਗ ਲਿਆ।ਇਸ ਮੌਕੇ ਫੌਜ ਦੇ ਅਫ਼ਸਰਾਂ ਵੱਲੋਂ ਐਡਮ. ਵਿਪੁੱਲ ਕੁਮਾਰ, ਸੂਬੇਦਾਰ ਮੇਜਰ ਹਰਵਿੰਦਰ ਸਿੰਘ, ਸੂਬੇਦਾਰ ਸੁਖਦੇਵ ਰਾਜ ਤੇ ਹੋਰ ਟਰੇਨਰਾ ਨੇ ਕੈਡਿਟਾਂ ਨੂੰ ਹਥਿਆਰ ਚਲਾਉਣ, ਸੁਰੱਖਿਆ ਨਿਯਮਾਂ ਤੇ ਸਟੀਕ ਨਿਸ਼ਾਨੇਬਾਜ਼ੀ ਦੀਆਂ ਬਾਰੀਕੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਕੈਡਿਟਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਫਾਇਰਿੰਗ ਦਾ ਅਮਲੀ ਤਜਰਬਾ ਹਾਸਲ ਕੀਤਾ।ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਸੁਨੀਤਾ ਰਾਣੀ ਤੇ ਐੱਨ.ਸੀ.ਸੀ. ਸੀਟੀਓ ਹਰਪ੍ਰੀਤ ਕੌਰ ਨੇ ਕੈਡਿਟਾਂ ਦੀ ਇਸ ਸ਼ਮੂਲੀਅਤ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਵਿੱਚ ਦੇਸ਼ ਭਗਤੀ, ਸਵੈ-ਵਿਸ਼ਵਾਸ ਤੇ ਅਨੁਸ਼ਾਸਨ ਦੀ ਭਾਵਨਾ ਪੈਦਾ ਕਰਦੀਆਂ ਹਨ।

ਬੇਟੇ ਦੀ ਯਾਦ 'ਚ ਵਿਦਿਆਰਥੀਆਂ ਨੂੰ ਕੋਟੀਆਂ ਤੇ ਬੂਟ ਵੰਡੇ



ਨਾਭਾ (ਅਮਨ ਗਰਗ)-ਸਰਦੀਆਂ ਦੇ ਮੌਸਮ ਨੂੰ ਮੁੱਖ ਰੱਖਦਿਆਂ ਸਮਾਜ ਸੇਵਿਕਾ ਨੀਲਮ ਵਰਮਾ ਵੱਲੋਂ ਆਪਣੇ ਬੇਟੇ ਅਭਿਨਵ ਦੀ ਯਾਦ ਵਿੱਚ ਸਥਾਨਕ ਆਰੀਆ ਸੀਨੀਅਰ ਸੈਕੰਡਰੀ ਸਕੂਲ ਵਿਖੇ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਇਸ ਦੌਰਾਨ ਸਕੂਲ ਦੇ ਲੋੜਵੰਦ 50 ਵਿਦਿਆਰਥੀਆਂ ਨੂੰ ਗਰਮ ਕੋਟੀਆਂ ਤੇ ਬੂਟ ਵੰਡੇ ਗਏ।ਇਸ ਮੌਕੇ ਸੰਬੋਧਨ ਕਰਦਿਆਂ ਸਮਾਜ ਸੇਵਿਕਾ ਨੀਲਮ ਵਰਮਾ ਨੇ ਕਿਹਾ ਕਿ ਬੱਚੇ ਦੇਸ਼ ਦਾ ਭਵਿੱਖ ਹਨ ਤੇ ਇਨ੍ਹਾਂ ਦੀਆਂ ਬੁਨਿਆਦੀ ਲੋੜਾਂ ਪੂਰੀਆਂ ਕਰਨਾ ਸਾਡਾ ਸਾਰਿਆਂ ਦਾ ਨੈਤਿਕ ਫਰਜ਼ ਹੈ।ਉਨ੍ਹਾਂ ਸਮਾਜ ਦੇ ਸਮਰੱਥ ਵਿਅਕਤੀਆਂ ਤੇ ਹੋਰ ਧਾਰਮਿਕ, ਸਮਾਜਿਕ ਤੇ ਸਮਾਜ ਸੇਵੀ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਉਹ ਅੱਗੇ ਆਉਣ ਤੇ ਲੋੜਵੰਦ ਬੱਚਿਆਂ ਦੀ ਪੜ੍ਹਾਈ ਤੇ ਹੋਰ ਜ਼ਰੂਰਤਾਂ ਪੂਰੀਆਂ ਕਰਨ ਵਿੱਚ ਆਪਣਾ ਯੋਗਦਾਨ ਪਾਉਣ।ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਅੱਗੇ ਤੋਂ ਵੀ ਜਾਰੀ ਰਹਿਣਗੇ।ਇਸ ਮੌਕੇ ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਗਿਆ।ਉਪਰੰਤ ਸਕੂਲ ਦੇ ਪ੍ਰਿੰਸੀਪਲ ਅਸ਼ਵਨੀ ਮਦਾਨ, ਸਕੂਲ ਪ੍ਰਬੰਧਕਾਂ ਤੇ ਭਾਰਤ ਵਿਕਾਸ ਪ੍ਰੀਸ਼ਦ ਦੇ ਅਹੁਦੇਦਾਰ ਵਿਕਾਸ ਮਿੱਤਲ, ਲਲਿਤ ਸ਼ਰਮਾ ਵੱਲੋਂ ਨੀਲਮ ਵਰਮਾ ਦੇ ਇਸ ਨੇਕ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਗਈ।

ਬਾਲ ਤੇ ਕਿਸ਼ੋਰ ਮਜ਼ਦੂਰੀ ਰੋਕਣ ਲਈ ਜ਼ਿਲ੍ਹਾ ਪੱਧਰੀ ਟਾਸਕ ਫੋਰਸ ਵੱਲੋਂ ਛਾਪੇਮਾਰੀ

ਬੱਚਿਆਂ ਦੇ ਹੱਥਾਂ 'ਚ ਕਿਤਾਬਾਂ ਚੰਗੀਆਂ ਲੱਗਦੀਆਂ, ਔਜ਼ਾਰ ਨਹੀਂ : ਕਿਰਤ ਇੰਸਪੈਕਟਰ



ਸ੍ਰੀ ਮੁਕਤਸਰ ਸਾਹਿਬ (ਸ਼ਸ਼ਿੰਦਰ ਪਾਲ, ਪੂਜਾ)-ਜ਼ਿਲ੍ਹਾ ਪੱਧਰੀ ਟਾਸਕ ਫੋਰਸ ਕਮੇਟੀ ਸ੍ਰੀ ਮੁਕਤਸਰ ਸਾਹਿਬ ਦੇ ਮੈਂਬਰਾਂ ਵੱਲੋਂ ਸ੍ਰੀ ਮੁਕਤਸਰ ਸਾਹਿਬ ਵਿੱਚ ਬਾਲ ਤੇ ਕਿਸ਼ੋਰ ਮਜ਼ਦੂਰੀ ਨੂੰ ਰੋਕਣ ਲਈ ਵਿਸ਼ੇਸ਼ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ।ਇਸ ਮੁਹਿੰਮ ਤਹਿਤ ਵੱਖ-ਵੱਖ ਥਾਵਾਂ 'ਤੇ ਅਚਨਚੇਤ ਛਾਪੇਮਾਰੀ ਕਰਕੇ 18 ਸਾਲ ਤੋਂ ਘੱਟ ਉਮਰ ਦੇ ਬਾਲ ਤੇ ਕਿਸ਼ੋਰ ਕਿਰਤੀਆਂ ਸਬੰਧੀ ਜਾਂਚ ਕੀਤੀ ਗਈ। ਇਹ ਕਾਰਵਾਈ ਡਿਪਟੀ ਕਮਿਸ਼ਨਰ ਸ੍ਰੀ ਅਮਿਤ ਕੁਮਾਰ ਪੰਚਾਲ ਅਤੇ ਕਿਰਤ ਤੇ ਸੁਲਾਹ ਅਫ਼ਸਰ ਸ੍ਰੀ ਗੁਰਪ੍ਰੀਤ ਸਿੰਘ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕੀਤੀ ਗਈ।ਛਾਪੇਮਾਰੀ ਦੌਰਾਨ ਸਬੰਧਤ ਦੁਕਾਨਦਾਰਾਂ ਨੂੰ ਸਖ਼ਤ ਤਾੜਨਾ ਕਰਦਿਆਂ ਚੇਤਾਵਨੀ ਦਿੱਤੀ ਗਈ ਕਿ ਭਵਿੱਖ ਵਿੱਚ ਕਿਸੇ ਵੀ ਬੱਚੇ ਜਾਂ ਕਿਸ਼ੋਰ ਨੂੰ ਕਾਨੂੰਨ ਦੇ ਉਲਟ ਕੰਮ 'ਤੇ ਨਾ ਰੱਖਿਆ ਜਾਵੇ ਅਤੇ ਖ਼ਾਸ ਤੌਰ 'ਤੇ ਖ਼ਤਰਨਾਕ ਅਦਾਰਿਆਂ ਵਿੱਚ ਬਾਲ ਤੇ ਕਿਸ਼ੋਰ ਕਿਰਤੀਆਂ ਤੋਂ ਕੰਮ ਨਾ ਕਰਵਾਇਆ ਜਾਵੇ।ਇਸ ਮੌਕੇ ਕਿਰਤ ਇੰਸਪੈਕਟਰ ਸ੍ਰੀ ਟਿੰਕੂ ਜੈਨ ਨੇ ਬਾਲ ਤੇ ਕਿਸ਼ੋਰ ਮਜ਼ਦੂਰੀ (ਪਾਬੰਦੀ ਤੇ ਨਿਯਮ) ਸੋਧ ਐਕਟ 2016 ਤਹਿਤ ਲਗਾਈਆਂ ਗਈਆਂ ਪਾਬੰਦੀਆਂ, ਸਜ਼ਾਵਾਂ ਤੇ ਜੁਰਮਾਨਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਬੱਚਿਆਂ ਦੇ ਹੱਥਾਂ ਵਿੱਚ ਕਿਤਾਬਾਂ ਚੰਗੀਆਂ ਲੱਗਦੀਆਂ ਹਨ, ਔਜ਼ਾਰ ਨਹੀਂ ਤੇ ਉਨ੍ਹਾਂ ਦੇ ਮੋਢਿਆਂ 'ਤੇ ਸਕੂਲ ਦਾ ਬਸਤਾ ਸੋਹਣਾ ਲੱਗਦਾ ਹੈ, ਜ਼ਿੰਮੇਵਾਰੀਆਂ ਦਾ ਬੋਝ ਨਹੀਂ। ਉਨ੍ਹਾਂ ਕਿਹਾ ਕਿ ਬਾਲ ਮਜ਼ਦੂਰੀ ਸਿਰਫ਼ ਇੱਕ ਸਮਾਜਿਕ ਬੁਰਾਈ ਨਹੀਂ, ਸਗੋਂ ਬੱਚਿਆਂ ਦੇ ਬਚਪਨ, ਸੁਪਨਿਆਂ ਤੇ ਭਵਿੱਖ ਨਾਲ ਹੋਣ ਵਾਲਾ ਅਨਿਆਂ ਹੈ।ਹਰ ਬੱਚੇ ਨੂੰ ਸਿੱਖਿਆ ਪ੍ਰਾਪਤ ਕਰਨ, ਖੇਡਣ ਤੇ ਆਪਣੇ ਸੁਪਨੇ ਪੂਰੇ ਕਰਨ ਦਾ ਅਧਿਕਾਰ ਹੈ। ਗਰੀਬੀ ਜਾਂ ਮਜਬੂਰੀ ਦੇ ਨਾਂ 'ਤੇ ਕਿਸੇ ਵੀ ਬੱਚੇ ਤੋਂ ਉਸ ਦਾ ਬਚਪਨ ਖੋਹਣਾ ਜਾਇਜ਼ ਨਹੀਂ ਹੈ।ਉਨ੍ਹਾਂ ਦੁਕਾਨਦਾਰਾਂ ਤੇ ਕਾਰੋਬਾਰੀਆਂ ਨੂੰ ਅਪੀਲ ਕੀਤੀ ਕਿ ਬਾਲ ਮਜ਼ਦੂਰੀ ਨੂੰ ਰੋਕਣ ਲਈ ਪ੍ਰਸ਼ਾਸਨ ਦਾ ਸਹਿਯੋਗ ਕਰਨ।ਇਸ ਮੌਕੇ ਸਿਹਤ ਵਿਭਾਗ ਤੇ ਪੁਲਸ ਵਿਭਾਗ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।

ਡਾ. ਅਰੋੜਾ ਨੇ ਵਿਦਿਆਰਥੀ ਜਥੇਬੰਦੀ ਦੇ ਅਹੁਦੇਦਾਰਾਂ ਨੂੰ ਕੀਤਾ ਸਨਮਾਨਤ



ਮੋਗਾ (ਇਕਬਾਲ ਸਿੰਘ ਖਹਿਰਾ)-ਆਮ ਆਦਮੀ ਪਾਰਟੀ ਦੇ ਵਿਦਿਆਰਥੀ ਵਿੰਗ ਏ.ਐੱਸ.ਏ.ਪੀ. ਵੱਲੋਂ ਸਰਕਾਰੀ ਆਈ.ਟੀ.ਆਈ. ਮੋਗਾ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਵਿਦਿਆਰਥੀ ਜਥੇਬੰਦੀ ਦੇ ਪ੍ਰਧਾਨਗੀ ਦੇ ਅਹੁਦੇ ਲਈ ਉਮੀਦਵਾਰ ਹਿਮਾਂਥਨ ਸ਼ਰਮਾ ਤੇ ਸੀਨੀਅਰ ਪ੍ਰਧਾਨ ਅਰਮਾਨ ਸਿੱਧੂ ਨੂੰ ਸਨਮਾਨਤ ਕੀਤਾ।ਉਨ੍ਹਾਂ ਨੂੰ ਨਵੀਆਂ ਜ਼ਿੰਮੇਵਾਰੀਆਂ ਮਿਲਣ 'ਤੇ ਵਧਾਈ ਦਿੱਤੀ ਤੇ ਮੂੰਹ ਮਿੱਠਾ ਕਰਵਾ ਕੇ ਸ਼ੁੱਭ-ਕਾਮਨਾਵਾਂ ਭੇਟ ਕੀਤੀਆਂ।ਇਸ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਨੌਜਵਾਨ ਸਾਥੀਆਂ ਨਾਲ ਮੁਲਾਕਾਤ ਕੀਤੀ ਤੇ ਉਨ੍ਹਾਂ ਦੇ ਵਿਚਾਰ ਸੁਣੇ।ਉਨ੍ਹਾਂ ਵਿਦਿਆਰਥੀਆਂ ਨਾਲ ਜੁੜੇ ਵੱਖ-ਵੱਖ ਮੁੱਦਿਆਂ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ।ਉਨ੍ਹਾਂ ਕਿਹਾ ਕਿ ਨੌਜਵਾਨਾਂ ਵਿੱਚ ਅਗਵਾਈ ਦੀ ਸਮਰੱਥਾ ਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਉਤਸ਼ਾਹਤ ਕਰਨਾ ਬਹੁਤ ਜ਼ਰੂਰੀ ਹੈ।ਉਨ੍ਹਾਂ ਨੂੰ ਪੂਰੀ ਉਮੀਦ ਹੈ ਕਿ ਹਿਮਾਂਥਨ ਸ਼ਰਮਾ ਤੇ ਅਰਮਾਨ ਸਿੱਧੂ ਆਪਣੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਂਦੇ ਹੋਏ ਵਿਦਿਆਰਥੀਆਂ ਦੀ ਆਵਾਜ਼ ਬਣਨਗੇ ਅਤੇ ਉਨ੍ਹਾਂ ਦੇ ਮੁੱਦਿਆਂ ਨੂੰ ਸਬੰਧਤ ਮੰਚ ਤੱਕ ਪਹੁੰਚਾਉਣ ਵਿੱਚ ਆਪਣੀ ਭੂਮਿਕਾ ਨਿਭਾਉਣਗੇ।ਅੰਤ 'ਚ ਉਨ੍ਹਾਂ ਨੇ ਸਮੂਹ ਨੌਜਵਾਨ ਸਾਥੀਆਂ ਨੂੰ ਨਵੀਆਂ ਜ਼ਿੰਮੇਵਾਰੀਆਂ ਲਈ ਦਿਲੋਂ ਵਧਾਈ ਦਿੱਤੀ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਕਬੱਡੀ ਤੇ ਕਿੱਕ ਬਾਕਸਿੰਗ ਦੇ ਰਾਜ ਪੱਧਰੀ ਮੁਕਾਬਲੇ



ਸੁਨਾਮ, ਦਿੜ੍ਹਬਾ (ਅਸ਼ੋਕ ਬਾਂਸਲ, ਹਾਕਮ ਭੱਟੀ)

'ਖੇਡਾਂ ਵਤਨ ਪੰਜਾਬ ਦੀਆਂ' ਦੇ ਚੌਥੇ ਸੀਜ਼ਨ ਤਹਿਤ ਜ਼ਿਲ੍ਹਾ ਸੰਗਰੂਰ ਵਿੱਚ ਨੈਸ਼ਨਲ ਸਟਾਈਲ ਕਬੱਡੀ ਤੇ ਕਿੱਕ ਬਾਕਸਿੰਗ ਦੇ ਰਾਜ ਪੱਧਰੀ ਮੁਕਾਬਲੇ ਜਾਰੀ ਹਨ।ਸ਼ਹੀਦ ਬਚਨ ਸਿੰਘ ਖੇਡ ਸਟੇਡੀਅਮ, ਦਿੜ੍ਹਬਾ ਵਿਖੇ ਲੜਕੀਆਂ ਦੇ ਅੰਡਰ-14, ਅੰਡਰ-17 ਤੇ ਅੰਡਰ-21 ਵਰਗਾਂ ਦੇ ਕਬੱਡੀ ਕੁਆਰਟਰ ਫਾਈਨਲ ਮੁਕਾਬਲੇ ਕਰਵਾਏ ਗਏ।ਇਸੇ ਤਰ੍ਹਾਂ ਵਾਰ ਹੀਰੋਜ਼ ਸਟੇਡੀਅਮ, ਸੰਗਰੂਰ ਵਿਖੇ ਲੜਕਿਆਂ ਦੇ ਅੰਡਰ-14, ਅੰਡਰ-17, ਅੰਡਰ-21, 21 ਤੋਂ 30 ਸਾਲ ਤੇ 31 ਤੋਂ 40 ਸਾਲ ਉਮਰ ਵਰਗਾਂ ਦੇ ਕਿੱਕ ਬਾਕਸਿੰਗ ਮੁਕਾਬਲੇ ਕਰਵਾਏ ਗਏ।ਜ਼ਿਲ੍ਹਾ ਖੇਡ ਅਫ਼ਸਰ ਨਵਦੀਪ ਸਿੰਘ ਨੇ ਦੱਸਿਆ ਕਿ ਇਨ੍ਹਾਂ ਰਾਜ ਪੱਧਰੀ ਮੁਕਾਬਲਿਆਂ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਖਿਡਾਰੀ ਉਤਸ਼ਾਹ ਨਾਲ ਹਿੱਸਾ ਲੈ ਰਹੇ ਹਨ।ਉਨ੍ਹਾਂ ਕਿਹਾ ਕਿ ਅਜਿਹੇ ਮੁਕਾਬਲੇ ਖਿਡਾਰੀਆਂ ਨੂੰ ਆਪਣੀ ਖੇਡ ਕਾਬਲੀਅਤ ਦਿਖਾਉਣ ਤੇ ਅੱਗੇ ਵਧਣ ਦਾ ਮੌਕਾ ਦਿੰਦੇ ਹਨ।ਸਾਡੀ ਕੋਸ਼ਿਸ਼ ਹੈ ਕਿ ਸੰਗਰੂਰ ਜ਼ਿਲ੍ਹੇ ਵਿੱਚ ਪਹੁੰਚਣ ਵਾਲੇ ਹਰ ਖਿਡਾਰੀ ਨੂੰ ਮੁਕਾਬਲਿਆਂ ਲਈ ਢੁੱਕਵਾਂ ਮਾਹੌਲ ਮਿਲੇ।ਇਸ ਮੌਕੇ ਸੰਗਰੂਰ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਪ੍ਰੀਤਮ ਸਿੰਘ ਪੀਤੂ, ਨਗਰ ਪੰਚਾਇਤ ਦਿੜ੍ਹਬਾ ਦੇ ਮਨਿੰਦਰ ਸਿੰਘ ਘੁਮਾਣ, ਪ੍ਰੋ. ਕਬੱਡੀ ਦੇ ਉੱਘੇ ਖਿਡਾਰੀ ਰਣ ਸਿੰਘ ਰਣੀਆ, ਮਹਾਰਾਜਾ ਰਣਜੀਤ ਸਿੰਘ ਐਵਾਰਡੀ ਕਬੱਡੀ ਖਿਡਾਰਨ ਹਰਵਿੰਦਰ ਕੌਰ ਤੇ ਬਲਾਕ ਸੰਮਤੀ ਦਿੜ੍ਹਬਾ ਦੀ ਚੇਅਰਪਰਸਨ ਮਨਜੀਤ ਕੌਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਉਨ੍ਹਾਂ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਤੇ ਉਨ੍ਹਾਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ।ਕਿੱਕ ਬਾਕਸਿੰਗ ਦੇ ਅੰਡਰ-21 ਵਰਗ ਦੇ 63 ਕਿਲੋ ਭਾਰ ਵਰਗ ਵਿੱਚ ਫ਼ਾਜ਼ਿਲਕਾ ਦੇ ਸੰਜੀਵ ਸਿੰਘ ਨੇ ਪਹਿਲਾ ਤੇ ਬਠਿੰਡਾ ਦੇ ਯੁਵਰਾਜ ਸਿੰਘ ਨੇ ਦੂਜਾ ਸਥਾਨ ਹਾਸਲ ਕੀਤਾ।ਅੰਮ੍ਰਿਤਸਰ ਸਾਹਿਬ ਦੇ ਸਮਰਪ੍ਰੀਤ ਸਿੰਘ ਤੇ ਸ੍ਰੀ ਮੁਕਤਸਰ ਸਾਹਿਬ ਦੇ ਰਾਜਵਿੰਦਰ ਸਿੰਘ ਸਾਂਝੇ ਤੌਰ 'ਤੇ ਤੀਜੇ ਸਥਾਨ 'ਤੇ ਰਹੇ।ਇਸੇ ਉਮਰ ਵਰਗ ਦੇ 69 ਕਿੱਲੋ ਭਾਰ ਵਰਗ ਵਿੱਚ ਪਵਨ ਕੁਮਾਰ ਨੇ ਪਹਿਲਾ, ਅਦਿੱਤਿਆ ਰਾਣਾ ਨੇ ਦੂਜਾ, ਜਦਕਿ ਸਮੀਤ ਤੇ ਆਕਾਸ਼ਦੀਪ ਨੇ ਸਾਂਝੇ ਤੌਰ 'ਤੇ ਤੀਜਾ ਸਥਾਨ ਪ੍ਰਾਪਤ ਕੀਤਾ।84 ਕਿੱਲੋ ਭਾਰ ਵਰਗ ਵਿੱਚ ਰਾਘਵ ਪਹਿਲੇ, ਅੰਕਿਤ ਸ਼ਰਮਾ ਦੂਜੇ ਅਤੇ ਹਿੰਮਤਵੀਰ ਤੇ ਦਿਲਜੀਤ ਸਿੰਘ ਸਾਂਝੇ ਤੌਰ 'ਤੇ ਤੀਜੇ ਸਥਾਨ 'ਤੇ ਰਹੇ।ਕਬੱਡੀ ਨੈਸ਼ਨਲ ਸਟਾਈਲ ਦੇ 21 ਤੋਂ 30 ਸਾਲ ਲੜਕੀਆਂ ਦੇ ਸੈਮੀਫਾਈਨਲ ਮੁਕਾਬਲੇ ਵਿੱਚ ਰੂਪਨਗਰ ਦੀ ਟੀਮ ਨੇ ਸ੍ਰੀ ਮੁਕਤਸਰ ਸਾਹਿਬ ਦੀ ਟੀਮ ਨੂੰ ਹਰਾਇਆ।

ਲੁੱਟ-ਖੋਹ ਦੀਆਂ ਵਾਰਦਾਤਾਂ ਕਰਨ ਵਾਲੇ ਤਿੰਨ ਮੁਲਜ਼ਮ ਗ੍ਰਿਫ਼ਤਾਰ

10 ਮੋਬਾਈਲ, ਮੋਟਰਸਾਈਕਲ, ਨਕਦੀ ਬਰਾਮਦ



ਸੰਗਰੂਰ (ਪ੍ਰਵੀਨ ਸਿੰਘ)

ਐੱਸ.ਐੱਸ.ਪੀ. ਸੰਗਰੂਰ ਡਾ. ਰਵਜੋਤ ਗਰੇਵਾਲ ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਨੇ ਲੁੱਟ-ਖੋਹ ਦੇ ਇੱਕ ਮਾਮਲੇ ਦੀ ਜਾਂਚ ਕਰਦਿਆਂ 24 ਘੰਟਿਆਂ ਅੰਦਰ ਮੁਲਜ਼ਮਾਂ ਦੀ ਪਛਾਣ ਕੀਤੀ ਗਈ ਤੇ ਜਾਂਚ ਦੌਰਾਨ ਸੰਗਰੂਰ ਇਲਾਕੇ ਵਿੱਚ ਵਾਪਰੀਆਂ ਦੋ ਹੋਰ ਵਾਰਦਾਤਾਂ ਬਾਰੇ

ਡੱਲਾ ਵਿਖੇ ਹਲਕਾ ਇੰਚਾਰਜ ਨੇ ਮਾਲਕਾਨਾ ਹੱਕ ਸਰਟੀਫਿਕੇਟ ਵੰਡੇ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)- ਭਗਵੰਤ ਮਾਨ ਸਰਕਾਰ ਵੱਲੋਂ ਆਮ ਲੋਕਾਂ ਨੂੰ ਉਨ੍ਹਾਂ ਦੇ ਬਣਦੇ ਹੱਕ ਦੇਣ ਲਈ ਚਲਾਈ ਜਾ ਰਹੀ ਮੇਰਾ ਘਰ ਮੇਰੇ ਨਾਮ ਯੋਜਨਾ ਤਹਿਤ ਸ਼ੁੱਕਰਵਾਰ ਹਲਕਾ ਦੀਨਾਨਗਰ ਦੇ ਪਿੰਡ ਡੱਲਾ ਵਿਖੇ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।

ਇਸ ਮੌਕੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਸ਼ਸ਼ੇਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਪਿੰਡ ਦੀ ਲਾਲ ਲਕੀਰ ਦੇ ਅੰਦਰ ਰਹਿੰਦੇ ਯੋਗ ਪਰਵਾਰਾਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕਾਨਾ ਹੱਕ ਦੇ ਸਰਟੀਫਿਕੇਟ ਵੰਡੇ।

ਇਸ ਮੌਕੇ ਨਾਇਬ ਤਹਿਸੀਲਦਾਰ ਦੀਨਾਨਗਰ ਸੁਖਵਿੰਦਰ ਸਿੰਘ, ਬਲਾਕ ਪ੍ਰਧਾਨ ਬਲਜੀਤ ਸਿੰਘ ਫੌਜੀ ਅਤੇ ਮਨਜੀਤ ਸਿੰਘ ਸੁੰਦੜ ਵੀ ਮੌਜੂਦ ਸਨ। ਸਮਾਗਮ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਸ਼ਸ਼ਸ਼ੇਰ ਸਿੰਘ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਅਣਦੇਖੀ ਕਾਰਨ ਦਹਾਕਿਆਂ ਤੋਂ ਲਾਲ ਲਕੀਰ ਦੇ ਅੰਦਰ ਵੱਸਦੇ ਪਰਵਾਰਾਂ ਕੋਲ ਆਪਣੀ ਹੀ ਜਾਇਦਾਦ ਦਾ ਕੋਈ ਪੱਕਾ ਮਾਲਕਾਨਾ ਸਬੂਤ ਨਹੀਂ ਸੀ, ਜਿਸ ਕਾਰਨ ਉਨ੍ਹਾਂ ਨੂੰ ਬੈਂਕ ਕਰਜ਼ੇ ਲੈਣ ਜਾਂ ਜਾਇਦਾਦ ਦੀ ਖਰੀਦੋ-ਫਰੋਖਤ ਸਮੇਂ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ।

ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਮੇਰਾ ਘਰ ਮੇਰੇ ਨਾਮ ਯੋਜਨਾ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਕੇ ਇਨ੍ਹਾਂ ਪਰਵਾਰਾਂ ਨੂੰ ਵੱਡੀ ਰਾਹਤ ਦਿੱਤੀ ਹੈ। ਉਨ੍ਹਾਂ ਕਿਹਾ ਕਿ ਮਾਲਕਾਨਾ ਹੱਕ ਮਿਲਣ ਨਾਲ ਜਿੱਥੇ ਲੋਕਾਂ ਦੀ ਜਾਇਦਾਦ ਸੁਰੱਖਿਅਤ ਹੋਈ ਹੈ, ਉੱਥੇ ਹੀ ਪਿੰਡਾਂ ਵਿੱਚ ਜ਼ਮੀਨੀ ਝਗੜਿਆਂ ਦਾ ਵੀ ਪੱਕਾ ਹੱਲ ਹੋਵੇਗਾ।

ਸ੍ਰੀ ਬ੍ਰਾਹਮਣ ਸਭਾ ਪੰਜਾਬ ਨੇ ਮੀਟਿੰਗ ਦੌਰਾਨ ਕੀਤੀਆਂ ਅਹਿਮ ਵਿਚਾਰਾਂ

ਫਤਿਹਗੜ੍ਹ ਚੂੜੀਆਂ, ਗੁਰਦਾਸਪੁਰ (ਜਸਦੇਵ ਸਿੰਘ ਮਾਨ, ਦਿਨੇਸ਼ ਕੁਮਾਰ)- ਬੀਤੇ ਦਿਨੀਂ ਸ੍ਰੀ ਬ੍ਰਾਹਮਣ ਸਭਾ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦੀ ਤ੍ਰੈਮਾਸਿਕ ਸਧਾਰਨ ਸਭਾ ਦੀ ਮੀਟਿੰਗ ਭਗਵਾਨ ਸ੍ਰੀ ਪਰਸ਼ੂਰਾਮ ਮੰਦਰ ਬ੍ਰਾਹਮਣ ਸਭਾ ਮੰਡੀ ਗੁਰਦਾਸਪੁਰ ਵਿਖੇ ਪ੍ਰਧਾਨ ਡੀਪੀ ਗੋਸਾਈ ਦੀ ਪ੍ਰਧਾਨਗੀ ਵਿੱਚ ਹੋਈ। ਜਿਸ ਵਿੱਚ ਲਗਭਗ ਸਾਰੀਆਂ ਸ਼ਖਾਵਾਂ ਦੇ ਨੁਮਾਇੰਦਿਆਂ ਨੇ ਭਾਗ ਲਿਆ। ਮੀਟਿੰਗ ਦਾ ਮੁੱਖ ਮੁੱਦਾ ਸ੍ਰੀ ਬ੍ਰਾਹਮਣ ਸਭਾ ਜ਼ਿਲ੍ਹਾ ਗੁਰਦਾਸਪੁਰ ਦੀਆਂ ਇਕਾਈਆਂ ਨੂੰ ਮਜ਼ਬੂਤ ਕਰਨਾ, ਗਰੀਬ ਬ੍ਰਾਹਮਣ ਪਰਵਾਰਾਂ ਦੀ ਆਰਥਿਕ ਮਦਦ ਤੇ ਭਲਾਈ ਫੰਡ ਦੀ ਸਥਾਪਨ ਕਰਨਾ ਸੀ। ਮੀਟਿੰਗ ਦੌਰਾਨ ਸਰਬ ਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਹਰ ਇੱਕ ਇਕਾਈ ਨੂੰ ਜ਼ਿਲ੍ਹੇ ਦੀ ਟੀਮ ਜਾਤੀ ਤੌਰ 'ਤੇ ਮਿਲ ਕੇ ਉਹਨਾਂ ਨੂੰ ਆ ਰਹੀਆਂ ਦਰਪੇਸ਼ ਅੰਕੜਾਂ ਦਾ ਹੱਲ ਕਰੇਗੀ ਤੇ ਉਹਨਾਂ ਨੂੰ ਜ਼ਿਲ੍ਹੇ ਨਾਲ ਜੁੜਨ ਲਈ ਕਿਹਾ ਜਾਵੇਗਾ। ਇਹ ਵੀ ਫੈਸਲਾ ਕੀਤਾ ਗਿਆ ਕਿ ਸੰਪਨ ਪਰਵਾਰਾਂ ਵੱਲੋਂ ਆਰਥਿਕ ਸਹਾਇਤਾ ਲੈ ਕੇ ਭਲਾਈ ਫੰਡ ਤਿਆਰ ਕੀਤਾ ਜਾਵੇਗਾ ਅਤੇ ਲੋੜਵੰਦ ਪਰਵਾਰਾਂ ਦੀ ਮਦਦ ਕੀਤੀ ਜਾਵੇਗੀ ਤਾਂ ਜੋ ਉਹਨਾਂ ਦਾ ਜੀਵਨ ਪੱਧਰ ਉੱਚਾ ਚੁੱਕਿਆ ਜਾ ਸਕੇ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਗੋਸਾਈ ਨੇ ਸਭਾ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬ੍ਰਾਹਮਣ ਸਭਾ ਪੰਜਾਬ ਦਾ ਕੋਈ ਵੀ ਸੰਗਠਨ ਸਾਰੀਆਂ ਯੂਨਿਟਾਂ ਨੂੰ ਨਾਲ ਲੈ ਕੇ ਕੰਮ ਨਹੀਂ ਕਰ ਰਿਹਾ ਤੇ ਤਹਿ ਸਮੇਂ ਤੋਂ ਬਾਅਦ ਪ੍ਰਧਾਨਗੀ ਛੱਡਣ ਲਈ ਵੀ ਤਿਆਰ ਨਹੀਂ।ਜਿਸ ਨਾਲ ਬ੍ਰਾਹਮਣ ਸਭਾ ਦੀਆਂ ਇਕਾਈਆਂ ਦਾ ਉਹਨਾਂ ਪ੍ਰਤੀ ਵਿਸ਼ਵਾਸ ਘਟਦਾ ਜਾ ਰਿਹਾ ਤੇ ਇਸ ਨਾਲ ਵਿਕਾਸ ਕੰਮ ਵੀ ਪ੍ਰਭਾਵਿਤ ਹੋ ਰਹੇ ਹਨ।ਇਸ ਲਈ ਲੋਕਤੰਤਰੀ ਪ੍ਰਕਿਰਿਆ ਮੁਤਾਬਿਕ ਸ੍ਰੀ ਬ੍ਰਾਹਮਣ ਸਭਾ



ਦੇ ਸੰਵਿਧਾਨ ਅਨੁਸਾਰ ਨਿਰਧਾਰਤ ਸਮੇਂ ਸੀਮਾ ਦੇ ਬਾਅਦ ਸਾਰੇ ਅਹੁਦੇਦਾਰਾਂ ਨੂੰ ਆਪਣਾ ਅਹੁਦਾ ਛੱਡ ਕੇ ਮਿਸਾਲ ਕਾਇਮ ਕਰਨੀ ਚਾਹੀਦੀ ਹੈ। ਉਹਨਾਂ ਨੇ ਕਿਹਾ ਕਿ ਮਜ਼ਬੂਤ ਇਕਾਈਆਂ ਮਜ਼ਬੂਤ ਜ਼ਿਲ੍ਹਾ ਬਣਾਉਂਦੀਆਂ ਤੇ ਮਜ਼ਬੂਤ ਜ਼ਿਲ੍ਹੇ ਪੰਜਾਬ ਦੀ ਸਭਾ ਨੂੰ ਮਜ਼ਬੂਤ ਬਣਾਉਂਦੇ ਹਨ ਤੇ ਮਜ਼ਬੂਤ ਸਭਾ ਹੀ ਸਰਕਾਰ ਕੋਲੋਂ ਆਪਣੀਆਂ ਪੈਂਡਿੰਗ ਮੁਸ਼ਕਿਲਾਂ ਦਾ ਹੱਲ ਕਰਵਾ ਸਕਦੀ ਹੈ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਡੀਪੀ ਗੋਸਾਈ ਤੋਂ ਇਲਾਵਾ ਰੋਹਿਤ ਸ਼ਰਮਾ ਸੈਕਟਰੀ, ਸੁਨੀਲ ਸ਼ਰਮਾ ਆਡੀਟਰ , ਕਮਲਜੀਤ ਸ਼ਰਮਾ ਸੀਨੀਅਰ ਵਾਈਸ ਪ੍ਰਧਾਨ, ਰੂਪ ਲਾਲ ਜੋਸ਼ੀ ਸੀਨੀਅਰ ਵਾਈਸ ਪ੍ਰਧਾਨ, ਵਿਨੋਦ ਸ਼ਰਮਾ, ਨਰੇਸ਼ ਸ਼ਰਮਾ, ਅਸ਼ੋਕ ਸ਼ਰਮਾ, ਪਵਨ ਰਾਏ, ਰਵਿੰਦਰ ਸ਼ਰਮਾ ਆਦਿ ਹਾਜ਼ਰ ਸਨ।

ਪਾਵਰਕੌਮ ਪੈਨਸ਼ਨਰਜ਼ ਐਸੋਸੀਏਸ਼ਨ ਦੀ ਹੰਗਾਮੀ ਮੀਟਿੰਗ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)- ਪੰਜਾਬ ਰਾਜ ਬਿਜਲੀ ਬੋਰਡ ਆਲ ਕੈਡਰਜ਼ ਪੈਨਸ਼ਨਰਜ਼ ਐਸੋਸੀਏਸ਼ਨ ਪੰਜਾਬ ਕਮੇਟੀ ਦੀ ਮੀਟਿੰਗ ਮਿਤੀ 19 ਨਵੰਬਰ ਨੂੰ ਪੰਜਾਬ ਰੋਡਵੇਜ਼ ਬਟਾਲਾ ਵਰਕਸ਼ਾਪ ਦਫਤਰ ਵਿਖੇ ਜੋਧੀ ਸਿੰਘ ਸਰਪ੍ਰਸਤ ਪ੍ਰਧਾਨ ਦੀ ਪ੍ਰਧਾਨਗੀ ਹੇਠ ਕੀਤੀ ਗਈ । ਜਿਸ ਵਿੱਚ ਪੰਜਾਬ, ਸਰਕਲ, ਮੰਡਲ ਕਮੇਟੀ ਦੇ ਮੈਂਬਰਾਂ ਨੇ ਹਿੱਸਾ ਲਿਆ।ਮੀਟਿੰਗ ਨੂੰ ਪੈਨਸ਼ਨਰ ਆਗੂ ਪ੍ਰਾਣਨਾਥ , ਐਮ ਐਲ ਸੋਨੀ, ਜਗਦੀਸ਼ ਭਾਰਦਵਾਜ, ਵਰਿਆਮ ਮਸੀਹ, ਜਗੀਰ ਸਿੰਘ ਸੈਣੀ, ਹਰਭਜਨ ਸਿੰਘ ਝੰਜੋਟੀ, ਜੋਧੀ ਸਿੰਘ ਔਲਖ ਨੇ ਸੰਬੋਧਨ ਕਰਦਿਆਂ ਪੰਜਾਬ ਸਰਕਾਰ/ ਪਾਵਰਕਾਮ ਦੀ ਮੈਨੇਜਮੈਂਟ ਤੋਂ ਮੰਗ ਕੀਤੀ ਕਿ ਮੰਨੀਆਂ ਹੋਈਆਂ ਮੰਗਾਂ ਲਾਗੂ ਕੀਤੀਆਂ ਜਾਣ ਜਿਵੇਂ ਕਿ ਛੇਵਾਂ ਪੇ ਕਮਿਸ਼ਨ ਦੀ ਸਿਫਾਰਸ਼ ਅਨੁਸਾਰ ਪੈਨਸ਼ਨ ਦੋਹਰਾਈ 2.59 ਫੈਕਟਰ ਨਾਲ 1-1-16 ਬਣਦਾ ਬਕਾਇਆ ਦੇਣ ਬਾਰੇ, ਡੀਏ ਦਾ ਪਿਛਲਾ ਬਕਾਇਆ ਮਿਤੀ ਜਨਵਰੀ 2016 ਤੋਂ ਦੇਣ ਬਾਰੇ, ਕੇਂਦਰ ਦੀ ਤਰਜ਼ 'ਤੇ ਡੀਏ 63% ਪੱਤਰ ਜਾਰੀ ਕਰਨ ਬਾਰੇ ਜਨਵਰੀ 2004 ਤੋਂ ਭਰਤੀ ਕੀਤੇ ਕਾਮੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਬਾਰੇ, 23 ਸਾਲਾ ਸਕੇਲ ਹਰੇਕ ਪੈਨਸ਼ਨਰ ਨੂੰ ਬਿਨਾਂ ਸ਼ਰਤ ਦੇਣ ਬਾਰੇ, 200 ਰੁਪਏ ਡਿਵੈਲਪਮੈਂਟ ਫੰਡ ਹਿਸੇ ਵਜੋਂ ਸ਼ੇਅਰ ਰੂਪ ਵਿੱਚ ਰੱਖਿਆ ਜਾਵੇ, ਮੈਡੀਕਲ ਭੱਤਾ 2000 ਰੁਪਏ ਮਹੀਨਾ ਕਰਨਾ ਅਤੇ ਮੈਡੀਕਲ ਕੈਸ਼ਲੈਸ ਲਾਗੂ ਕਰਨ ਬਾਰੇ, ਮੁਲਾਜ਼ਮ ਪੈਨਸ਼ਨਰਾਂ ਦੇ ਹੱਕ ਵਿੱਚ ਅਦਾਲਤੀ ਫੈਸਲੇ ਜਰਨਲਾਈਜ਼ ਕਰਨਾ ਅਤੇ ਵਕੀਲਾਂ ਤੋਂ ਨਜਾਇਜ਼ ਖਰਚਿਆਂ ਤੋਂ ਬਚਾਇਆ ਜਾਵੇ। ਇਸ ਮੌਕੇ ਹਰਭਜਨ ਸਿੰਘ ਨੰਬਰਦਾਰ ਓਮ ਪ੍ਰਕਾਸ਼ ਸੰਤੋਖ ਸਿੰਘ ਰੰਧਾਵਾ ਸਰਬਜੀਤ ਸਿੰਘ ਧਾਰੀਵਾਲ ਜੋਗਿੰਦਰ ਪਾਲ ਕੁਲਜੀਤ ਸਿੰਘ ਰਤਨ ਸਿੰਘ ਘਈ, ਸੁਦਾਗਰ ਲਾਲ, ਮੰਗਲ ਸਿੰਘ, ਅਸ਼ੋਕ ਕੁਮਾਰ ਆਦਿ ਪੈਨਸ਼ਨਰ ਹਾਜ਼ਰ ਸਨ।

ਆਰ ਐਮ ਪੀ ਆਈ ਵੱਲੋਂ 6 ਨੂੰ ਕੀਤੀ ਜਾ ਰਹੀ ਮਾਣੋਚਾਹਲ 'ਚ ਰਾਜਨੀਤਿਕ ਕਾਨਫਰੰਸ ਦੀਆਂ ਤਿਆਰੀਆਂ

ਤਰਨ ਤਾਰਨ (ਪ੍ਰਿਤਪਾਲ ਸਿੰਘ)- ਨਸ਼ਿਆਂ ਚ ਸੜ ਰਹੀ ਜਵਾਨੀ, ਗੈਂਗਸਟਰਵਾਦ, ਬੇਰੁਜ਼ਗਾਰੀ, ਸਿੱਖਿਆ, ਸਿਹਤ, ਮਹਿੰਗਾਈ ਪੰਜਾਬ ਅੰਦਰ ਅੱਤ ਦਾ ਫੈਲਿਆ ਭ੍ਰਿਸ਼ਟਾਚਾਰ ਵਿਰੁੱਧ 6 ਦਸੰਬਰ ਨੂੰ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਵੱਲੋਂ ਪਿੰਡ ਮਾਣੋਚਾਹਲ ਵਿਖੇ ਰਾਜਨੀਤਿਕ ਕਾਨਫਰੰਸ ਕੀਤੀ ਜਾਵੇਗੀ ਅਤੇ ਇਹਨਾਂ ਮੁਦਿਆਂ ਨੂੰ 2017 ਦੇ ਅਸੈਂਬਲੀ ਇਲੈਕਸ਼ਨ ਦੌਰਾਨ ਉਭਾਰਿਆ ਜਾਵੇਗਾ ਅਤੇ ਰਾਜਨੀਤਕ ਪਾਰਟੀਆਂ ਨੂੰ ਚੋਣ ਮੈਨੀਫੈਸਟੋ ਵਿੱਚ ਇਹਨਾਂ ਮੁੱਦਿਆਂ ਨੂੰ ਦਰਜ ਕਰਨ ਲਈ ਮਜਬੂਰ ਕੀਤਾ ਜਾਵੇਗਾ।



ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਜ਼ਿਲ੍ਹਾ ਸਕੱਤਰੇਤ ਮੈਂਬਰ ਬਲਦੇਵ ਸਿੰਘ ਪੰਡੋਰੀ ਨੇ ਪਿੰਡ ਕੈਰੋਵਾਲ ਵਿਖੇ ਜਸਬੀਰ ਕੌਰ ਦੀ ਪ੍ਰਧਾਨਗੀ 'ਚ ਮੀਟਿੰਗ ਨੂੰ ਸੰਬੋਧਨ ਕਰਦੇ ਕੀਤਾ । ਉਹਨਾਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਗਰੀਬ ਲੋਕਾਂ ਨੂੰ ਲਾਰਿਆਂ ਤੋਂ ਸਿਵਾਏ ਕੱਖ ਨਹੀਂ ਦਿੱਤਾ, ਇਥੋਂ ਤੱਕ ਕਿ ਮਜ਼ਦੂਰਾਂ ਦੀਆਂ ਜਥੇਬੰਦੀਆਂ ਨਾਲ ਪੰਜਾ ਸਾਲਾਂ 'ਚ ਕੋਈ ਮੀਟਿੰਗ ਨਹੀਂ ਕੀਤੀ ਗਈ। ਉਹਨਾਂ ਕਿਹਾ ਕਿ ਅੱਜ ਬੇਰੁਜ਼ਗਾਰੀ, ਸਿੱਖਿਆ, ਸਿਹਤ ਸਹੂਲਤਾਂ ਦਾ ਬੁਰਾ ਹਾਲ ਹੋਇਆ ਪਿਆ। ਪੰਜਾਬ ਦੀ ਧਰਤੀ ਤੇ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਲੋਕਾਂ ਦੀਆਂ ਲਾਸ਼ਾਂ ਪੁਲਸ ਵੱਲੋਂ ਜਬਰੀ ਚੁੱਕ ਕੇ ਸਸਕਾਰ ਕੀਤੇ ਗਏ ਹਨ ਅਤੇ ਸੰਘਰਸ਼ ਕਰਦੇ ਕਿਸਾਨਾਂ, ਮਜਦੂਰਾਂ ਦੇ ਸਮਾਨ ਟਰਾਲੀਆਂ ਅਤੇ ਹੋਰ ਸਮਾਨ ਚੋਰੀ ਕਰਕੇ ਇਹਨਾਂ ਦੇ ਚੋਰੇਤਿਆਂ ਨੇ ਆਪਣੇ ਕਬਜ਼ੇ ਚ ਕੀਤਾ ਹੋਇਆ ਹੈ।

ਲੋਕਾਂ ਨੂੰ ਇਨਸਾਫ ਨਹੀਂ ਮਿਲ ਰਿਹਾ। ਉਹਨਾਂ ਕਿਹਾ ਕਿ ਪੰਜਾਬ ਅੰਦਰ ਨਿਤ ਦਿਨ ਡਕੈਤੀਆਂ, ਲੁੱਟਾਂ ਖੋਹਾਂ, ਚੋਰੀਆਂ ਅਤੇ ਫਿਰੌਤੀਆਂ ਆਮ ਗੱਲ ਹੈ। ਪੰਜਾਬ ਦੇ ਲੋਕ ਸਹਿਮੇ ਹੋਏ ਦਿਖਾਈ ਦੇ ਰਹੇ ਹਨ। ਨਿਤ ਦਿਨ ਲੋਕਾਂ ਨੂੰ ਗੋਲੀਆਂ ਦਾ ਨਿਸ਼ਾਨਾ ਬਣਾਇਆ ਜਾ ਰਿਹਾ। ਪੰਡੋਰੀ ਨੇ ਕਿਹਾ ਕਿ ਜੇਕਰ ਰਾਜਨੀਤਿਕ ਪਾਰਟੀਆਂ ਨਸ਼ੇ ਬੰਦ ਕਰਨ ਲਈ ਪੂਰੀ ਤਰਾਂ ਸਹਿਮਤ ਹਨ ਤਾਂ ਉਹਦਾ ਬਦਲਵਾਂ ਪ੍ਰਬੰਧ ਕਰਨਾ ਪਵੇਗਾ, ਜਿਸ ਵਿੱਚ ਲੱਖਾਂ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਮੁਹਈਆ ਕਰਾਉਣਾ, ਰੁਜ਼ਗਾਰ ਦੇ ਨਾਲ ਵਸੀਲੇ ਪੈਦਾ ਕਰਨਾ, ਨਸ਼ਿਆਂ ਤੋਂ ਧਿਆਨ ਲਾਂਭੇ ਹਟਾਉਣ ਲਈ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਤ ਕਰਨਾ ਅਤੇ ਪੰਜਾਬ ਅੰਦਰ ਛੋਟੀ ਇੰਡਸਟਰੀ ਨੂੰ ਪ੍ਰਫੁਲਤ ਕਰਕੇ ਬੇਰੁਜ਼ਗਾਰ ਲੋਕਾਂ ਨੂੰ ਰੁਜ਼ਗਾਰ ਦੇਣਾ ਰਾਜਨੀਤਿਕ ਪਾਰਟੀਆਂ ਦਾ ਮੁੱਖ ਏਜੰਡਾ ਬਣੇਗਾ ਤਦ ਹੀ ਨਸ਼ਿਆਂ ਨੂੰ ਠੱਲ੍ਹ ਪਾਈ ਜਾ ਸਕਦੀ ਹੈ।

ਇਸ ਮੌਕੇ ਮਨਰੇਗਾ ਵਰਕਰਜ਼ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਨਰਿੰਦਰ ਸਿੰਘ ਰਟੌਲ, ਕੁਲਦੀਪ ਸਿੰਘ ਰਟੌਲ ਨੇ ਕਿਹਾ ਕਿ ਬੀਜੇਪੀ ਦੀ ਮੋਦੀ ਸਰਕਾਰ ਨੇ ਮਨਰੇਗਾ ਕਾਨੂੰਨ 'ਚ ਭਾਰੀ ਸੋਧਾਂ ਕਰਕੇ ਪੰਜਾਬ ਅੰਦਰ ਲੱਖਾਂ ਲੋਕਾਂ ਤੋਂ ਰੁਜ਼ਗਾਰ ਖੋਹਿਆ ਹੈ। ਇਸ ਮੌਕੇ ਗੁਰਜੰਟ ਸਿੰਘ, ਦਰੈਵਾ ਸਿੰਘ, ਮਨਜੀਤ ਕੌਰ ਨੇ ਆਪਣੇ ਵਿਚਾਰ ਪੇਸ਼ ਕੀਤੇ।

ਸਹੋਦਿਆ ਸਕੂਲ ਗਰੁੱਪ ਵੱਲੋਂ ਸਕੂਲ ਪ੍ਰਬੰਧਨ ਤੇ ਸਕੂਲੀ ਅਧਿਕਾਰਾਂ ਸੰਬੰਧੀ ਸਾਂਝਾ ਪ੍ਰੋਗਰਾਮ

ਧਾਰੀਵਾਲ (ਮਨਦੀਪ ਵਿੱਕੀ)- ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਵਿਖੇ ਬਟਾਲਾ ਅਤੇ ਗੁਰਦਾਸਪੁਰ ਸਹੋਦਿਆ ਸਕੂਲ ਗਰੁੱਪ ਵਲੋਂ ਸਕੂਲ ਪ੍ਰਬੰਧਨ ਅਤੇ ਸਕੂਲੀ ਅਧਿਕਾਰਾਂ ਸਬੰਧੀ ਸਾਂਝਾ ਪ੍ਰੋਗਰਾਮ (2026-27) ਕਰਵਾਇਆ ਗਿਆ। ਜਿਸ ਵਿੱਚ ਗੁਰਦਾਸਪੁਰ ਅਤੇ ਬਟਾਲਾ ਸਹੋਦਿਆ ਗਰੁੱਪ ਦੇ



ਲਗਭਗ 30 ਸਕੂਲਾਂ ਦੇ ਪ੍ਰਿੰਸੀਪਲਾਂ ਨੇ ਹਾਜ਼ਰੀ ਭਰੀ। ਇਸ ਸਾਂਝੀ ਮੀਟਿੰਗ ਦੀ ਪ੍ਰਧਾਨਗੀ ਗੁਰਦਾਸਪੁਰ ਸਹੋਦਿਆ ਗਰੁੱਪ ਦੇ ਪ੍ਰਧਾਨ ਪ੍ਰਿੰਸੀਪਲ ਐਸ.ਬੀ.ਨਾਯਰ ਅਤੇ ਬਟਾਲਾ ਸਹੋਦਿਆ ਗਰੁੱਪ ਦੀ ਪ੍ਰਧਾਨ ਪ੍ਰਿੰਸੀਪਲ ਬਿੰਦੂ ਭੱਲਾ ਦੁਆਰਾ ਕੀਤੀ ਗਈ। ਪ੍ਰੋਗਰਾਮ ਦੀ ਸ਼ੁਰੂਆਤ ਪ੍ਰਿੰਸੀਪਲ ਐਸ.ਬੀ.ਨਾਯਰ ਦੁਆਰਾ ਮੁੱਖ ਬੁਲਾਰੇ ਡਾਕਟਰ ਮਹੇਸ਼ ਪ੍ਰਸਾਦ ਅਤੇ ਬਾਹਰੋਂ ਆਏ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲਾਂ ਦਾ ਸਵਾਗਤ ਕਰਦਿਆਂ ਕੀਤੀ। ਇਸ ਵਿੱਚ ਗਰੁੱਪ ਦੇ ਵਾਈਸ ਪ੍ਰਧਾਨ ਬਰਿੰਦਰ ਕੌਰ, ਜਾਇੰਟ ਸੈਕਟਰੀ ਉਪਮਾ ਮਹਾਜਨ ਅਤੇ ਖਜ਼ਾਨਚੀ ਪੰਕਜ ਰਾਣਾ ਅਤੇ ਸਿਟੀ ਕੋਆਰਡੀਨੇਟਰ ਰਜੀਵ ਭਾਰਤੀ ਨੇ ਖਾਸ ਭੂਮਿਕਾ ਨਿਭਾਈ। ਮੀਟਿੰਗ ਦੌਰਾਨ ਆਰਟੀਫਿਸ਼ੀਅਲ ਇੰਟੈਲੀਜੈਂਸੀ (ਏ.ਆਈ.) ਅਨੁਸਾਰ ਵਿਦਿਆਰਥੀਆਂ ਦੀਆਂ ਸਾਂਝੇ ਤੌਰ 'ਤੇ ਆਉਂਦੀਆਂ ਮੁਸ਼ਕਿਲਾਂ ਦਾ ਹੱਲ ਕਰਨ ਬਾਰੇ, ਵਿਦਿਆਰਥੀਆਂ ਦੀਆਂ ਰੁਚੀਆਂ ਅਤੇ ਕਾਬਲੀਅਤ ਅਨੁਸਾਰ ਉਹਨਾਂ ਨੂੰ ਸਹੀ ਰਸਤਾ ਦਿਖਾਉਣਾ, ਸਕੂਲੀ ਸਿੱਖਿਆ ਵਿੱਚ ਪਾਠਕ੍ਰਮਾਂ ਦੇ ਸਹੀ ਆਕਾਰ, ਸਿੱਖਿਆ ਸ਼ਾਸਤਰ ਅਨੁਸਾਰ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਸਹਾਇਤਾ ਕਰਨ, ਸਕੂਲ ਅਤੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਸਬੰਧੀ, ਇਮਤਿਹਾਨਾਂ ਦੌਰਾਨ ਆਉਂਦੀਆਂ ਪਰੇਸ਼ਾਨੀਆਂ ਦਾ ਸਹੀ ਹੱਲ ਕਰਨ, ਇੰਟਰ- ਸਕੂਲ ਮੁਕਾਬਲੇ ਕਰਵਾ ਕੇ ਖੇਡਾਂ ਨੂੰ ਪ੍ਰਫੁੱਲਤ ਕਰਨ, ਪੜ੍ਹਾਈ ਦੇ ਨਾਲ- ਨਾਲ ਟੈਕਨੋਲੋਜੀ ਦੀ ਸਹੀ ਵਰਤੋਂ ਕਰਨ, ਵਿਦਿਆਰਥੀਆਂ ਵਿੱਚ ਦ੍ਰਿੜ੍ਹ ਤੇ ਸਕਾਰਾਤਮਕ ਸੋਚ ਨੂੰ ਭਰਨ ਆਦਿ ਮੁੱਦਿਆਂ ਬਾਰੇ ਵਿਚਾਰ- ਵਟਾਂਦਰਾ ਕੀਤਾ ਗਿਆ। ਅੰਤਿਮ ਪੜਾਅ ਵਿੱਚ ਪ੍ਰਿੰਸੀਪਲ ਐਸ.ਬੀ.ਨਾਯਰ ਨੇ ਬਾਹਰੋਂ ਆਏ ਵੱਖ ਵੱਖ ਸਕੂਲਾਂ ਦੇ ਪ੍ਰਿੰਸੀਪਲਾਂ ਦਾ ਧੰਨਵਾਦ ਕੀਤਾ ਅਤੇ ਸੀ.ਬੀ.ਐਸ.ਈ ਬੋਰਡ ਦੀਆਂ ਵੱਖ-ਵੱਖ ਨੀਤੀਆਂ ਅਤੇ ਦਿਸ਼ਾ ਨਿਰਦੇਸ਼ਾਂ ਉੱਤੇ ਢੁੱਕਵਾਂ ਵਿਚਾਰ ਵਟਾਂਦਰਾ ਕਰਕੇ ਉਸ ਦੀ ਗੁਣਵੱਤਾ ਦੇ ਅਨੁਸਾਰ ਹੀ ਲਾਗੂ ਕਰਨ ਦੀ ਪਹਿਲ ਕਦਮੀ ਕਰਨ ਦੀ ਆਸ ਪ੍ਰਗਟਾਈ। ਇਸ

ਨਵਾਂ ਜ਼ਮਾਨਾ
ਸ਼ਨੀਵਾਰ, 21 ਨਵੰਬਰ 2026

ਪ੍ਰਧਾਨ ਮੰਤਰੀ ਟੈਨਸ਼ਨ 'ਚ

ਆਪਣੀਆਂ ਆਰਥਿਕ ਨਾਕਾਮੀਆਂ ਦਾ ਦੋਸ਼ ਉਦਯੋਗਪਤੀਆਂ 'ਤੇ ਮੜ੍ਹ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਜਵਾਬਦੇਹੀ ਤੋਂ ਬਚਣ ਦੀ ਕੋਸ਼ਿਸ਼ ਕੀਤੀ ਹੈ। ਮੋਦੀ ਨੇ ਲੰਘੇ ਵੀਰਵਾਰ ਸਨਅਤਕਾਰਾਂ ਦੀ ਜਥੇਬੰਦੀ ਫੈਡਰੇਸ਼ਨ ਆਫ ਇੰਡੀਅਨ ਚੈਂਬਰਜ਼ ਆਫ ਕਾਮਰਸ ਐਂਡ ਇੰਡਸਟਰੀ (ਫਿੱਕੀ) ਦੀ ਸਾਲਾਨਾ ਆਮ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕਿਹਾ, "2014 ਵਿੱਚ, ਦੇਸ਼ ਵਿੱਚ ਮੂਲ ਕਾਰਪੋਰੇਟ ਟੈਕਸ ਦਰ 30 ਪ੍ਰਤੀਸ਼ਤ ਸੀ, ਜਿਸ ਨੂੰ ਮੇਰੀ ਸਰਕਾਰ ਨੇ ਘਟਾ ਕੇ 22 ਪ੍ਰਤੀਸ਼ਤ ਕਰ ਦਿੱਤਾ ਹੈ। ਮੈਂ 12 ਲੱਖ ਰੁਪਏ ਤੱਕ ਦੀ ਆਮਦਨ ਨੂੰ ਟੈਕਸ ਤੋਂ ਛੋਟ ਦਿੱਤੀ, ਪਰ ਕੀ ਤੁਸੀਂ ਆਪਣੇ ਕਰਮਚਾਰੀਆਂ ਦੀਆਂ ਤਨਖਾਹਾਂ ਵਿੱਚ ਵਾਧਾ ਕੀਤਾ? ਕੀ ਤੁਸੀਂ ਕਰਮਚਾਰੀਆਂ ਦੀ ਗਿਣਤੀ ਵਧਾਈ? ਨਹੀਂ! ਭੁੱਖ ਹੀ ਏਨੀ ਹੈ ਕਿ ਜਿੰਨਾ ਮਰਜ਼ੀ ਖੁਆਓ, ਤੁਹਾਡਾ ਢਿੱਡ ਨਹੀਂ ਭਰਦਾ।"

ਸ਼ਾਇਦ ਮੋਦੀ ਇਹ ਭੁੱਲ ਗਏ ਕਿ ਪ੍ਰਧਾਨ ਮੰਤਰੀ ਬਣਨ ਤੋਂ ਪਹਿਲਾਂ ਦੋ ਕਰੋੜ ਨੌਕਰੀਆਂ ਦੇਣ ਦਾ ਵਾਅਦਾ ਉਨ੍ਹਾ ਨੇ ਕੀਤਾ ਸੀ, ਉਦਯੋਗਪਤੀਆਂ ਨੇ ਨਹੀਂ। ਹੁਣ 12 ਸਾਲਾਂ ਬਾਅਦ ਉਹ ਉਦਯੋਗਪਤੀਆਂ 'ਤੇ ਤਵਾ ਲਾ ਰਹੇ ਹਨ। ਮੋਦੀ ਰਾਜ ਤੋਂ ਪਹਿਲਾਂ ਉਦਯੋਗਪਤੀਆਂ ਨੂੰ ਇੱਕ ਤਰ੍ਹਾਂ ਨਾਲ ਸਾਵਾਂ ਮੈਦਾਨ ਮਿਲਦਾ ਸੀ, ਪਰ ਮੋਦੀ ਸਰਕਾਰ ਨੇ ਦੇਸ਼ ਦੇ ਸਾਰੇ ਸਰੋਤ 1-2 ਪੂੰਜੀਵਾਦੀ ਨਜ਼ਦੀਕੀ ਦੋਸਤਾਂ (ਅਡਾਨੀ-ਅੰਬਾਨੀ) ਨੂੰ ਸੌਂਪ ਦਿੱਤੇ ਅਤੇ ਨੋਟਬੰਦੀ ਲਾਗੂ ਕਰਕੇ ਨਿੱਕੇ ਤੇ ਦਰਮਿਆਨੇ ਕਾਰੋਬਾਰੀਆਂ ਦਾ ਲੱਕ ਤੋੜ ਦਿੱਤਾ, ਜਦਕਿ ਬਹੁਤਾ ਰੁਜ਼ਗਾਰ ਉਨ੍ਹਾਂ ਨੇ ਹੀ ਪੈਦਾ ਕਰਨਾ ਸੀ। 12 ਸਾਲਾਂ ਤੋਂ ਸਰਕਾਰ ਚਲਾ ਰਹੇ ਮੋਦੀ ਮਹਿੰਗਾਈ ਨੂੰ ਕਾਬੂ ਨਹੀਂ ਕਰ ਸਕੇ, ਕਾਫੀ ਰੁਜ਼ਗਾਰ ਨਹੀਂ ਪੈਦਾ ਕਰ ਸਕੇ ਅਤੇ ਨਿੱਜੀ ਨਿਵੇਸ਼ ਦੀ ਗਤੀ ਕਮਜ਼ੋਰ ਬਣੀ ਹੋਈ ਹੈ। ਜਿਸ ਤਰੀਕੇ ਨਾਲ ਪ੍ਰਧਾਨ ਮੰਤਰੀ ਨੇ ਉਦਯੋਗਪਤੀਆਂ ਨੂੰ ਸੰਬੋਧਨ ਕੀਤਾ, ਉਸ ਤੋਂ ਉਨ੍ਹਾ ਦੀ ਪ੍ਰੇਸ਼ਾਨੀ ਅਤੇ ਨਿਰਾਸ਼ਾ ਸਪੱਸ਼ਟ ਤੌਰ 'ਤੇ ਝਲਕੀ ਹੈ। ਪ੍ਰਧਾਨ ਮੰਤਰੀ ਨੂੰ ਸਿਰਫ ਉਦਯੋਗਪਤੀਆਂ ਨੂੰ ਭੰਡਣ ਦੀ ਥਾਂ ਆਪਣੀ ਸਰਕਾਰ ਦੀਆਂ ਨੀਤੀਆਂ ਦੀ ਸਮੀਖਿਆ ਕਰਨੀ ਚਾਹੀਦੀ ਹੈ। ਅਰਥਵਿਵਸਥਾ ਸਿਰਫ ਵੋਕਲ ਫਾਰ ਲੋਕਲ ਵਰਗੇ ਨਾਅਰਿਆਂ ਵਾਲੇ ਭਾਸ਼ਣ ਦੇਣ ਅਤੇ ਉਦਯੋਗਪਤੀਆਂ ਨੂੰ ਮੱਤਾਂ ਦੇਣ ਨਾਲ ਨਹੀਂ ਚੱਲ ਸਕਦੀ, ਇਸ ਲਈ ਮਜ਼ਬੂਤ ਆਰਥਿਕ ਨੀਤੀਆਂ, ਇੱਕ ਭਰੋਸੇਯੋਗ ਵਪਾਰਕ ਮਾਹੌਲ ਅਤੇ ਇੱਕ ਜਵਾਬਦੇਹ ਸਰਕਾਰ ਦੀ ਲੋੜ ਹੁੰਦੀ ਹੈ।

ਟੌਹਰੀ ਰਸਮਾਂ ਪੰਜਾਬ ਦੀ ਤ੍ਰਾਸਦੀ

ਡਾ. ਅੰਤਰਪ੍ਰੀਤ ਸਿੰਘ ਬੈਨੀਪਾਲ

'ਪੰਜਾਬ' ਜਿੱਥੇ ਪੁਰਾਤਨ ਸਮੇਂ ਤੋਂ ਹੀ ਗੀਤੀ ਰਿਵਾਜਾਂ ਦਾ ਕਾਰ-ਵਿਹਾਰ ਵੱਖ-ਵੱਖ ਧਾਰਮਿਕ ਪਰੰਪਰਾਵਾਂ ਤਹਿਤ ਕੀਤਾ ਜਾਂਦਾ ਹੈ। ਪਹਿਲੇ ਸਮਿਆਂ ਦੌਰਾਨ ਜਦੋਂ ਮਨੁੱਖੀ ਸੰਪਰਕ ਸ੍ਰੋਤਾਂ ਦੀ ਆਮਦ ਨਹੀਂ ਸੀ ਹੋਈ, ਉਦੋਂ ਦੇ ਗੀਤੀ ਰਿਵਾਜ ਅੱਜ ਵੀ ਚੱਲਦੇ ਆ ਰਹੇ ਹਨ, ਫਰਕ ਸਿਰਫ ਏਨਾ ਕੁ ਹੈ ਕਿ ਇਹ ਰਿਵਾਜ ਸਮੇਂ ਦੇ ਅਨੁਸਾਰ ਆਧੁਨਿਕ ਤੇ ਆਲੀਸ਼ਾਨ ਹੁੰਦੇ ਗਏ। ਇਨ੍ਹਾਂ ਆਧੁਨਿਕ ਰਿਵਾਜਾਂ ਤੇ ਵਿਖਾਵੇ ਦਾ ਪਰਛਾਵਾਂ ਵੀ ਸ੍ਰੋਤਾਂ ਦੀ ਵਧਦੀ ਉਪਲਭਧਤਾ ਨਾਲ ਪੈਣ ਲੱਗ ਪਿਆ। ਜਦੋਂ ਤੋਂ ਪੰਜਾਬੀਆਂ ਕੋਲ ਚਾਰ ਛਿੱਲੜ ਆਉਣੇ ਸ਼ੁਰੂ ਹੋਏ ਹਨ, ਉਦੋਂ ਤੋਂ ਹੀ ਛਿੱਲੜਾਂ ਦੇ ਨਾਲ ਨਾਲ ਕੁਝ ਅਣਚਾਹੀਆਂ ਦੇਣਾਂ ਵੀ ਮੁਫਤੀ ਰੂਪ ਵਿੱਚ ਪੰਜਾਬੀਆਂ ਨੂੰ ਮਿਲ ਗਈਆਂ। ਇਹਨਾਂ ਵਿੱਚੋਂ ਇੱਕ ਅਜਿਹੀ ਦੇਣ ਹੈ 'ਗੀਸ' ਦੀ, ਜੋ ਕਿ ਸਭ ਤੋਂ ਵੱਧ ਹਾਵੀ ਹੋਈ ਤੇ ਅਜੋਕੇ ਸਮੇਂ ਵਿੱਚ ਹੋਰ ਜ਼ਿਆਦਾ ਪੈਰ ਪਸਾਰ ਰਹੀ ਹੈ। ਇਸ ਨੇ ਪੰਜਾਬੀਆਂ ਨੂੰ ਕਰਜ਼ਈ ਅਤੇ ਕੰਗਾਲ ਕਰਨ ਵਿੱਚ ਕੋਈ ਕਸਰ ਨਹੀਂ ਛੱਡੀ ਤੇ ਪੰਜਾਬੀਆਂ ਨੇ ਵੀ ਇਸ ਨੂੰ ਚਾਹ ਕੇ ਆਪਣੇ ਸਮਾਜ ਅੰਦਰ ਸਮਾਇਆ ਹੈ। ਪੁਰਾਣੇ ਸਮਿਆਂ ਵਿੱਚ ਜੇਕਰ ਕਿਸੇ ਦੇ ਘਰ ਜੰਞ ਢੁਕਦੀ ਸੀ ਤਾਂ ਸਾਧਨਾਂ ਦੀ ਘਾਟ ਹੋਣ ਕਰਕੇ ਕਈ-ਕਈ ਦਿਨ ਆਉਣ-ਜਾਣ ਵਿੱਚ ਬਰਾਤੀਆਂ ਨੂੰ ਲੱਗ ਜਾਂਦੇ। ਅਜਿਹੇ ਵਿੱਚ ਜਾਂਞੀਆਂ ਦੇ ਖਾਣ-ਪੀਣ ਅਤੇ ਰਹਿਣ ਦਾ ਪ੍ਰਬੰਧ ਕਰਨਾ ਉਚਿਤ ਜਾਪਦਾ ਸੀ। ਜਿਓਂ-ਜਿਓਂ ਆਵਾਜਾਈ ਦੇ ਸਾਧਨ ਆਈ ਗਏ, ਤਿਓਂ ਤਿਓਂ ਇਸ ਗੀਤ ਨੇ ਅਪਣੇ ਆਪ ਨੂੰ ਸੋਧ ਲਿਆ ਅਤੇ ਵਿਆਹ ਦਾ ਕਾਰ-ਵਿਹਾਰ ਘਟ ਕੇ ਇੱਕ ਦਿਨ ਤੱਕ ਸੀਮਤ ਹੋ ਗਿਆ। ਹੁਣ ਜੇਕਰ ਪਿੰਡ ਵਿੱਚ ਕਿਸੇ ਕੋਲ ਚਾਰ ਛਿੱਲੜ ਜ਼ਿਆਦਾ ਹੁੰਦੇ ਤਾਂ ਅਗਲਾ ਇਸ ਵਿਹਾਰ ਨੂੰ ਲੰਮਾ ਖਿੱਚ ਕੇ ਵੱਖਰੀ ਜਾਗੋ, ਵਿਆਹ ਅਤੇ ਪਾਰਟੀ ਦਾ ਪ੍ਰਬੰਧ ਕਰਕੇ ਆਪਣੀ ਠੁੱਕ ਦਿਖਾਉਂਦਾ। ਸੁਭਾਵਿਕ ਹੈ ਕਿ ਗੀਸੋ-ਗੀਸ ਹੋਰਨਾਂ ਨੇ ਵੀ ਪਿੰਡ 'ਚ ਆਪਣੀ ਇਸ ਟੌਹਰ ਨੂੰ ਸ਼ਰੇਆਮ ਕਰਨਾ। ਇਸ ਨੂੰ ਗੀਸ ਤੇ ਆਪਸੀ ਸਾੜੇ ਦਾ ਮਿਸ਼ਰਣ ਕਿਹਾ ਜਾ ਸਕਦਾ ਹੈ ਕਿ ਪਿੰਡ ਵਿੱਚ ਕੋਈ ਹੇਠੀ ਨਾ ਦਿਖਾ ਦਏ ਤੇ ਅਜਿਹੀ ਟੌਹਰ ਲਈ ਭਾਵੇਂ ਕਰਜ਼ਾ ਲੈਣਾ ਪੈ ਜਏ। ਪਹਿਲਾਂ ਕਿਸੇ ਦੀ ਮੌਤ ਹੋਣ ਉਪਰੰਤ ਪਾਏ ਜਾਣ ਵਾਲੇ ਭੋਗ 'ਤੇ ਸੰਗਤ ਧਾਰਮਿਕ ਸੰਸਥਾਵਾਂ ਵਿੱਚ ਠਹਿਰਾਈ ਜਾਂਦੀ ਸੀ, ਕਿਉਂ ਜੋ ਆਵਾਜਾਈ ਦੇ ਸਾਧਨ ਉਪਲਭਧ ਨਹੀਂ ਸਨ। ਸੁਭਾਵਕ ਹੈ ਕਿ ਦੂਰੋਂ ਆਏ ਰਿਸ਼ਤੇਦਾਰਾਂ ਦੇ ਭੋਜਨ ਦਾ ਪ੍ਰਬੰਧ ਕਰਨਾ ਪੈਂਦਾ ਸੀ। ਉਨ੍ਹਾਂ ਸਮਿਆਂ ਵਿੱਚ ਸਾਂਝ ਵੀ ਜ਼ਿਆਦਾ ਸੀ ਤੇ ਸੁੱਖ-ਦੁੱਖ ਦੇ ਮੌਕਿਆਂ 'ਤੇ ਸਾਂਝਾ ਯੋਗਦਾਨ ਪਾਇਆ ਜਾਂਦਾ ਸੀ ਤੇ ਇੱਕ-ਦੂਜੇ ਪਰਵਾਰ ਦਾ ਸਹਾਰਾ ਬਣਦੇ ਸੀ, ਪਰ ਉਹੀ ਵਧੇਰੇ ਛਿੱਲੜਾਂ ਵਾਲੇ ਟੱਬਰਾਂ ਨੇ ਮੌਤ ਦੇ ਭੋਗ ਨੂੰ ਵੀ ਇੱਕ ਟੌਹਰ ਦਿਖਾਉਣ ਦਾ ਮੌਕਾ ਬਣਾ ਲਿਆ। ਭੋਗ 'ਤੇ ਪਕਵਾਨ ਤੇ ਮਿੱਠੇ ਭੋਜ ਲਈ ਹਲਵਾਈ ਲਾਉਣੇ ਕੋਈ ਦੁੱਖ ਵਿੱਚਲੀ ਮਜਬੂਰੀ ਨੂੰ ਜਾਹਿਰ ਨਾ ਕਰਦੇ ਹੋਏ ਟੌਹਰ ਨੂੰ ਪ੍ਰਚਾਰਤ ਕਰਦੇ ਹਨ। ਹੱਦ ਤਾਂ ਉਦੋਂ ਹੁੰਦੀ ਹੈ, ਜਦੋਂ ਕੋਈ ਗਰੀਬ ਘਰ ਦਾ ਕਮਾਊ ਫੌਤ ਹੋ ਜਾਵੇ। ਇੱਕ ਪਾਸੇ ਤਾਂ ਇਸ ਗਰੀਬ ਪਰਵਾਰ ਦਾ ਜੀਅ ਚਲਾ ਗਿਆ, ਜੋ ਰੋਜ਼ੀ-ਰੋਟੀ ਦਾ ਜ਼ਰੀਆ ਸੀ, ਦੂਜੇ ਪਾਸੇ ਇਹੋ ਪਰਵਾਰ ਭੋਗ 'ਤੇ ਭੋਜਨਾਂ ਲਈ ਹਲਵਾਈ ਦਾ ਪ੍ਰਬੰਧ ਕਰਨ ਵਿੱਚ ਮਸਰੂਫ ਹੋ ਜਾਂਦਾ ਹੈ, ਉਹ ਵੀ ਜਦੋਂ ਪੱਲੇ ਕੁਝ ਵੀ ਨਾ ਹੋਵੇ। ਇਹ ਬਰਬਾਦੀ ਨਹੀਂ ਤਾਂ ਹੋਰ ਕੀ ਹੈ? ਇਹ ਇੱਕ ਨਿਸ਼ਾਨੀ ਹੈ ਸੋਚ ਦੇ ਬਰਬਾਦ ਹੋਣ ਦੀ ਜਿਸ ਦਾ ਦਾਇਰਾ ਹਕੀਕੀ ਪਰਸਥਿਤੀਆਂ ਨੂੰ ਅੱਖੋਂ-ਪਰੋਖੇ ਕਰਕੇ 'ਗੀਸ' ਦੇ ਘੇਰੇ ਵਿੱਚ ਆਣ ਖੜ੍ਹ ਗਈ। ਲੋੜ ਹੈ ਤਾਂ ਪੰਜਾਬ ਦੀ ਇਸ ਬੇਲੋੜੀ ਰਸਮ ਰੂਪੀ ਗੀਸ ਤੇ ਆਪਸੀ ਸਾੜੇ ਨੂੰ ਲਗਾਮ ਪਾਉਣ ਦੀ, ਜਿਸ ਵਿੱਚ ਮੁੱਖ ਭੂਮਿਕਾ ਕੇਵਲ ਇੱਥੋਂ ਦੇ ਵਸਨੀਕ ਹੀ ਨਿਭਾ ਸਕਦੇ ਹਨ। ਅਨੇਕਾਂ ਸੰਸਥਾਵਾਂ ਖਾਸ ਕਰਕੇ ਧਾਰਮਿਕ ਸੰਸਥਾਵਾਂ ਵੱਲੋਂ ਵੀ ਅਜਿਹੇ ਸੰਦੇਸ਼ ਪ੍ਰਦਾਨ ਕੀਤੇ ਜਾਂਦੇ ਰਹੇ ਹਨ, ਪਰ ਕਿਤੇ ਨਾ ਕਿਤੇ ਮਨਘੜਤ ਫੋਕੀਆਂ ਰਸਮਾਂ ਹਾਵੀ ਹੋਣ ਵਿੱਚ ਸਫਲ ਹੋ ਜਾਂਦੀਆ ਹਨ। ਨਤੀਜੇ ਵਜੋਂ ਪੰਜਾਬੀਆਂ ਵੱਲੋਂ ਆਪ-ਮੁਹਾਰੇ ਬਣਾਈਆਂ ਰਸਮਾਂ ਦੇ ਸ਼ਿਕਾਰ ਵੀ ਪੰਜਾਬੀ ਆਪ ਹੋ ਰਹੇ ਹਨ।

ਸੰਪਰਕ : 9888921290

ਨਵੰਬਰ 2026 'ਚ ਪੰਜਾਬ ਕਿੱਥੇ ਖੜ੍ਹਾ ਹੈ?

ਡਾ. ਅਨੂਪ ਸਿੰਘ

ਪੰਜਾਬ ਰਾਜ ਦੀਆਂ ਕੁਝ ਸਮਕਾਲੀ ਵਿਸ਼ੇਸ਼ਤਾਈਆਂ ਇਸ ਤਰ੍ਹਾਂ ਹਨ: ਨਸ਼ਿਆਂ ਦਾ ਫੈਲਦਾ-ਫੁਲਦਾ ਮੱਕੜਜਾਲ (ਕਾਰੋਬਾਰ), ਗੈਂਗਸਟਰਵਾਦ (ਨਵੀਂ ਕਿਸਮ ਦੀ ਦਹਿਸ਼ਤਗਰਦੀ ਤੇ ਰਾਜਕੀ ਦਹਿਸ਼ਤਗਰਦੀ), ਲੁੱਟਾਂ-ਖੋਹਾਂ ਫਿਰੌਤੀਆਂ; ਕਤਲ-ਡਾਕੇ; ਲੜਾਈਆਂ-ਝਗੜੇ; ਗੁੰਡਾ-ਗਰੋਹਾਂ ਦੀ ਪਕੜ-ਜਕੜ ; ਭ੍ਰਿਸ਼ਟ ਅਫਸਰਸ਼ਾਹੀ ; ਤਹਿਸੀਲਾਂ ਤੇ ਠਾਣਿਆਂ ਦਾ ਲੁੱਟ ਦੇ ਅੱਡੇ ਬਣ ਜਾਣਾ ; ਆਮ ਲੋਕਾਂ ਦੀ ਲੁੱਟ ਤੇ ਕੁੱਟ ; ਬੇਤਹਾਸ਼ਾ ਇਸ਼ਤਿਹਾਰਬਾਜ਼ੀ ਅਤੇ ਆਉਣ ਵਾਲੀਆਂ ਪੀੜ੍ਹੀਆਂ ਤੋਂ ਕਰਜ਼ਾ ਚੁੱਕਣਾ ਆਦਿ-ਆਦਿ । ਕੁਝ ਹੋਰ ਪ੍ਰਮੁੱਖ ਲੱਛਣ ਹਨ: ਨੌਜਵਾਨਾਂ ਅਤੇ ਪੂੰਜੀ ਦਾ ਪ੍ਰਵਾਸ (ਕਾਨੂੰਨੀ ਤੇ ਗ਼ੈਰ-ਕਾਨੂੰਨੀ) ; ਸੱਤਾਸ਼ੀਲ ਧਿਰਾਂ ਦੇ ਸਾਹਮਣੇ ਸੱਤਾ ਹਥਿਆਉਣ ਤੇ ਇਸ 'ਤੇ ਕਬਜ਼ਾ ਬਣਾਈ ਰੱਖਣ ਦਾ ਉਦੇਸ਼ ਹੀ 'ਮੱਛੀ ਦੀ ਅੱਖ' ਬਣ ਜਾਣਾ (ਪੰਜਾਬੀਆਂ ਦੇ ਹਿੱਤਾਂ ਦੀ ਰਾਖੀ ਦੇ ਮੰਤਵ ਦਾ ਅਲੋਪ ਹੋ ਜਾਣਾ) ; 1991-92 ਤੋਂ ਹੁਣ ਤੱਕ ਗ਼ੈਰ-ਸੰਜੀਦਾ ਰਾਜਨੀਤਕ ਲੀਡਰਸ਼ਿਪ ਦਾ ਸੱਤਾ 'ਤੇ ਵਾਰੀ-ਵਾਰੀ ਕਾਬਜ਼ ਹੋਣਾ ; ਦੂਰ ਅੰਦੇਸ਼ ਲੀਡਰਸ਼ਿਪ ਦੀ ਅਣਹੋਂਦ ; ਰਾਜਨੀਤੀਵਾਨਾਂ, ਡੇਰੇਦਾਰਾਂ, ਅਫਸਰਸ਼ਾਹਾਂ ਤੇ ਮਾਫ਼ੀਆ ਸਰਗਣਿਆਂ ਦਾ ਗੱਠਜੋੜ; ਅਤਾਰਕਿਕ ਸਬਸਿਡੀਆਂ, ਰਿਆਇਤਾਂ ਤੇ ਰਾਹਤਾਂ ਦਾ ਚਲਣ ; ਨਜਾਇਜ਼ ਖਣਨ ਦਾ ਹਰ ਸਾਲ ਵਧਦੇ ਜਾਣਾ ; ਦਰਿਆਵਾਂ, ਨਦੀਆਂ ਤੇ ਹੋਰ ਜਲ-ਸੋਮਿਆਂ ਦੇ ਪ੍ਰਦੂਸ਼ਣ ਦਾ ਜਾਰੀ ਰਹਿਣਾ ; ਇਸ ਦੇ ਨਾਲ ਹੀ ਮਿੱਟੀ ਤੇ ਹਵਾ ਦਾ ਪ੍ਰਦੂਸ਼ਣ ਵੀ ਨਵੀਆਂ ਸਿਫ਼ਰਾਂ ਛੂਹ ਰਿਹਾ ਹੈ ; ਨਸ਼ਿਆਂ ਦੀ ਧੜ-ਪਕੜ ਵੀ ਵਧੀ ਹੈ ; ਪਰ ਨਸ਼ਿਆਂ ਦੀ ਮੰਗ ਤੇ ਖ਼ਪਤ ਵੀ ਵਧੀ ਹੈ ; ਨਸ਼ਿਆਂ ਕਾਰਨ ਮੌਤਾਂ ਵੀ ਜਾਰੀ ਹਨ (ਸਮਾਜਿਕ ਦਾਗ਼ ਕਾਰਨ ਪੀੜਤ ਪਰਿਵਾਰ ਇਨ੍ਹਾਂ ਮੌਤਾਂ ਨੂੰ ਲੁਕਾਉਂਦੇ-ਛੁਪਾਉਂਦੇ ਵੀ ਹਨ ਅਤੇ ਸਾਰਾ ਦਰਦ ਸੀਨੇ 'ਚ ਲੈ ਕੇ ਮਰ-ਮੁੱਕ ਜਾਂਦੇ ਹਨ) ; ਕਿਸਾਨੀ ਤੇ ਖੇਤ ਮਜ਼ਦੂਰਾਂ ਦੀਆਂ ਤੰਗੀਆਂ-ਤੁਰਸ਼ੀਆਂ, ਕਰਜ਼ਾ ਤੇ ਖ਼ੁਦਕਸ਼ੀਆਂ ਜਾਰੀ ਹਨ ; ਭ੍ਰਿਸ਼ਟਾਚਾਰ ਜਾਰੀ ਹੈ ਤੇ ਗਿਝਵਤ ਦੀ ਰਾਸ਼ੀ ਵਧ ਗਈ ਹੈ।

ਆਊਟਸੋਰਸ, ਠੇਕੇ, ਉੱਕੀ-ਪੁੱਕੀ ਤਨਖਾਹ ਅਤੇ ਤਿੰਨ ਸਾਲ ਮੁੱਢਲੀ ਤਨਖਾਹ 'ਤੇ ਭਰਤੀਆਂ ਜਾਰੀ ਹਨ । ਪੰਜਾਬ ਦੇ ਸਰਕਾਰੀ ਵਿਭਾਗਾਂ ਤੇ ਅਦਾਰਿਆਂ 'ਚ ਇਕ ਲੱਖ ਤੋਂ ਵੱਧ ਅਸਾਮੀਆਂ ਖ਼ਾਲੀ ਹਨ । ਸਕੂਲਾਂ ਤੇ ਕਾਲਜਾਂ 'ਚ ਅਧਿਆਪਕਾਂ ਤੇ ਪ੍ਰਿੰਸੀਪਲਾਂ ਦੀਆਂ ਹਜ਼ਾਰਾਂ ਪੋਸਟਾਂ ਖ਼ਾਲੀ ਹਨ । ਹਸਪਤਾਲਾਂ, ਪ੍ਰਾਇਮਰੀ ਤੇ ਸਮੁਦਾਇ ਸਿਹਤ ਕੇਂਦਰਾਂ 'ਚ ਡਾਕਟਰਾਂ ਤੇ ਪੈਰਾ-ਮੈਡੀਕਲ ਸਟਾਫ਼ ਦੀਆਂ ਸੈਂਕੜੇ ਅਸਾਮੀਆਂ ਖ਼ਾਲੀ ਹਨ । ਹਰ ਸਾਲ ਹਜ਼ਾਰਾਂ ਮੁਲਾਜ਼ਮ ਸੇਵਾ ਮੁਕਤ ਹੁੰਦੇ ਹਨ, ਪਰ ਭਰਤੀ ਕੀਤੇ ਕੁਝ ਹਜ਼ਾਰ ਮੁਲਾਜ਼ਮਾਂ ਦੀ ਇਸ਼ਤਿਹਾਰਬਾਜ਼ੀ ਕਸ਼ਮੀਰ ਤੋਂ ਕੰਨਿਆਕੁਮਾਰੀ ਤੱਕ ਹੋ ਰਹੀ ਹੈ । ਪੁਰਾਣੀ ਪੈਨਸ਼ਨ ਬਹਾਲ ਕਰਨ ; ਪੰਜਾਬ ਦੇ ਮੁਲਾਜ਼ਮਾਂ ਨੂੰ ਪੰਜਾਬ ਦੇ ਗ਼ੁਡ ਦੇਣ ; ਰੈਗੂਲਰ ਗਰੇਡਾਂ 'ਚ ਭੱਤਿਆਂ ਸਮੇਤ ਸਿੱਧੀ ਭਰਤੀ ਕਰਨ ਤੇ ਮਹਿੰਗਾਈਮੁੱਖੀ ਵਜੋਂ ਮਹਿੰਗਾਈ ਭੱਤਾ ਦੇਣ ਤੋਂ ਸਰਕਾਰ ਇਨਕਾਰੀ ਹੈ ਅਤੇ ਸੁਪਰੀਮ ਕੋਰਟ ਤੱਕ ਕੇਸ ਲੜ ਰਹੀ ਹੈ। ਅਪ੍ਰੈਲ 2022 ਤੋਂ ਹੀ ਧਰਨੇ, ਮੁਜ਼ਾਹਰੇ ਤੇ ਹੜਤਾਲਾਂ ਜਾਰੀ ਹਨ ; ਕਿਸਾਨ, ਖੇਤ ਮਜ਼ਦੂਰ, ਸਨਅਤੀ ਮਜ਼ਦੂਰ, ਮੁਲਾਜ਼ਮ, ਸਫਾਈ ਸੇਵਕ, ਬੇਰੁਜ਼ਗਾਰ, ਨੌਜਵਾਨ ਤੇ ਵਿਦਿਆਰਥੀਆਂ ਆਪਣੇ-ਆਪਣੇ ਢੰਗ ਨਾਲ ਲੜ ਰਹੇ ਹਨ।

ਬੀਤੇ 79 ਸਾਲਾਂ ਤੋਂ ਕੇਂਦਰੀ ਸਰਕਾਰਾਂ ਪੰਜਾਬ ਨਾਲ ਵਿਤਕਰਾ-ਵਖਰੇਵਾਂ ਕਰ ਰਹੀਆਂ ਹਨ ਅਤੇ ਉਨ੍ਹਾਂ ਦੇ ਧੱਕੇ ਜੱਗ-ਜ਼ਾਹਰ ਹਨ, ਪਰ 1991-92 ਤੋਂ ਬਾਅਦ ਪੰਜਾਬ 'ਚ ਬਣੀਆਂ ਰੰਗ-ਬਿਰੰਗੀਆਂ ਸਰਕਾਰਾਂ ਦੀਆਂ ਨਲਾਇਕੀਆਂ, ਥੋੜ੍ਹਚਿਰੇ ਨਿੱਜੀ ਹਿੱਤਾਂ ਅਤੇ ਦੂਰਦ੍ਰਿਸ਼ਟੀ ਦੀ ਘਾਟ ਨੇ ਵੀ ਪੰਜਾਬ ਦੀ ਬਰਬਾਦੀ 'ਚ ਹਿੱਸਾ ਪਾਇਆ ਹੈ ਅਤੇ ਅੱਜ ਪੰਜਾਬ ਦੀ ਮਰਨਾਊ ਹਾਲਤ ਸਾਡੇ ਸਾਹਮਣੇ ਹੈ।

ਹਰੇ ਇਨਕਲਾਬ ਦੇ ਪਹਿਲੇ ਪੜਾਅ ਨੇ ਪੰਜਾਬ ਦੀ ਆਰਥਿਕਤਾ 'ਚ ਢਾਂਚਾਗਤ ਤਬਦੀਲੀਆਂ ਲਿਆਂਦੀਆਂ ਸਨ । ਸਾਲ 1966-67 'ਚ ਪੰਜਾਬ ਦੇ ਕੁੱਲ ਘਰੇਲੂ ਉਤਪਾਦਨ 'ਚ ਖੇਤੀਬਾੜੀ ਖੇਤਰ ਦਾ ਹਿੱਸਾ 52.85% ਸੀ, ਜੋ 1970-71 ਵਿਚ ਵਧ ਕੇ 54.27% ਹੋ ਗਿਆ । ਸਾਲ 1970-71 ਦੇ ਅੰਤ ਤੱਕ ਖੇਤੀਬਾੜੀ ਖੇਤਰਾਂ ਦੀ ਉਤਪਾਦਕਤਾ ਸਿਖ਼ਰ 'ਤੇ ਪਹੁੰਚ ਕੇ 1980-81 ਤੋਂ ਬਾਅਦ ਇਸ ਦਾ ਸੂਬੇ ਦੀ ਆਰਥਿਕਤਾ 'ਚ ਹਿੱਸਾ ਘਟਣਾ ਸ਼ੁਰੂ ਹੋ ਗਿਆ । ਸਾਲ 1980-81 ਵਿਚ ਖੇਤੀਬਾੜੀ ਦਾ ਪੰਜਾਬ ਰਾਜ ਦੇ ਕੁੱਲ ਘਰੇਲੂ ਉਤਪਾਦਨ 'ਚ ਹਿੱਸਾ 49.45% ਅਤੇ ਰੁਜ਼ਗਾਰ 'ਚ ਯੋਗਦਾਨ 58% ਸੀ ।

ਇਸ ਸੰਕਟ ਦਾ ਇਕ ਪਾਸਾਰ ਕਣਕ-ਝੋਨੇ ਦਾ ਫਸਲੀ ਚੱਕਰ ਤੇ ਪੰਜਾਬ ਦੀ ਧਰਤੀ ਹੇਠ ਪਾਣੀ ਦਾ ਨੀਵਾਂ ਹੋ ਰਿਹਾ ਪੱਧਰ ਹੈ । ਕੇਂਦਰ ਦੀ ਅਨਾਜ ਖਰੀਦਣ ਵਾਲੀ ਏਜੰਸੀ ਐੱਫ ਸੀ ਆਈ ਅਤੇ ਅਨਾਜ ਖਰੀਦਣ ਲਈ ਰਿਜ਼ਰਵ ਬੈਂਕ ਵਲੋਂ ਫੰਡਾਂ ਦੀ ਵਿਵਸਥਾ ਹੈ । ਭਾਰਤ ਸਰਕਾਰ ਨੂੰ ਬਾਕੀ ਭਾਰਤ ਲਈ ਚੌਲ ਚਾਹੀਦੇ ਹਨ । ਇਸ ਲਈ ਭਾਰਤ ਸਰਕਾਰ ਵੱਲੋਂ ਘੱਟ ਤੋਂ ਘੱਟ ਸਹਾਇਕ ਕੀਮਤ 'ਤੇ ਯਕੀਨਨ ਖਰੀਦ ਨੇ ਪੰਜਾਬ ਨੂੰ ਝੋਨਾ ਪੈਦਾ ਕਰਨ ਵਾਲਾ ਰਾਜ ਬਣਾ ਦਿੱਤਾ । ਅਕਾਲੀ-ਭਾਜਪਾ ਸਰਕਾਰ ਨੇ 1997 ਤੋਂ ਕਿਸਾਨਾਂ ਨੂੰ ਟਿਊਬਵੈੱਲਾਂ ਲਈ ਮੁਫ਼ਤ ਬਿਜਲੀ ਦੇ ਦਿੱਤੀ । ਹੁਣ ਪੰਜਾਬੀ ਕਿਸਾਨ 32 ਲੱਖ ਹੈਕਟੇਅਰ 'ਚ ਝੋਨਾ ਲਗਾਉਂਦੇ ਹਨ ਅਤੇ ਕਣਕ-ਝੋਨੇ ਲਈ ਜਿਨ੍ਹਾਂ ਪਾਣੀ ਧਰਤੀ ਹੇਠ ਰਿਸਦਾ ਹੈ, ਉਸ ਦਾ 160% ਕੱਢ ਲੈਂਦੇ ਹਨ । ਅਮਲੀ ਤੌਰ 'ਤੇ ਪੰਜਾਬ ਭਾਰਤ ਨੂੰ ਝੋਨਾ-ਚੌਲ ਨਹੀਂ ਸਗੋਂ ਆਪਣਾ ਧਰਤੀ ਹੇਠਲਾ ਪਾਣੀ

ਝੋਨੇ ਦੀ ਖਰੀਦ ਬੰਦ ਹੋਣ ਤੋਂ ਭੜਕੇ ਕਿਸਾਨ; ਹਾਈਵੇਅ ਜਾਮ

ਕਬਰਵਾਲਾ ਖਰੀਦ ਕੇਂਦਰ 'ਚ 44 ਹਜ਼ਾਰ ਗੱਟਾ ਝੋਨਾ ਵਿਕਣੋ ਬਾਕੀ



ਮਲੋਟ (ਰਜਿੰਦਰ ਜੁਨੇਜਾ)

ਮੰਡੀਆਂ ਵਿੱਚ ਲੱਗੇ ਝੋਨੇ ਦੇ ਅੰਬਾਰ ਤੇ ਸਰਕਾਰੀ ਖਰੀਦ ਦੀ ਢਿੱਲੀ ਰਫ਼ਤਾਰ ਕਾਰਨ ਕਿਸਾਨਾਂ ਨੂੰ ਭਾਰੀ ਖੱਜਲ-ਖੁਆਰੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਮੌਸਮ ਵਿੱਚ ਆਈ ਤਬਦੀਲੀ ਕਾਰਨ ਨਮੀ ਦੀ ਮਾਤਰਾ ਵਧਣ ਜਾਂ ਸਥਿਰ ਰਹਿਣ ਦੇ ਬਹਾਨੇ ਝੋਨੇ ਦੀ ਖਰੀਦ ਵਿੱਚ ਅੜਿੱਕਾ ਡਾਹਿਆ ਜਾ ਰਿਹਾ ਹੈ, ਜਿਸ ਤੋਂ ਅੱਕ ਕੇ ਕਿਸਾਨ ਸੜਕਾਂ 'ਤੇ ਉਤਰਨ ਲਈ ਮਜਬੂਰ ਹੋ ਗਏ ਹਨ।ਕਬਰਵਾਲਾ ਖਰੀਦ ਕੇਂਦਰ ਵਿੱਚ ਝੋਨੇ ਦੀ ਸਰਕਾਰੀ ਖਰੀਦ ਨੂੰ ਬਰੇਕਾਂ ਲੱਗਣ ਕਾਰਨ ਕਿਸਾਨਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਇਸੇ ਰੋਸ ਤਹਿਤ ਕਿਸਾਨਾਂ ਨੇ ਮਲੋਟ-ਅਬੋਹਰ ਨੈਸ਼ਨਲ ਹਾਈਵੇਅ 'ਤੇ ਧਰਨਾ ਲਗਾ ਕੇ ਆਵਾਜਾਈ ਮੁਕੰਮਲ ਤੌਰ 'ਤੇ ਜਾਮ ਕਰ ਦਿੱਤੀ ਤੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਖਰੀਦ ਪ੍ਰਬੰਧਾਂ ਵਿੱਚ ਤੇਜ਼ੀ ਲਿਆਉਣ ਦੀ ਮੰਗ ਕੀਤੀ।ਕਰੀਬ ਤਿੰਨ ਘੰਟਿਆਂ ਤੋਂ ਵੱਧ ਸਮਾਂ ਚੱਲੇ ਇਸ ਧਰਨੇ ਤੋਂ ਬਾਅਦ ਖਰੀਦ ਅਧਿਕਾਰੀਆਂ ਵੱਲੋਂ ਦਿੱਤੇ ਭਰੋਸੇ ਉਪਰੰਤ ਕਿਸਾਨਾਂ ਨੇ ਜਾਮ ਖੋਲ੍ਹਿਆ।

ਧਰਨੇ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਬਰਵਾਲਾ ਦੇ ਸਾਬਕਾ ਸਰਪੰਚ ਤੇ ਉੱਘੇ ਕਿਸਾਨ ਸਵਰਨ ਸਿੰਘ ਬੱਲ ਨੇ ਦੱਸਿਆ ਕਿ ਖਰੀਦ ਕੇਂਦਰ ਵਿੱਚ ਝੋਨੇ ਦੀ ਵਿਕਰੀ ਨਾ ਦੇ ਬਰਾਬਰ ਹੋ ਰਹੀ ਹੈ।ਮੰਡੀ ਵਿੱਚ ਬਾਰਦਾਨੇ ਦੀ ਘਾਟ ਤੇ ਖਰੀਦ ਬੰਦ ਹੋਣ ਕਾਰਨ ਝੋਨੇ ਦੇ ਵੱਡੇ ਅੰਬਾਰ ਲੱਗੇ ਹੋਏ ਹਨ, ਜਿਸ ਕਾਰਨ ਕਿਸਾਨ ਕਈ-ਕਈ ਹਫ਼ਤਿਆਂ ਤੋਂ ਮੰਡੀਆਂ ਵਿੱਚ ਰੁਲ ਰਹੇ ਹਨ।ਉਨ੍ਹਾਂ ਦੱਸਿਆ ਕਿ ਖਰੀਦ ਏਜੰਸੀਆਂ ਵੱਲੋਂ ਨਮੀ ਦੀ ਮਾਤਰਾ ਵਧੇਰੇ ਦੱਸ ਕੇ ਢੇਰੀਆਂ ਦੇ ਭਾਅ ਨਹੀਂ ਲਗਾਏ ਜਾ ਰਹੇ, ਜਦਕਿ ਸਰਦੀ ਤੇ ਸਿੱਲ੍ਹ ਦਾ ਮੌਸਮ ਸ਼ੁਰੂ ਹੋਣ ਕਾਰਨ ਆਉਣ ਵਾਲੇ ਦਿਨਾਂ ਵਿੱਚ ਨਮੀ ਘਟਣ ਦੇ ਕੋਈ ਆਸਾਰ ਨਹੀਂ ਹਨ।ਦੂਜੇ ਪਾਸੇ, ਖਰੀਦ ਕੇਂਦਰ ਨਾਲ ਜੁੜੀਆਂ ਏਜੰਸੀਆਂ ਤੇ ਸ਼ੈਲਰਾਂ ਦਾ ਨਿਰਧਾਰਤ ਕੋਟਾ ਪੂਰਾ ਹੋਣ ਕਾਰਨ ਹੁਣ ਕੋਈ ਵੀ ਮੰਡੀ ਵੱਲ ਮੂੰਹ ਨਹੀਂ ਕਰ ਰਿਹਾ, ਜਿਸ ਨਾਲ ਕਿਸਾਨਾਂ ਦੀ ਚਿੰਤਾ ਹੋਰ ਵਧ ਗਈ ਹੈ।

ਮੰਡੀ ਦੀ ਅਸਲ ਸਥਿਤੀ ਮੁਤਾਬਕ ਕਬਰਵਾਲਾ ਖਰੀਦ ਕੇਂਦਰ ਵਿੱਚ ਪਿਛਲੇ ਸਾਲ 1 ਲੱਖ 22 ਹਜ਼ਾਰ ਗੱਟਾ ਝੋਨੇ ਦੀ ਆਮਦ ਤੇ ਖਰੀਦ ਹੋਈ ਸੀ, ਪਰ ਇਸ ਵਾਰ ਝੋਨੇ ਹੇਠ ਰਕਬਾ ਤੇ ਝਾੜ ਵਧਣ ਕਾਰਨ ਮੰਡੀ ਵਿੱਚ 1 ਲੱਖ 66 ਹਜ਼ਾਰ ਗੱਟਾ ਝੋਨਾ ਆਇਆ ਹੈ।ਇਸ ਵਿੱਚੋਂ ਪਿਛਲੇ ਸੀਜ਼ਨ ਜਿੰਨਾ (1 ਲੱਖ 22 ਹਜ਼ਾਰ ਗੱਟਾ) ਝੋਨਾ ਵਿਕ ਚੁੱਕਾ ਹੈ, ਪਰ ਸਰਕਾਰੀ ਅੰਕੜਿਆਂ ਅਨੁਸਾਰ ਅਜੇ ਵੀ 44 ਹਜ਼ਾਰ ਗੱਟਾ ਝੋਨਾ ਵਿਕਣੋਂ ਬਾਕੀ ਹੈ।ਕਿਸਾਨਾਂ ਦਾ ਮੰਨਣਾ ਹੈ ਕਿ ਮੰਡੀ ਵਿੱਚ ਸਰਕਾਰੀ ਰਿਕਾਰਡ ਤੋਂ ਵੀ 15 ਤੋਂ 20 ਹਜ਼ਾਰ ਗੱਟਾ ਝੋਨਾ ਵੱਧ ਪਿਆ ਹੋ ਸਕਦਾ ਹੈ।ਮੌਕੇ 'ਤੇ ਪਹੁੰਚੇ ਸਬੰਧਤ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੇ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਤੁਰੰਤ 11 ਹਜ਼ਾਰ ਗੱਟਾ ਬਾਰਦਾਨਾ ਮੰਗਵਾਇਆ ਜਾ ਰਿਹਾ ਹੈ ਤੇ ਇੰਨੀ ਖਰੀਦ ਮੁਕੰਮਲ ਕਰਨ ਤੋਂ ਬਾਅਦ ਹੋਰ ਬਾਰਦਾਨਾ ਮੰਗਵਾ ਕੇ ਸਾਰਾ ਮਸਲਾ ਹੱਲ ਕਰ ਦਿੱਤਾ ਜਾਵੇਗਾ।ਰੋਸ ਧਰਨੇ ਵਿੱਚ ਸਾਬਕਾ ਸਰਪੰਚ ਸਵਰਨ ਸਿੰਘ ਬੱਲ, ਗਗਨਦੀਪ ਸਿੰਘ, ਮਨਜੀਤ ਸਿੰਘ ਜੰਬਰ, ਗੁਰਮੇਜ ਸਿੰਘ, ਮਹਾਂਬੀਰ ਸਿੰਘ, ਉਦੇਪਾਲ ਸਿੰਘ ਤੇ ਵਿਜੈਪਾਲ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

ਸੇਵਾ ਕੇਂਦਰ ਮੁਲਾਜ਼ਮਾਂ ਵੱਲੋਂ ਪਰਵਾਰਾਂ ਸਮੇਤ ਮੁੱਖ ਮੰਤਰੀ ਦੀ ਰਿਹਾਇਸ਼ ਦਾ ਘਿਰਾਓ ਭਲਕੇ

92 ਵਿਧਾਇਕਾਂ ਨੂੰ ਮੰਗ ਪੱਤਰ ਸੌਂਪਣ ਦੇ ਬਾਵਜੂਦ ਮੀਟਿੰਗ ਦਾ ਨਹੀਂ ਮਿਲਿਆ ਸਮਾਂ

ਮਾਨਸਾ (ਆਤਮਾ ਸਿੰਘ ਪਮਾਰ)

ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਪੰਜਾਬ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਪੰਜਾਬ ਸਰਕਾਰ ਤੱਕ ਆਵਾਜ਼ ਪਹੁੰਚਾਉਣ ਲਈ ਪਹਿਲਾਂ ਪੰਜਾਬ ਦੇ ਸਾਰੇ 92 ਆਪ ਵਿਧਾਇਕਾਂ ਨੂੰ ਮੰਗ ਪੱਤਰ ਸੌਂਪੇ ਗਏ ਸਨ।ਇਸ ਮੌਕੇ ਯੂਨੀਅਨ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਵਿੱਤ ਮੰਤਰੀ ਸ. ਹਰਪਾਲ ਸਿੰਘ ਚੀਮਾ ਅਤੇ ਵਿਭਾਗ ਦੇ ਮੰਤਰੀ ਸ. ਅਮਨ ਅਰੋੜਾ ਨਾਲ ਯੂਨੀਅਨ ਦੀ ਕੋਰ ਕਮੇਟੀ ਦੀ ਵਿਸ਼ੇਸ਼ ਮੀਟਿੰਗ ਕਰਵਾਉਣ ਦੀ ਮੰਗ ਕੀਤੀ ਗਈ ਸੀ। ਯੂਨੀਅਨ ਵੱਲੋਂ ਇਹ ਵੀ ਸਪੱਸ਼ਟ ਕੀਤਾ ਗਿਆ ਸੀ ਕਿ ਜੇਕਰ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ 'ਤੇ ਵਿਚਾਰ ਕਰਨ ਲਈ ਮੀਟਿੰਗ ਨਹੀਂ ਕਰਵਾਈ ਜਾਂਦੀ ਤਾਂ ਜਥੇਬੰਦੀ 22 ਨਵੰਬਰ ਨੂੰ ਮੁੱਖ ਮੰਤਰੀ ਦੀ ਸੰਗਰੂਰ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ।ਪ੍ਰੰਤੂ ਅਫ਼ਸੋਸ 92 ਵਿਧਾਇਕਾਂ ਨੂੰ ਮੰਗ ਪੱਤਰ ਸੌਂਪਣ ਤੇ ਸਰਕਾਰ ਤੱਕ ਆਪਣੀ ਗੱਲ ਪਹੁੰਚਾਉਣ ਦੇ ਬਾਵਜੂਦ ਅੱਜ ਤੱਕ ਪੰਜਾਬ ਸਰਕਾਰ ਦੇ ਕਿਸੇ ਵੀ ਨੁਮਾਇੰਦੇ ਵੱਲੋਂ ਯੂਨੀਅਨ ਦੀ ਕੋਰ ਕਮੇਟੀ ਨਾਲ ਮੀਟਿੰਗ ਕਰਨ ਦਾ ਜੋਖ਼ਮ ਲਈ ਕੋਈ ਸੱਦਾ ਨਹੀਂ ਲਿਆ ਗਿਆ।ਸਰਕਾਰ ਦੇ ਇਸ ਰਵੱਈਏ ਤੋਂ ਨਿਰਾਸ਼ ਤੇ ਨਾਰਾਜ਼ ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਪੰਜਾਬ ਨੇ ਫ਼ੈਸਲਾ ਕੀਤਾ ਹੈ ਕਿ 22 ਨਵੰਬਰ ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਮਾਨ ਦੀ ਰਿਹਾਇਸ਼ ਦਾ ਪਰਵਾਰਾਂ ਸਮੇਤ ਵਿਸ਼ਾਲ ਘਿਰਾਓ ਕੀਤਾ ਜਾਵੇ।ਇਸ ਵਾਰ ਇਸ ਸੰਘਰਸ਼ 'ਚ ਸੇਵਾ ਕੇਂਦਰਾਂ ਦੇ ਮੁਲਾਜ਼ਮ ਆਪਣੇ ਮਾਤਾ-ਪਿਤਾ, ਬੱਚਿਆਂ, ਪਤਨੀਆਂ ਤੇ ਹੋਰ ਪਰਿਵਾਰਕ ਮੈਂਬਰਾਂ ਸਮੇਤ ਸ਼ਮੂਲੀਅਤ ਕਰਨਗੇ।ਯੂਨੀਅਨ ਆਗੂਆਂ ਨੇ ਕਿਹਾ ਕਿ ਸੇਵਾ ਕੇਂਦਰ ਪੰਜਾਬ ਦੇ ਲੋਕਾਂ ਨੂੰ ਸਰਕਾਰੀ ਸੇਵਾਵਾਂ ਮੁਹੱਈਆ ਕਰਵਾਉਣ ਵਾਲਾ ਇੱਕ ਅਹਿਮ ਪ੍ਰੋਜੈਕਟ ਹੈ।ਇਸ ਨੂੰ ਪ੍ਰਾਈਵੇਟ ਕੰਪਨੀਆਂ ਦੀ ਬਜਾਏ ਸਰਕਾਰੀ ਪ੍ਰਬੰਧ ਅਧੀਨ ਚਲਾਉਣ ਨਾਲ ਜਿੱਥੇ ਮੁਲਾਜ਼ਮਾਂ ਦਾ ਭਵਿੱਖ ਸੁਰੱਖਿਅਤ ਹੋਵੇਗਾ, ਉੱਥੇ ਆਮ ਲੋਕਾਂ ਨੂੰ ਵੀ ਘੱਟ ਫ਼ੀਸਾਂ 'ਤੇ ਬਿਹਤਰ ਸੇਵਾਵਾਂ ਮਿਲ ਸਕਣਗੀਆਂ।ਯੂਨੀਅਨ ਵੱਲੋਂ ਪੰਜਾਬ ਦੀਆਂ ਸਮੂਹ ਮੁਲਾਜ਼ਮ, ਮਜ਼ਦੂਰ, ਕਿਸਾਨ, ਅਧਿਆਪਕ ਤੇ ਹੋਰ ਸੰਘਰਸ਼ਸ਼ੀਲ ਜਥੇਬੰਦੀਆਂ ਨੂੰ ਵੀ ਅਪੀਲ ਕੀਤੀ ਗਈ ਹੈ ਕਿ ਉਹ 22 ਨਵੰਬਰ ਨੂੰ ਸੰਗਰੂਰ ਪਹੁੰਚ ਕੇ ਇਸ ਸੰਘਰਸ਼ ਦੀ ਹਮਾਇਤ ਕਰਨ ਤੇ ਮੁਲਾਜ਼ਮਾਂ ਦੇ ਹੱਕ 'ਚ ਆਵਾਜ਼ ਬੁਲੰਦ ਕਰਨ।

ਐੱਨ ਐੱਚ ਐੱਮ ਮੁਲਾਜ਼ਮਾਂ ਦੀ ਹੜਤਾਲ, ਸਿਹਤ ਸੇਵਾਵਾਂ ਪ੍ਰਭਾਵਿਤ

ਫਿਰੋਜ਼ਪੁਰ (ਅਸ਼ੋਕ ਸ਼ਰਮਾ)

ਨੈਸ਼ਨਲ ਹੈਲਥ ਮਿਸ਼ਨ (ਐੱਨ ਐੱਚ ਐੱਮ) ਅਧੀਨ ਕੰਮ ਕਰਦੇ ਮੁਲਾਜ਼ਮਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ 4 ਨਵੰਬਰ ਤੋਂ ਨੈਸ਼ਨਲ ਹੈਲਥ ਮਿਸ਼ਨ ਇੰਪਲਾਈਜ਼ ਯੂਨੀਅਨ ਪੰਜਾਬ ਦੇ ਸੱਦੇ 'ਤੇ ਪੰਜਾਬ ਦੇ ਸਾਰੇ 23 ਜ਼ਿਲ੍ਹਿਆਂ ਵਿੱਚ ਸੂਬਾ ਪੱਧਰੀ ਹੜਤਾਲ ਕੀਤੀ ਜਾ ਰਹੀ ਹੈ। ਇਸ ਹੜਤਾਲ ਕਾਰਨ ਪੰਜਾਬ ਦੀ ਰੂਰਲ ਤੇ ਅਰਬਨ ਦੋਵਾਂ



ਆਬਾਦੀਆਂ ਦੀਆਂ ਮੁੱਢਲੀਆਂ ਸਿਹਤ ਸੇਵਾਵਾਂ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੀਆਂ ਹਨ। ਇਸ ਵਿੱਚ ਸੀਐੱਚਓ, ਏਐੱਨਐੱਮ, ਆਰਬੀਐੱਸਕੇ ਟੀਮਾਂ, ਏਐੱਮਓ, ਸਟਾਫ਼ ਨਰਸਾਂ, ਫਾਰਮੇਸੀ ਅਫ਼ਸਰ, ਟੀਬੀ ਸਟਾਫ਼, ਲੈਬ ਟੈਕਨੀਸ਼ੀਅਨ, ਆਈਡੀਐੱਸਪੀ, ਪੀਐੱਨਡੀਟੀ, ਦਫ਼ਤਰੀ ਸਟਾਫ਼ ਤੇ ਹੋਰ ਐੱਨਐੱਚਐੱਮ ਕੈਡਰ ਸ਼ਾਮਲ ਹਨ। ਹੜਤਾਲ ਕਾਰਨ ਲਗਭਗ 2,000 ਆਯੁਸ਼ਮਾਨ ਆਰੋਗਿਆ ਕੇਂਦਰਾਂ ਦੀਆਂ ਓਪੀਡੀ ਸੇਵਾਵਾਂ, ਰੁਟੀਨ ਜਾਂਚ, ਦਵਾਈਆਂ ਦੀ ਵੰਡ, ਸ਼ੂਗਰ, ਬਲੱਡ ਪ੍ਰੈਸ਼ਰ, ਕੈਂਸਰ ਅਤੇ ਟੀਬੀ ਸਕ੍ਰੀਨਿੰਗ ਪ੍ਰਭਾਵਿਤ ਹੋ ਰਹੀ ਹੈ। ਪੇਂਡੂ ਖੇਤਰਾਂ ਦੇ 12-13 ਹਜ਼ਾਰ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਦੀ ਲਗਭਗ 1 ਕਰੋੜ ਆਬਾਦੀ ਤੱਕ ਪਹੁੰਚਣ ਵਾਲੀਆਂ ਸਿਹਤ ਸੇਵਾਵਾਂ ਦਾ ਕੰਮ ਵੀ ਪ੍ਰਭਾਵਿਤ ਹੋ ਰਿਹਾ ਹੈ, ਜਿਸ ਕਾਰਨ ਗਰੀਬ, ਮੱਧਵਰਗੀ ਪਰਿਵਾਰਾਂ, ਬਜ਼ੁਰਗਾਂ ਤੇ ਆਮ ਮਰੀਜ਼ਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਇਸ ਤੋਂ ਇਲਾਵਾ ਲਗਭਗ 27,000 ਆਂਗਣਵਾੜੀ ਕੇਂਦਰਾਂ ਤੇ 20,000 ਸਰਕਾਰੀ ਤੇ ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਨਾਲ ਜੁੜੀਆਂ ਸਿਹਤ ਗਤੀਵਿਧੀਆਂ ਪ੍ਰਭਾਵਿਤ ਹਨ। ਆਰਬੀਐੱਸਕੇ ਟੀਮਾਂ ਦੀ ਹੜਤਾਲ ਕਾਰਨ ਬੱਚਿਆਂ ਦੀ ਸਿਹਤ ਜਾਂਚ, ਹੀਮੋਗਲੋਬਿਨ ਟੈਸਟ, ਬਿਮਾਰੀਆਂ ਦੀ ਸ਼ੁਰੂਆਤੀ ਪਛਾਣ ਅਤੇ ਰੈਫਰਲ ਸੇਵਾਵਾਂ ਵਿੱਚ ਵਿਘਨ ਪੈ ਰਿਹਾ ਹੈ। ਇਸ ਦੇ ਨਾਲ ਹੀ ਅਨੀਮੀਆ ਮੁਕਤ ਭਾਰਤ ਅਭਿਆਨ ਤਹਿਤ ਬੱਚਿਆਂ, ਕਿਸ਼ੋਰ-ਕਿਸ਼ੋਰੀਆਂ ਤੇ ਗਰਭਵਤੀ ਔਰਤਾਂ ਦੀ ਅਨੀਮੀਆ ਜਾਂਚ ਤੇ ਰੋਕਥਾਮ ਦੀਆਂ ਗਤੀਵਿਧੀਆਂ ਵੀ ਪ੍ਰਭਾਵਿਤ ਹੋ ਰਹੀਆਂ ਹਨ। ਯੂਨੀਅਨ ਨੇ ਕਿਹਾ ਕਿ ਐੱਨਐੱਚਐੱਮ ਮੁਲਾਜ਼ਮ ਆਪਣੀਆਂ ਮੰਗਾਂ ਸਬੰਧੀ ਸਿਹਤ ਵਿਭਾਗ ਦੇ ਅਧਿਕਾਰੀਆਂ, ਸਿਹਤ ਮੰਤਰੀ ਤੇ ਵਿੱਤ ਮੰਤਰੀ ਨਾਲ ਕਈ ਮੀਟਿੰਗਾਂ ਕਰ ਚੁੱਕੇ ਹਨ, ਪਰ ਅਜੇ ਤੱਕ ਕੋਈ ਠੋਸ ਹੱਲ ਨਹੀਂ ਨਿਕਲਿਆ। ਮੁਲਾਜ਼ਮਾਂ ਦੀਆਂ ਮੁੱਖ ਮੰਗਾਂ ਪੇਅ ਪ੍ਰੋਟੈਕਸ਼ਨ ਸਮੇਤ ਰੈਗੂਲਰ ਕਰਨ ਤੇ ਬਰਾਬਰ ਕੰਮ ਲਈ ਬਰਾਬਰ ਤਨਖਾਹ ਹਨ। ਮੁਲਾਜ਼ਮਾਂ ਦਾ ਕਹਿਣਾ ਹੈ ਕਿ ਉਹ ਸਾਲਾਂ ਤੋਂ ਰੈਗੂਲਰ ਮੁਲਾਜ਼ਮਾਂ ਦੇ ਬਰਾਬਰ ਜ਼ਿੰਮੇਵਾਰੀਆਂ ਨਿਭਾ ਰਹੇ ਹਨ, ਪਰ ਘੱਟ ਤਨਖਾਹ ਤੇ ਨੌਕਰੀ ਦੀ ਅਸੁਰੱਖਿਆ ਦਾ ਸਾਹਮਣਾ ਕਰ ਰਹੇ ਹਨ। ਆਗੂਆਂ ਨੇ ਦੱਸਿਆ ਕਿ ਉਹ ਰੋਸ ਪ੍ਰਦਰਸ਼ਨ ਦੇ ਤਹਿਤ 23 ਨਵੰਬਰ ਨੂੰ ਐੱਨਐੱਚਐੱਮ ਦੇ ਮੁੱਖ ਦਫ਼ਤਰ ਚੰਡੀਗੜ੍ਹ ਵਿਖੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ ਤਾਂ ਜੋ ਮੁੱਖ ਦਫ਼ਤਰ ਦੇ ਅਫ਼ਸਰ ਇੱਕ ਪੁਖ਼ਤਾ ਮੁਲਾਜ਼ਮ ਹਿੱਤ ਪਲਾਨ ਬਣਾ ਕੇ 25 ਤਰੀਕ ਦੀ ਹੋ ਰਹੀ ਭਲਾਈ ਕਮੇਟੀ ਦੀ ਮੀਟਿੰਗ ਵਿੱਚ ਪੇਸ਼ ਕਰ ਸਕਣ ਤੇ ਸਰਕਾਰ ਮੁਲਾਜ਼ਮ ਹਿੱਤ ਮੰਗਾਂ ਨੂੰ ਮਨਜ਼ੂਰ ਕਰ ਸਕੇ। ਆਗੂਆਂ ਨੇ ਕਿਹਾ ਕਿ ਜੇਕਰ 25 ਨਵੰਬਰ ਦੀ ਮੀਟਿੰਗ ਵਿੱਚ ਕੋਈ ਪੁਖਤਾ ਹੱਲ ਨਹੀ ਨਿਕਲਦਾ ਤਾਂ 27 ਤਰੀਕ ਤੋਂ ਸੰਘਰਸ਼ ਹੋਰ ਤੇਜ਼ ਕਰ ਦਿੱਤਾ ਜਾਵੇਗਾ। ਇਸ ਮੌਕੇ ਆਗੂ ਨਰਿੰਦਰ ਸਿੰਘ ਕਮਿਊਨਿਟੀ ਹੈਲਥ ਅਫ਼ਸਰ, ਬਗੀਚ ਸਿੰਘ, ਹਰਜਿੰਦਰ ਸਿੰਘ, ਡਾ. ਪ੍ਰੀਤ ਮੁਖੀਜਾ, ਡਾ. ਪ੍ਰਭਾਤ ਬਜਾਜ, ਡਾ. ਗੁਰਵਿੰਦਰ ਸਿੰਘ, ਡਾ. ਲਲਿਤ, ਡਾ. ਮਨਮੀਤ ਕੌਰ, ਡਾ. ਅਮਨ, ਡਾ. ਯੁਵਰਾਜ, ਸੀਮਾ, ਡੀ ਪੀ ਐੱਮ ਹਰੀਸ਼, ਅਜੇ, ਨਵਜੀਤ ਸਿੰਘ, ਰਾਹੁਲ, ਸੁਨੀਤਾ , ਨਰਿੰਦਰ ਸ਼ਰਮਾ, ਗੁਰਦੇਵ ਸਿੰਘ, ਪਰਵੀਰ ਸਿੰਘ ਹਾਜ਼ਰ ਸਨ।

ਕਾਤਰਾਂ

ਕਾਂਗੜ ਦੀ ਚੋਣ ਕਮੇਟੀ 'ਚ ਨਿਯੁਕਤੀ 'ਤੇ ਕਾਂਗਰਸੀਆਂ 'ਚ ਖੁਸ਼ੀ ਦੀ ਲਹਿਰ



ਬਠਿੰਡਾ (ਰਾਜੀਵ ਗੋਇਲ)-ਪਿਛਲੇ ਦਿਨੀਂ ਕਾਂਗਰਸ ਹਾਈਕਮਾਨ ਵੱਲੋਂ ਸਾਬਕਾ ਵਜ਼ੀਰ ਤੇ ਹਲਕਾ ਰਾਮਪੁਰਾ ਫੂਲ ਦੇ ਸੀਨੀਅਰ ਨੇਤਾ ਗੁਰਪ੍ਰੀਤ ਸਿੰਘ ਕਾਂਗੜ ਨੂੰ ਸੂਬੇ ਦੀ ਚੋਣ ਕਮੇਟੀ ਦਾ ਮੈਂਬਰ ਨਿਯੁਕਤ ਕੀਤੇ ਜਾਣ 'ਤੇ ਜਿੱਥੇ ਕਾਂਗਰਸੀਆਂ 'ਚ ਖੁਸ਼ੀ ਦੀ ਲਹਿਰ ਦੇਖਣ ਨੂੰ ਮਿਲ ਰਹੀ ਹੈ, ਉੱਥੇ ਹੀ ਵਿਰੋਧੀਆਂ ਵੱਲੋਂ ਕਾਂਗੜ ਨੂੰ ਇਸ ਵਾਰ ਟਿਕਟ ਨਾ ਦਿੱਤੇ ਜਾਣ ਦੀਆਂ ਅਫਵਾਹਾਂ 'ਤੇ ਵੀ ਵਿਰਾਮ ਚਿੰਨ੍ਹ ਲਗਾ ਦਿੱਤਾ ਗਿਆ ਹੈ ਅਤੇ ਹੁਣ ਇਨ੍ਹਾਂ ਅਫਵਾਹਾਂ ਨੂੰ ਲੋਕਾਂ ਵੱਲੋਂ ਫੁਰਰਰ ਕਰ ਦਿੱਤਾ ਗਿਆ ਹੈ। ਭਾਵੇਂ ਹੀ ਇਹ ਗੱਲ ਪਹਿਲੇ ਦਿਨ ਤੋਂ ਸਾਫ ਸੀ ਕਿ ਤਿੰਨ ਵਾਰ ਵਿਧਾਇਕ ਤੇ ਮੰਤਰੀ ਪਦ 'ਤੇ ਰਹਿਣ ਵਾਲੇ ਉਮੀਦਵਾਰ ਨੂੰ ਕਦੇ ਵੀ ਪਾਰਟੀ ਟਿਕਟ ਤੋਂ ਵਾਂਝਿਆਂ ਨਹੀਂ ਰੱਖੇਗੀ, ਹਾਲਾਂਕਿ ਕਾਂਗੜ ਪਾਸ ਆਪਣੀ ਨਿੱਜੀ ਵੋਟ ਵੀ ਕਾਫੀ ਮਾਤਰਾ ਵਿੱਚ ਮੌਜੂਦ ਹੈ, ਪਰ ਸ਼ਾਇਦ ਵਿਰੋਧੀਆਂ ਨੂੰ ਭੁਲੇਖਾ ਸੀ ਕਿ ਕਾਂਗੜ ਨੂੰ ਟਿਕਟ ਨਾ ਮਿਲਣ ਦੀਆਂ ਅਫਵਾਹਾਂ ਫੈਲਾ ਕੇ ਸ਼ਾਇਦ ਕਾਂਗੜ ਸਮਰਥਕ ਲੋਕ ਸਾਡੇ ਨਾਲ ਹੱਥ ਮਿਲਾ ਲੈਣ, ਪਰ ਹੁਣ ਪਾਰਟੀ ਵੱਲੋਂ ਕਾਂਗੜ ਨੂੰ ਚੋਣ ਕਮੇਟੀ ਦਾ ਮੈਂਬਰ ਨਿਯੁਕਤ ਕਰਕੇ ਵਿਰੋਧੀਆਂ ਦੇ ਸਾਰੇ ਭਰਮ ਭੁਲੇਖੇ ਦੂਰ ਕਰ ਦਿੱਤੇ ਹਨ ਤੇ ਉਨ੍ਹਾਂ ਨੂੰ ਆਪਣੀ ਹੀ ਮੂੰਹ ਦੀ ਖਾਣੀ ਪਈ ਹੈ। ਇਸ ਮੌਕੇ ਕਾਂਗੜ ਦੇ ਗ੍ਰਹਿ ਵਿਖੇ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗਿਆ ਹੋਇਆ ਹੈ।

ਜੀ ਆਰ ਪੀ ਵੱਲੋਂ ਵਿਸ਼ੇਸ਼ ਚੈਕਿੰਗ ਤੇ ਜਾਗਰੂਕਤਾ ਅਭਿਆਨ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਮਾਨਯੋਗ ਸਪੈਸ਼ਲ ਡੀ.ਜੀ.ਪੀ. ਰੇਲਵੇ ਪੰਜਾਬ ਡਾ. ਜਤਿੰਦਰ ਜੈਨ (ਆਈ.ਪੀ.ਐੱਸ.) ਤੇ ਡੀ.ਐੱਸ.ਪੀ. ਜ਼ੋਨਲ ਫ਼ਿਰੋਜ਼ਪੁਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਥਾਣਾ ਜੀ.ਆਰ.ਪੀ. ਫ਼ਿਰੋਜ਼ਪੁਰ ਵੱਲੋਂ ਰੇਲਵੇ ਸਟੇਸ਼ਨ ਫ਼ਿਰੋਜ਼ਪੁਰ ਕੈਂਟ ਵਿਖੇ ਵਿਸ਼ੇਸ਼ 'ਪੈਸੰਜਰ ਅਵੇਅਰਨੈੱਸ ਤੇ ਸਰਚ ਅਪ੍ਰੇਸ਼ਨ' ਚਲਾਇਆ ਗਿਆ। ਟਰੇਨਾਂ ਵਿਚ ਮੁਸਾਫ਼ਰਾਂ ਦੀ ਵੱਧ ਰਹੀ ਭੀੜ ਤੇ ਉਨ੍ਹਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਇਹ ਵਿਸ਼ੇਸ਼ ਚੈਕਿੰਗ ਮੁਹਿੰਮ ਅਮਲ ਵਿੱਚ ਲਿਆਂਦ

ਹੈਰੀਟੇਜ ਸਕੂਲ ਦੇ ਵਿਦਿਆਰਥੀਆਂ ਨੇ ਇਨੋਵੇਸ਼ਨ ਚੈਲੇਂਜ 'ਚ ਮਾਰੀ ਬਾਜ਼ੀ



ਭਵਾਨੀਗੜ੍ਹ (ਰਾਜ ਖੁਰਮੀ)-ਹੈਰੀਟੇਜ ਪਬਲਿਕ ਸਕੂਲ ਭਵਾਨੀਗੜ੍ਹ ਦੇ ਵਿਦਿਆਰਥੀਆਂ ਨੇ ਆਪਣੀ ਨਵੀਨਤਮ ਸੋਚ, ਸਿਰਜਣਾਤਮਕ ਪ੍ਰਤਿਭਾ ਤੇ ਤਕਨੀਕੀ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਸਕੂਲ ਦੇ ਵਿਦਿਆਰਥੀਆਂ ਨਵਜੋਤ ਸਿੰਘ ਤੇ ਵੰਸ਼ਦੀਪ ਸਿੰਘ ਨੇ ਬ੍ਰੰਡਵੇ ਪਬਲਿਕ ਸਕੂਲ, ਮਨਾਲ ਵਿਖੇ ਕਰਵਾਏ ਗਏ 'ਟੈਕ ਨੋਵਾ 1.0- ਇਨੋਵੇਸ਼ਨ ਚੈਲੇਂਜ' ਦੇ ਸੀਨੀਅਰ ਵਿੰਗ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ।ਇਸ ਮੁਕਾਬਲੇ ਵਿੱਚ+2 ਹਿਊਮੈਨਿਟੀਜ਼ ਦੇ ਵਿਦਿਆਰਥੀਆਂ ਵੱਲੋਂ ਤਿਆਰ ਕੀਤਾ ਗਿਆ ਡੀਜ਼ਲ ਇੰਜਣ ਵਾਲੀ ਬੁਲੇਟ ਬਾਈਕ ਦਾ ਮਾਡਲ ਵਿਸ਼ੇਸ਼ ਖਿੱਚ ਦਾ ਕੇਂਦਰ ਬਣਿਆ।ਇਸ ਪ੍ਰੋਜੈਕਟ ਦੀ ਸਭ ਤੋਂ ਖ਼ਾਸ ਗੱਲ ਇਹ ਰਹੀ ਕਿ ਵਿਦਿਆਰਥੀ ਨਵਜੋਤ ਸਿੰਘ ਨੇ ਆਪਣੀ ਸਿਰਜਣਾਤਮਕ ਸੋਚ, ਮਿਹਨਤ ਤੇ ਤਕਨੀਕੀ ਯੋਗਤਾ ਦੇ ਬਲਬੂਤੇ ਇਸ ਨੂੰ ਖੁਦ ਡਿਜ਼ਾਈਨ ਕਰਨ ਦੇ ਨਾਲ-ਨਾਲ ਤਿਆਰ ਵੀ ਕੀਤਾ।ਇਸ ਮਾਣਮੱਤੀ ਪ੍ਰਾਪਤੀ 'ਤੇ ਸਕੂਲ ਦੀ ਪ੍ਰਿੰਸੀਪਲ ਗੁਰਪ੍ਰੀਤ ਕੌਰ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਵਿਦਿਆਰਥੀਆਂ ਦੀ ਮਿਹਨਤ, ਲਗਨ ਤੇ ਨਵੀਂ ਸੋਚ ਦਾ ਨਤੀਜਾ ਹੁੰਦੀਆਂ ਹਨ।ਉਨ੍ਹਾਂ ਕਿਹਾ ਕਿ ਸਕੂਲ ਦਾ ਮਕਸਦ ਵਿਦਿਆਰਥੀਆਂ ਨੂੰ ਸਿਰਫ਼ ਕਿਤਾਬੀ ਗਿਆਨ ਤੱਕ ਸੀਮਤ ਰੱਖਣਾ ਨਹੀਂ, ਸਗੋਂ ਉਨ੍ਹਾਂ ਅੰਦਰ ਵਿਗਿਆਨਕ ਸੋਚ, ਤਕਨੀਕੀ ਸਮਝ ਤੇ ਨਵੀਆਂ ਕਾਢਾਂ ਕਰਨ ਦੀ ਯੋਗਤਾ ਨੂੰ ਵੀ ਵਿਕਸਤ ਕਰਨਾ ਹੈ। ਇਸ ਮੌਕੇ ਸਕੂਲ ਪ੍ਰਬੰਧਕ ਸ੍ਰੀ ਅਨਿਲ ਮਿੱਤਲ ਤੇ ਸ੍ਰੀਮਤੀ ਆਸ਼ਿਮਾ ਮਿੱਤਲ ਨੇ ਵੀ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਇਸ ਸ਼ਾਨਦਾਰ ਸਫ਼ਲਤਾ ਲਈ ਵਧਾਈ ਦਿੱਤੀ।

ਨੌਜਵਾਨ ਪਾਰਟੀ ਦੀ ਰੀੜ੍ਹ ਦੀ ਹੱਡੀ : ਵਿਧਾਇਕ ਕੋਹਲੀ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਆਮ ਆਦਮੀ ਪਾਰਟੀ (ਆਪ) ਦੇ ਯੂਥ ਵਿੰਗ ਦੇ ਨਵ-ਨਿਯੁਕਤ ਸ਼ਹਿਰੀ ਪ੍ਰਧਾਨ ਯੁਵਰਾਜ ਵਰਮਾ ਨੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨਾਲ ਵਿਸ਼ੇਸ਼ ਮੁਲਾਕਾਤ ਕੀਤੀ।ਇਸ ਮੁਲਾਕਾਤ ਦੌਰਾਨ ਯੂਥ ਵਿੰਗ ਦੀ ਟੀਮ ਵੱਲੋਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਮੁਲਾਕਾਤ ਦੌਰਾਨ ਨਵ-ਨਿਯੁਕਤ ਸ਼ਹਿਰੀ ਪ੍ਰਧਾਨ ਯੁਵਰਾਜ ਵਰਮਾ ਤੇ ਯੂਥ ਵਿੰਗ ਦੇ ਹੋਰ ਅਹੁਦੇਦਾਰਾਂ ਨੇ ਪਾਰਟੀ ਦੀ ਮਜ਼ਬੂਤੀ ਤੇ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਲਈ ਪੂਰੀ ਲਗਨ ਤੇ ਤਨਦੇਹੀ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ।ਉਨ੍ਹਾਂ ਕਿਹਾ ਕਿ ਯੂਥ ਵਿੰਗ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਨੂੰ ਨੌਜਵਾਨ ਵਰਗ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਏਗਾ ਤੇ ਜ਼ਮੀਨੀ ਪੱਧਰ 'ਤੇ ਸੰਗਠਨ ਨੂੰ ਹੋਰ ਮਜ਼ਬੂਤ ਕਰੇਗਾ।ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਯੁਵਰਾਜ ਵਰਮਾ ਨੂੰ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਵਧਾਈ ਦਿੱਤੀ।ਵਿਧਾਇਕ ਕੋਹਲੀ ਨੇ ਕਿਹਾ ਕਿ ਨੌਜਵਾਨ ਕਿਸੇ ਵੀ ਪਾਰਟੀ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ।ਉਨ੍ਹਾਂ ਕਿਹਾ ਕਿ ਨੌਜਵਾਨਾਂ ਦੀ ਊਰਜਾ, ਜੋਸ਼ ਤੇ ਸਕਾਰਾਤਮਕ ਸੋਚ ਨਾਲ ਹੀ ਸਮਾਜ ਤੇ ਸੂਬੇ ਵਿੱਚ ਉਸਾਰੂ ਬਦਲਾਅ ਲਿਆਂਦਾ ਜਾ ਸਕਦਾ ਹੈ।ਉਨ੍ਹਾਂ ਯੂਥ ਵਿੰਗ ਦੇ ਨਵੇਂ ਅਹੁਦੇਦਾਰਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹਮੇਸ਼ਾ ਤੱਤਪਰ ਰਹਿਣ ਤੇ ਸਰਕਾਰ ਦੀਆਂ ਭਲਾਈ ਸਕੀਮਾਂ ਦਾ ਲਾਭ ਆਮ ਲੋਕਾਂ ਤੱਕ ਪਹੁੰਚਾਉਣ ਵਿੱਚ ਸਹਿਯੋਗ ਕਰਨ।ਇਸ ਮੌਕੇ ਯੂਥ ਵਿੰਗ ਦੇ ਕਈ ਸਥਾਨਕ ਆਗੂ ਤੇ ਵਰਕਰ ਹਾਜ਼ਰ ਸਨ।

ਚੱਕ ਸੋਤਰੀਆਂ ਦੀ ਪੰਚਾਇਤ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਲ



ਜਲਾਲਾਬਾਦ (ਜੀਤ ਕੁਮਾਰ, ਜੰਗੀਰ ਕੌਰ)-ਸਾਬਕਾ ਵਿਧਾਇਕ ਜਲਾਲਾਬਾਦ ਸ. ਰਮਿੰਦਰ ਸਿੰਘ ਆਵਲਾ ਦੇ ਗ੍ਰਹਿ ਵਿਖੇ ਪਿੰਡ ਚੱਕ ਸੋਤਰੀਆਂ (ਬਸਤੀ ਬੋਰੀਆਂ) ਦੀ ਸਮੁੱਚੀ ਪੰਚਾਇਤ ਤੇ ਪਿੰਡ ਵਾਸੀਆਂ ਨੇ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਸਰਪੰਚ ਕ੍ਰਿਸ਼ਨ ਰਾਣੀ ਧਰਮਪਤਨੀ ਬਲਵੰਤ ਸਿੰਘ, ਮੈਂਬਰ ਸੀਤਾ ਬਾਈ ਧਰਮਪਤਨੀ ਸਤਨਾਮ ਸਿੰਘ, ਮੈਂਬਰ ਮਹਿੰਗਾ ਸਿੰਘ, ਮੈਂਬਰ ਕਾਕਾ ਸਿੰਘ, ਰਾਮਦੇਵ, ਵੀਰ ਸਿੰਘ, ਲਸ਼ਮਣ ਦਾਸ, ਜਗਸੀਰ ਸਿੰਘ, ਭਗਵਾਨ ਦਾਸ, ਬਿੱਟੂ, ਰਾਜਾ ਤੇ ਅਮਰਜੀਤ ਸਿੰਘ ਸਮੇਤ ਹੋਰ ਪਿੰਡ ਵਾਸੀ ਮੌਜੂਦ ਰਹੇ। ਸ. ਰਮਿੰਦਰ ਸਿੰਘ ਆਵਲਾ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਸਾਥੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਵਿੱਚ ਉਨ੍ਹਾਂ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਲੋਕਾਂ ਦਾ ਵਧ ਰਿਹਾ ਵਿਸ਼ਵਾਸ ਤੇ ਸਾਥ ਪਾਰਟੀ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰ ਰਿਹਾ ਹੈ।

ਆਰ ਟੀ ਓ ਵੱਲੋਂ ਸਕੂਲੀ ਬੱਸਾਂ ਦੀ ਵਿਸ਼ੇਸ਼ ਚੈਕਿੰਗ, 5 ਬੱਸਾਂ ਦੇ ਕੀਤੇ ਚਲਾਨ



ਬਠਿੰਡਾ (ਪਰਵਿੰਦਰ ਜੀਤ ਸਿੰਘ)-ਸਕੂਲੀ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਖੇਤਰੀ ਟਰਾਂਸਪੋਰਟ ਅਫ਼ਸਰ (ਆਰ.ਟੀ.ਓ.) ਬਠਿੰਡਾ ਸ੍ਰੀ ਅਮਰਿੰਦਰ ਪਾਲ ਸਿੰਘ ਚੌਹਾਨ ਵੱਲੋਂ ਆਪਣੀ ਟੀਮ ਨਾਲ ਸਕੂਲੀ ਬੱਸਾਂ ਦੀ ਵਿਸ਼ੇਸ਼ ਚੈਕਿੰਗ ਕੀਤੀ ਗਈ।ਇਸ ਦੌਰਾਨ ਨਿਰਧਾਰਤ ਟਰਾਂਸਪੋਰਟ ਨਿਯਮਾਂ ਤੇ ਬੱਚਿਆਂ ਦੀ ਸੁਰੱਖਿਆ ਨਾਲ ਸਬੰਧਤ ਰੂਲਾਂ ਦੀ ਜਾਂਚ ਕੀਤੀ।ਚੈਕਿੰਗ ਦੌਰਾਨ ਨਿਯਮਾਂ ਦੀ ਉਲੰਘਣਾ ਪਾਏ ਜਾਣ 'ਤੇ ਕਲੇਅ ਇੰਡੀਆ ਇੰਟਰਨੈਸ਼ਨਲ ਸਕੂਲ, ਸੰਗਤ ਕਲਾਂ ਦੀਆਂ ਪੰਜ ਬੱਸਾਂ ਦੇ ਚਲਾਨ ਕੱਟੇ ਗਏ ਤੇ ਜੁਰਮਾਨੇ ਦੀ ਰਕਮ ਵੀ ਜਮ੍ਹਾਂ ਕਰਵਾਈ ਗਈ।ਆਰ.ਟੀ.ਓ. ਨੇ ਦੱਸਿਆ ਕਿ ਇਹ ਵਿਸ਼ੇਸ਼ ਚੈਕਿੰਗ ਮੁਹਿੰਮ ਸਰਕਾਰ ਦੀ ਸੇਫ਼ ਸਕੂਲ ਵਾਹਨ ਪਾਲਿਸੀ ਦੇ ਉਦੇਸ਼ਾਂ ਤਹਿਤ ਚਲਾਈ ਗਈ ਹੈ, ਤਾਂ ਜੋ ਸਕੂਲੀ ਬੱਚਿਆਂ ਨੂੰ ਸੁਰੱਖਿਅਤ ਤੇ ਭਰੋਸੇਯੋਗ ਆਵਾਜਾਈ ਸਹੂਲਤ ਮੁਹੱਈਆ।ਇਸ ਪਾਲਿਸੀ ਤਹਿਤ ਸਕੂਲੀ ਵਾਹਨਾਂ ਦੇ ਲੋੜੀਂਦੇ ਦਸਤਾਵੇਜ਼, ਫਿਟਨੈੱਸ ਸਰਟੀਫਿਕੇਟ, ਸੁਰੱਖਿਆ ਉਪਕਰਨ, ਸਿਖਲਾਈ ਪ੍ਰਾਪਤ ਡਰਾਈਵਰਾਂ ਤੇ ਸਹਾਇਕਾਂ ਸਮੇਤ ਹੋਰ ਲਾਜ਼ਮੀ ਸੁਰੱਖਿਆ ਮਾਪਦੰਡਾਂ ਦੀ ਪਾਲਣਾ ਕਰਨੀ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਬੱਚਿਆਂ ਦੀ ਸੁਰੱਖਿਆ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਤੇ ਸੇਫ਼ ਸਕੂਲ ਵਾਹਨ ਪਾਲਿਸੀ ਦੇ ਨਿਯਮਾਂ ਨੂੰ ਸਖ਼ਤੀ ਨਾਲ ਲਾਗੂ ਕੀਤਾ ਜਾਵੇਗਾ।ਆਰ.ਟੀ.ਓ ਨੇ ਸਮੂਹ ਸਕੂਲ ਪ੍ਰਬੰਧਕਾਂ, ਪ੍ਰਿੰਸੀਪਲਾਂ ਤੇ ਸਕੂਲੀ ਬੱਸਾਂ ਦੇ ਆਪ੍ਰੇਟਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਵਾਹਨਾਂ ਵਿੱਚ ਨਿਰਧਾਰਤ ਸੁਰੱਖਿਆ ਮਾਪਦੰਡਾਂ ਤੇ ਕਾਨੂੰਨੀ ਨਿਯਮਾਂ ਦੀ ਪੂਰੀ ਤਰ੍ਹਾਂ ਪਾਲਣਾ ਯਕੀਨੀ ਬਣਾਉਣ।ਉਨ੍ਹਾਂ ਮਾਪਿਆਂ ਨੂੰ ਵੀ ਅਪੀਲ ਕੀਤੀ ਕਿ ਉਹ ਬੱਚਿਆਂ ਦੀ ਸਕੂਲੀ ਆਵਾਜਾਈ ਸਬੰਧੀ ਸੁਰੱਖਿਆ ਪ੍ਰਤੀ ਸੁਚੇਤ ਰਹਿਣ ਤੇ ਕਿਸੇ ਵੀ ਤਰ੍ਹਾਂ ਦੀ ਉਲੰਘਣਾ ਸਾਹਮਣੇ ਆਉਣ 'ਤੇ ਸਬੰਧਤ ਵਿਭਾਗ ਦੇ ਧਿਆਨ ਵਿੱਚ ਲਿਆਉਣ।

ਭਾਜਪਾ ਆਪਣੀ ਚਾਰਜਸ਼ੀਟ ਮੁਹਿੰਮ ਮੁੱਖ ਮੰਤਰੀ ਦੇ ਹਲਕੇ ਤੋਂ ਸ਼ੁਰੂ ਕਰੇਗੀ : ਪ੍ਰਦੀਪ ਗਰਗ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)-ਭਾਜਪਾ ਦੇ ਸੂਬਾਈ ਆਗੂ ਪ੍ਰਦੀਪ ਗਰਗ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਦੀਆਂ ਨਾਕਾਮੀਆਂ, ਭ੍ਰਿਸ਼ਟਾਚਾਰ ਤੇ ਲੋਕਾਂ ਨਾਲ ਹੋਈਆਂ ਕਥਿਤ ਜ਼ਿਆਦਤੀਆਂ ਨੂੰ ਉਜਾਗਰ ਕਰਨ ਲਈ ਭਾਜਪਾ ਨੇ ਚਾਰਜਸ਼ੀਟ ਕਮੇਟੀ ਬਣਾਈ ਹੈ।ਉਨ੍ਹਾ ਕੱਲ੍ਹ ਕਮੇਟੀ ਦੀ ਜਲੰਧਰ ਵਿਖੇ ਹੋਈ ਪਹਿਲੀ ਮੀਟਿੰਗ ਬਾਰੇ ਦੱਸਦਿਆਂ ਕਿਹਾ ਕਿ ਪੰਜਾਬ ਸਰਕਾਰ ਖ਼ਿਲਾਫ਼ ਚਾਰਜਸ਼ੀਟ ਤਿਆਰ ਕਰਨ ਦੀ ਪ੍ਰਕਿਰਿਆ ਨੂੰ ਇਕ ਦਸਤਾਵੇਜ਼ ਤੱਕ ਸੀਮਤ ਰੱਖਣ ਦੀ ਬਜਾਏ ਇਸ ਨੂੰ ਲੋਕਾਂ ਦੀ ਆਵਾਜ਼ ਬਣਾਇਆ ਜਾਵੇਗਾ।ਉਨ੍ਹਾ ਕਿਹਾ ਕਿ ਪੰਜਾਬ ਦਾ ਹਰ ਵਰਗ ਮੌਜੂਦਾ ਸਰਕਾਰ ਤੋਂ ਪ੍ਰੇਸ਼ਾਨ ਹੈ।ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਭ੍ਰਿਸ਼ਟਾਚਾਰ, ਨਸ਼ਿਆਂ, ਵਿਗੜਦੀ ਕਾਨੂੰਨ-ਵਿਵਸਥਾ, ਗੈਂਗਸਟਰਵਾਦ, ਫਿਰੌਤੀ, ਬੇਰੁਜ਼ਗਾਰੀ ਤੇ ਪੰਜਾਬ ਵਿਚੋਂ ਉਦਯੋਗਾਂ ਦੇ ਪਲਾਇਨ ਵਰਗੇ ਗੰਭੀਰ ਮੁੱਦਿਆਂ ਨਾਲ ਨਜਿੱਠਣ ਵਿੱਚ ਨਾਕਾਮ ਰਹੀ ਹੈ।ਉਨ੍ਹਾਂ ਕਿਹਾ ਕਿ ਪੁਲਸ ਦੀਆਂ ਕਥਿਤ ਜ਼ਿਆਦਤੀਆਂ ਤੇ ਲੋਕਤੰਤਰੀ ਪ੍ਰਕਿਰਿਆ ਨੂੰ ਪ੍ਰਭਾਵਿਤ ਕਰਨ ਵਾਲੀਆਂ ਘਟਨਾਵਾਂ ਨੂੰ ਵੀ ਸਰਕਾਰ ਖ਼ਿਲਾਫ਼ ਚਾਰਜਸ਼ੀਟ ਵਿੱਚ ਸ਼ਾਮਲ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਭਾਜਪਾ ਵਰਕਰ ਬੂਥ ਪੱਧਰ ਤੱਕ ਜਾ ਕੇ ਲੋਕਾਂ ਦੀਆਂ ਸ਼ਿਕਾਇਤਾਂ ਤੇ ਸਰਕਾਰ ਨਾਲ ਸਬੰਧਤ ਉਨ੍ਹਾਂ ਦੀਆਂ ਸਮੱਸਿਆਵਾਂ ਦਰਜ ਕਰਨਗੇ।ਇਸ ਲਈ ਇਕ ਵੈੱਬਸਾਈਟ ਵੀ ਸ਼ੁਰੂ ਕੀਤੀ ਜਾਵੇਗੀ, ਜਿਸ 'ਤੇ ਲੋਕ ਆਪਣੀਆਂ ਸ਼ਿਕਾਇਤਾਂ ਦਰਜ ਕਰਵਾ ਸਕਣਗੇ।ਉਨ੍ਹਾਂ ਕਿਹਾ ਕਿ ਲੋਕਾਂ ਨਾਲ ਹੋਈਆਂ ਜ਼ਿਆਦਤੀਆਂ ਤੇ ਪੁਲਸ ਦੀ ਕਥਿਤ ਧੱਕੇਸ਼ਾਹੀ ਨਾਲ ਸਬੰਧਤ ਸ਼ਿਕਾਇਤਾਂ ਨੂੰ ਸਬੰਧਤ ਅਧਿਕਾਰੀਆਂ ਅੱਗੇ ਉਠਾਇਆ ਜਾਵੇਗਾ ਤੇ ਕਾਨੂੰਨੀ ਪ੍ਰਕਿਰਿਆ ਤਹਿਤ ਅੱਗੇ ਵਧਾਇਆ ਜਾਵੇਗਾ।

ਬੀ ਕੇ ਯੂ ਰਾਜੇਵਾਲ ਵੱਲੋਂ ਜਲਾਨ ਦੀ 31 ਮੈਂਬਰੀ ਇਕਾਈ ਦਾ ਸਰਬਸੰਮਤੀ ਨਾਲ ਗਠਨ

ਭਵਾਨੀਗੜ੍ਹ (ਰਾਜ ਖੁਰਮੀ)-ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਬਲਾਕ ਭਵਾਨੀਗੜ੍ਹ ਵੱਲੋਂ ਪਿੰਡ ਜਲਾਨ ਵਿਖੇ ਕਿਸਾਨਾਂ ਦੀ ਇਕੱਤਰਤਾ ਦੌਰਾਨ ਪਿੰਡ ਇਕਾਈ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ।ਇਸ ਮੌਕੇ ਕਿਸਾਨ ਆਗੂਆਂ ਦੀ ਸਹਿਮਤੀ ਨਾਲ 31 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ।ਚੁਣੀ ਗਈ ਇਕਾਈ ਵਿੱਚ ਨਰੰਜਣ ਸਿੰਘ ਨੂੰ ਪ੍ਰਧਾਨ, ਸੁਰਜੀਤ ਸਿੰਘ ਨੂੰ ਮੀਤ ਪ੍ਰਧਾਨ, ਸਤਿਗੁਰ ਸਿੰਘ ਨੂੰ ਖ਼ਜ਼ਾਨਚੀ, ਗੁਰਜੀਤ ਸਿੰਘ ਪੰਚ ਨੂੰ ਜਨਰਲ ਸਕੱਤਰ, ਰਸਪਿੰਦਰ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ, ਗੁਰਜੀਤ ਸਿੰਘ ਨੂੰ ਸਲਾਹਕਾਰ ਤੇ ਸੁਖਵਿੰਦਰ ਸਿੰਘ ਸੁੱਖੀ ਨੂੰ ਪ੍ਰੈੱਸ ਸਕੱਤਰ ਨਿਯੁਕਤ ਕੀਤਾ ਗਿਆ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਕਪਿਆਲ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਿਸਾਨੀ ਮੰਗਾਂ ਨੂੰ ਲੈ ਕੇ ਸੰਯੁਕਤ ਕਿਸਾਨ ਮੋਰਚੇ ਵੱਲੋਂ 26 ਨਵੰਬਰ ਨੂੰ ਪਟਿਆਲਾ ਵਿਖੇ ਦਿੱਲੀ ਕਿਸਾਨ ਅੰਦੋਲਨ ਦੀ ਛੇਵੀਂ ਵਰ੍ਹੇਗੰਢ ਮਨਾਈ ਜਾਵੇਗੀ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਹੱਕਾਂ ਦੀ ਆਵਾਜ਼ ਬੁਲੰਦ ਕਰਨ ਲਈ ਵੱਡੀ ਗਿਣਤੀ ਵਿੱਚ ਪਟਿਆਲਾ ਵਿਖੇ ਹੋਣ ਵਾਲੀ ਰੈਲੀ ਵਿੱਚ ਸ਼ਮੂਲੀਅਤ ਕਰਨ।ਇਸ ਮੌਕੇ ਬਲਾਕ ਪ੍ਰਧਾਨ ਕੁਲਵਿੰਦਰ ਸਿੰਘ ਮਾਝਾ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਬਲਜਿੰਦਰ ਸਿੰਘ ਸੰਘਰੇੜੀ, ਜ਼ਿਲ੍ਹਾ ਪ੍ਰੈੱਸ ਸਕੱਤਰ ਜਸਪਾਲ ਸਿੰਘ ਘਰਾਚੋਂ, ਮੱਖਣ ਸਿੰਘ ਘਾਬਦਾਂ, ਰੋਹੀ ਸਿੰਘ, ਯਾਦਵਿੰਦਰ ਸਿੰਘ ਘਰਾਚੋਂ, ਹਰਪ੍ਰੀਤ ਸਿੰਘ ਫੌਜੀ, ਦਰਸ਼ਨ ਸਿੰਘ ਘਾਬਦਾਂ ਤੇ ਸੁਰਜੀਤ ਸਿੰਘ ਭਿੰਡਰ ਸਮੇਤ ਹੋਰ ਕਿਸਾਨ ਆਗੂ ਤੇ ਕਿਸਾਨ ਹਾਜ਼ਰ ਸਨ।

ਲੁੱਟ-ਖੋਹ ਦੀ ਸਾਜ਼ਿਸ਼ ਨਕਾਮ, ਵਿਦੇਸ਼ੀ ਗੈਂਗਸਟਰ ਦੇ 4 ਗੁਰਗੇ ਅਸਲੇ ਸਮੇਤ ਕਾਬੂ

30 ਬੋਰ ਜਗਾਨਾ ਤੇ 09 ਐੱਮ ਐੱਮ ਗਲੌਕ ਪਿਸਤੌਲ ਸਮੇਤ 4 ਜਿੰਦਾ ਕਾਰਤੂਸ ਬਰਾਮਦ

ਫਰੀਦਕੋਟ (ਐਲਿਗਜੈਂਡਰ ਡਿਸੂਜਾ)



ਫਰੀਦਕੋਟ ਪੁਲਸ ਦੀ ਚੌਕਸੀ ਸਦਕਾ ਇੱਕ ਵੱਡੀ ਅਪਰਾਧਿਕ ਵਾਰਦਾਤ ਟਲ਼ ਗਈ ਹੈ।ਸੀ.ਆਈ.ਏ. ਸਟਾਫ ਫਰੀਦਕੋਟ ਨੇ ਵਿਦੇਸ਼ ਬੈਠੇ ਅਪਰਾਧੀ ਦੇ ਇਸ਼ਾਰੇ 'ਤੇ ਕੰਮ ਕਰਨ ਵਾਲੇ ਗਰੋਹ ਦੇ 4 ਸਰਗਰਮ ਮੈਂਬਰਾਂ ਨੂੰ ਮਾਰੂ ਹਥਿਆਰਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ।ਮੁਲਜ਼ਮਾਂ ਕੋਲੋਂ ਇੱਕ .30 ਬੋਰ ਜਗਾਨਾ ਪਿਸਤੌਲ (2 ਰੌਂਦ) ਤੇ ਇੱਕ 09 ਐਮ.ਐਮ. ਗਲੌਕ ਪਿਸਤੌਲ (2 ਰੌਂਦ) ਬਰਾਮਦ ਹੋਏ ਹਨ।

ਡੀ.ਐਸ.ਪੀ. (ਇਨਵੈਸਟੀਗੇਸ਼ਨ) ਅਵਤਾਰ ਸਿੰਘ ਨੇ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਡੀ.ਜੀ.ਪੀ. ਪੰਜਾਬ ਗੌਰਵ ਯਾਦਵ, ਆਈ.ਜੀ. ਫਰੀਦਕੋਟ ਰੇਂਜ ਜੱਗਦਲੇ ਨਿਲਾਬਰੀ ਵਿਜੇ ਤੇ ਐਸ.ਐਸ.ਪੀ. ਗੁਰਬੰਸ ਸਿੰਘ ਬੈਂਸ ਦੀ ਅਗਵਾਈ ਹੇਠ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ 'ਜ਼ੀਰੋ ਟਾਲਰੈਂਸ' ਨੀਤੀ ਤਹਿਤ ਕਾਰਵਾਈ ਕੀਤੀ ਜਾ ਰਹੀ ਹੈ।ਇਸੇ ਤਹਿਤ ਸਹਾਇਕ ਥਾਣੇਦਾਰ ਗੁਰਬਚਨ ਸਿੰਘ ਦੀ ਅਗਵਾਈ ਵਾਲੀ ਪੁਲਸ ਪਾਰਟੀ ਮੁਕਤਸਰ ਰੋਡ 'ਤੇ ਸਾਦਿਕ ਚੌਕ ਨੇੜੇ ਗਸ਼ਤ ਕਰ ਰਹੀ ਸੀ।ਇਸ ਦੌਰਾਨ ਗੁਪਤ ਸੂਚਨਾ ਮਿਲੀ ਕਿ ਕੋਟਕਪੂਰਾ ਨਿਵਾਸੀ ਅਕਾਸ਼ਦੀਪ ਸਿੰਘ ਉਰਫ਼ ਅਕਾ

ਪ੍ਰਕਾਸ਼ ਪੁਰਬ ਨੂੰ ਸਮਰਪਤ 4 ਤੋਂ 6 ਦਸੰਬਰ ਤੱਕ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਕਰਵਾਏ ਜਾਣਗੇ ਵਿਸ਼ਾਲ ਸਮਾਗਮ



ਗੜ੍ਹਸ਼ੰਕਰ/ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮਾਂ ਦੀ ਲੜੀ ਤਹਿਤ ਵਾਰਾਣਸੀ, ਜੰਮੂ, ਬਠਿੰਡਾ ਅਤੇ ਫਰੀਦਕੋਟ ਤੋਂ ਚਾਰ ਸ਼ੋਭਾ ਯਾਤਰਾਵਾਂ ਸਜਾਈਆਂ ਜਾਣਗੀਆਂ ਜੋ 3 ਦਸੰਬਰ ਨੂੰ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਪਹੁੰਚਣਗੀਆਂ ਜਿਸ ਉਪਰੰਤ 4, 5 ਅਤੇ 6 ਦਸੰਬਰ ਨੂੰ ਲਗਾਤਾਰ ਵੱਡੇ ਪੱਧਰ 'ਤੇ ਧਾਰਮਿਕ ਸਮਾਗਮ ਕਰਵਾਏ ਜਾਣਗੇ।ਸਮਾਗਮਾਂ ਦੀ ਰੂਪਰੇਖਾ ਅਨੁਸਾਰ ਤਿਆਰੀਆਂ ਅਤੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਮੀਨਾਰ-ਏ-ਬੇਗਮਪੁਰਾ ਵਿਖੇ ਉੱਚ ਪੱਧਰੀ ਮੀਟਿੰਗ ਦੌਰਾਨ ਵੱਡੀ ਪੱਧਰ 'ਤੇ ਸੰਗਤ ਦੀ ਆਮਦ ਦੇ ਮੱਦੇਨਜ਼ਰ ਵਿਚਾਰ-ਵਟਾਂਦਰਾ ਕੀਤਾ ਗਿਆ।ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਅਧਿਕਾਰੀਆਂ ਨੂੰ ਤਾਕੀਦ ਕੀਤੀ ਕਿ ਸਮਾਂ ਰਹਿੰਦਿਆਂ ਸਮਾਗਮਾਂ ਦੀਆਂ ਤਿਆਰੀਆਂ ਨੂੰ ਅੰਤਿਮ ਰੂਪ ਦਿੱਤਾ ਜਾਵੇ। ਤਪ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਕੇਵਲ ਸਿੰਘ ਦੀ ਮੌਜੂਦਗੀ ਵਿਚ ਮਾਰਕਫੈਡ ਦੇ ਐਮ ਡੀ ਵਿਸ਼ੇਸ਼ ਸਾਰੰਗਲ, ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਅਤੇ ਸੈਰ ਸਪਾਟਾ ਵਿਭਾਗ ਦੇ ਡਾਇਰੈਕਟਰ ਸੰਜੀਵ ਤਿਵਾੜੀ ਨੇ ਵੱਖ-ਵੱਖ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਗੱਲਬਾਤ ਕਰਦਿਆਂ ਸੰਗਤ ਲਈ ਸੁਖਾਵੀਂ ਆਵਾਜਾਈ, ਰਿਹਾਇਸ਼ ਅਤੇ ਲੰਗਰ ਵਿਵਸਥਾ ਦੀ ਲੋੜ 'ਤੇ ਜ਼ੋਰ ਦਿੱਤਾ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ 3 ਦਸੰਬਰ ਨੂੰ ਚਾਰ ਸ਼ੋਭਾ ਯਾਤਰਾਵਾਂ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਸੰਪੂਰਨ ਹੋਣਗੀਆਂ ਜਿਸ ਉਪਰੰਤ 4 ਦਸੰਬਰ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਹੋਰ ਸ਼ਖਸੀਅਤਾਂ ਤਪ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਮੌਕੇ ਇਕੱਤਰ ਹੋਣੀਆਂ ਜਿਸ ਉਪਰੰਤ ਮੁੱਖ ਮੰਤਰੀ ਵਲੋਂ ਮੀਨਾਰ-ਏ-ਬੇਗਮਪੁਰਾ ਕੰਪਲੈਕਸ ਵਿਖੇ ਗੁਰੂ ਜੀ ਦੇ ਜੀਵਨ ਨਾਲ ਸਬੰਧਤ ਪ੍ਰਦਰਸ਼ਨੀ ਦਾ ਉਦਘਾਟਨ ਕੀਤਾ ਜਾਵੇਗਾ। 4 ਦਸੰਬਰ ਨੂੰ ਬਾਅਦ ਦੁਪਹਿਰ ਸੰਤ ਸੰਮੇਲਨ ਅਤੇ ਕੀਰਤਨ ਦਰਬਾਰ ਤੋਂ ਬਾਅਦ ਸ਼ਾਮ 7 ਵਜੇ ਗੁਰੂ ਜੀ ਦੇ ਜੀਵਨ, ਸਿੱਖਿਆਵਾਂ ਅਤੇ ਫਲਸਫੇ 'ਤੇ ਆਧਾਰਤ ਥ੍ਰੀ ਡੀ ਪ੍ਰੋਜੈਕਸ਼ਨ ਅਤੇ ਡਰੋਨ ਸ਼ੋਅ ਹੋਵੇਗਾ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਦੂਸਰੇ ਦਿਨ 5 ਦਸੰਬਰ ਨੂੰ ਚਰਨ ਛੋਹ ਗੰਗਾ ਤੋਂ ਨਗਰ ਕੀਰਤਨ ਸਜਾਇਆ ਜਾਵੇਗਾ ਜਿਸ ਉਪਰੰਤ ਕੀਰਤਨ ਦਰਬਾਰ ਅਤੇ ਥ੍ਰੀ ਡੀ ਪ੍ਰੋਜੈਕਸ਼ਨ ਹੋਵੇਗੀ। ਇਸੇ ਤਰ੍ਹਾਂ 6 ਦਸੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ ਅਤੇ ਮੁੱਖ ਮੰਤਰੀ ਵਲੋਂ ਬੂਟੇ ਲਾਉਣ ਦੀ ਮੁਹਿੰਮ ਦਾ ਆਗਾਜ਼ ਕੀਤਾ ਜਾਵੇਗਾ। ਸਮਾਗਮ ਸਥਾਨ 'ਤੇ ਕੀਰਤਨ ਦਰਬਾਰ ਕਰਵਾਇਆ ਜਾਵੇਗਾ।

ਗਮਾਡਾ ਦਾ 15 ਹਜ਼ਾਰ ਕਰੋੜ ਰੁਪਏ ਦੇ ਫੰਡ ਜੁਟਾਉਣ ਵਾਲਾ ਟੈਂਡਰ ਰੱਦ

ਚੰਡੀਗੜ੍ਹ : ਪੰਜਾਬ ਸਰਕਾਰ ਨੇ ਗਰੇਟਰ ਮੁਹਾਲੀ ਏਰੀਆ ਵਿਕਾਸ ਅਥਾਰਟੀ (ਗਮਾਡਾ) ਵੱਲੋਂ 15 ਹਜ਼ਾਰ ਕਰੋੜ ਰੁਪਏ ਦੇ ਫੰਡ ਜੁਟਾਉਣ ਲਈ ਪ੍ਰਸਤਾਵਿਤ ਟੈਂਡਰ ਰੱਦ ਕਰ ਦਿੱਤਾ ਹੈ। ਇਸ ਫ਼ੈਸਲੇ ਨਾਲ ਪੰਜਾਬ ਦੇ ਸਿਆਸੀ ਅਤੇ ਪ੍ਰਸ਼ਾਸਨਿਕ ਹਲਕਿਆਂ ਵਿੱਚ ਹਲਚਲ ਤੇਜ਼ ਹੋ ਗਈ ਹੈ। ਖ਼ਾਸ ਗੱਲ ਇਹ ਹੈ ਕਿ ਇਸ ਮਾਮਲੇ ਵਿੱਚ ਐਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਵੱਲੋਂ ਵੀ ਜਾਂਚ ਕੀਤੀ ਜਾ ਰਹੀ ਹੈ। ਹਾਲ ਹੀ ਦੇ ਹਫ਼ਤਿਆਂ ਵਿੱਚ ਇਹ ਦੂਜਾ ਵੱਡਾ ਫ਼ੈਸਲਾ ਹੈ, ਜਿਸ ਨੂੰ ਸਰਕਾਰ ਨੇ ਵਾਪਸ ਲਿਆ ਹੈ। ਇਸ ਤੋਂ ਪਹਿਲਾਂ 15 ਅਕਤੂਬਰ ਨੂੰ ਸੈਕਟਰ 62 ਵਿੱਚ 1.13 ਏਕੜ ਦੀ ਫੂਡ ਕੋਰਟ ਸਾਈਟ ਸੰਬੰਧੀ ਰੇਮੀਗੇਟ ਬਿਲਡਸਟੇਟਸ ਨੂੰ ਦਿੱਤੀਆਂ ਲਗਪਗ 57 ਕਰੋੜ ਰੁਪਏ ਦੀਆਂ ਰਿਆਇਤਾਂ ਰੱਦ ਕੀਤੀਆਂ ਗਈਆਂ ਸਨ। ਗਮਾਡਾ ਵੱਲੋਂ ਕਰਜ਼ੇ ਅਤੇ ਬਾਂਡ ਜਾਰੀ ਕਰਕੇ ਲਗਪਗ 15 ਹਜ਼ਾਰ ਕਰੋੜ ਰੁਪਏ ਇਕੱਠੇ ਕਰਨ ਦੀ ਯੋਜਨਾ ਬਣਾਈ ਗਈ ਸੀ। ਇਸ ਲਈ 20 ਸਾਲਾਂ ਤੱਕ ਫੰਡ ਜੁਟਾਉਣ ਦਾ ਪ੍ਰਸਤਾਵ ਸੀ। ਹਾਲਾਂਕਿ, ਚੁਣੀ ਗਈ ਕੰਪਨੀ ਅਤੇ ਗਮਾਡਾ ਵਿਚਾਲੇ ਲੇਖਾ ਪ੍ਰਣਾਲੀ ਨੂੰ ਲੈ ਕੇ ਮਤਭੇਦ ਪੈਦਾ ਹੋ ਗਏ। ਜਾਣਕਾਰੀ ਅਨੁਸਾਰ ਚੁਣੀ ਗਈ ਕੰਪਨੀ ਲੇਖਾ ਪ੍ਰਣਾਲੀ ਅਪਣਾਉਣ 'ਤੇ ਜ਼ੋਰ ਦੇ ਰਹੀ ਸੀ, ਜਦਕਿ ਗਮਾਡਾ ਡਬਲ ਐਂਟਰੀ ਲੇਖਾ ਪ੍ਰਣਾਲੀ ਦੀ ਪਾਲਣਾ ਕਰਦਾ ਹੈ। ਮੌਜੂਦਾ ਪ੍ਰਣਾਲੀ ਬਦਲਣ ਲਈ ਘੱਟੋ-ਘੱਟ ਛੇ ਮਹੀਨੇ ਦਾ ਸਮਾਂ ਲੱਗਣਾ ਸੀ। ਇਸ ਕਾਰਨ ਹਾਊਸਿੰਗ ਵਿਭਾਗ ਨੇ ਟੈਂਡਰ ਰੱਦ ਕਰਨ ਦਾ ਫੈਸਲਾ ਕੀਤਾ। ਗਮਾਡਾ ਨੇ ਜੂਨ 2026 ਵਿੱਚ ਮਰਚੈਂਟ ਬੈਂਕਰ-ਕਮ-ਫੰਡ ਅਰੇਂਜਰ ਅਤੇ ਵਿੱਤੀ ਸਲਾਹਕਾਰ ਦੀ ਨਿਯੁਕਤੀ ਲਈ ਟੈਂਡਰ ਜਾਰੀ ਕੀਤਾ ਸੀ। ਇਸ ਰਾਹੀਂ ਬਾਂਡ, ਡਿਬੈਂਚਰ ਅਤੇ ਕਰਜ਼ਿਆਂ ਰਾਹੀਂ 15 ਹਜ਼ਾਰ ਕਰੋੜ ਰੁਪਏ ਜੁਟਾਉਣ ਦੀ ਯੋਜਨਾ ਸੀ। ਇਹ ਰਕਮ ਮੁਹਾਲੀ ਅਤੇ ਨਿਊ ਚੰਡੀਗੜ੍ਹ ਵਿੱਚ ਜ਼ਮੀਨ ਐਕੁਆਇਰ ਕਰਨ ਅਤੇ 14 ਵਿਕਾਸ ਪ੍ਰਾਜੈਕਟਾਂ 'ਤੇ ਖ਼ਰਚ ਕੀਤੀ ਜਾਣੀ ਸੀ। ਇਨ੍ਹਾਂ 'ਚ ਏਅਰੋਟਰੋਪੋਲਿਸ, ਈਕੋ ਸਿਟੀ-3 ਅਤੇ ਸੈਕਟਰ 87, 101 ਤੇ 103 ਦੇ ਪ੍ਰਾਜੈਕਟ ਸ਼ਾਮਲ ਸਨ। ਗਮਾਡਾ ਮੁਤਾਬਕ ਇਨ੍ਹਾਂ ਪ੍ਰਾਜੈਕਟਾਂ ਲਈ ਜ਼ਮੀਨ ਐਕੁਆਇਰ ਕਰਨ ਅਤੇ ਵਿਕਾਸ ਕਾਰਜਾਂ ਵਾਸਤੇ 17,686 ਕਰੋੜ ਰੁਪਏ ਦੀ ਲੋੜ ਸੀ। ਅਗਸਤ ਵਿੱਚ ਗੁਜਰਾਤ ਦੀ ਕੰਪਨੀ ਟਿਪਸਨ ਕੰਸਲਟੈਂਸੀ ਸਰਵਿਸਿਜ਼ ਪ੍ਰਾਈਵੇਟ ਲਿਮਟਿਡ ਨੂੰ ਸਭ ਤੋਂ ਘੱਟ ਬੋਲੀਕਾਰ ਵਜੋਂ ਚੁਣਿਆ ਗਿਆ ਸੀ। ਕੰਪਨੀ ਨੇ ਇਕੱਠੇ ਕੀਤੇ ਫੰਡਾਂ ਦਾ 1.27 ਫ਼ੀਸਦੀ, ਭਾਵ 191.16 ਕਰੋੜ ਰੁਪਏ ਫ਼ੀਸ ਵਜੋਂ ਲੈਣ ਦੀ ਪੇਸ਼ਕਸ਼ ਕੀਤੀ ਸੀ। ਇਹ ਭੁਗਤਾਨ ਫੰਡ ਸਫ਼ਲਤਾਪੂਰਵਕ ਜੁਟਾਉਣ ਤੋਂ ਬਾਅਦ ਕੀਤਾ ਜਾਣਾ ਸੀ। ਇਸੇ ਦੌਰਾਨ ਈਡੀ ਵੱਲੋਂ ਗਮਾਡਾ ਦੇ ਜ਼ਮੀਨੀ ਸੌਦਿਆਂ ਅਤੇ ਫੰਡਾਂ ਦੀ ਵਰਤੋਂ ਵਿੱਚ ਕਥਿਤ ਬੇਨੇਮੀਆਂ ਦੀ ਜਾਂਚ ਕੀਤੀ ਜਾ ਰਹੀ ਹੈ। ਸੂਤਰਾਂ ਮੁਤਾਬਕ ਜਾਂਚ ਏਜੰਸੀ ਨੇ ਪੰਜਾਬ ਦੇ ਹਾਊਸਿੰਗ ਅਤੇ ਸ਼ਹਿਰੀ ਵਿਕਾਸ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨੂੰ ਵੀ ਤਲਬ ਕੀਤਾ ਸੀ। ਦੂਜੇ ਪਾਸੇ, ਗਮਾਡਾ ਵੱਲੋਂ ਪ੍ਰਸਤਾਵਿਤ ਕਰਜ਼ੇ ਨੂੰ ਚੁਣੌਤੀ ਦਿੰਦਿਆਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਜਨਹਿੱਤ ਪਟੀਸ਼ਨ ਵੀ ਦਾਇਰ ਕੀਤੀ ਗਈ ਸੀ। ਸੁਣਵਾਈ ਦੌਰਾਨ ਅਦਾਲਤ ਨੇ ਸੂਬਾ ਸਰਕਾਰ ਤੋਂ ਗਮਾਡਾ ਦੇ ਫੰਡਾਂ ਦੇ ਪ੍ਰਬੰਧਨ ਅਤੇ ਪ੍ਰਸਤਾਵਿਤ ਕਰਜ਼ਾ ਲੈਣ ਦੇ ਫ਼ੈਸਲੇ ਬਾਰੇ ਸਪੱਸ਼ਟੀਕਰਨ ਮੰਗਿਆ ਸੀ। ਇਸ ਵਿੱਚ ਗਮਾਡਾ ਦੇ ਲਗਪਗ 6,400 ਕਰੋੜ ਰੁਪਏ ਪੰਜਾਬ ਦੇ ਖ਼ਜ਼ਾਨੇ ਵਿੱਚ ਤਬਦੀਲ ਕੀਤੇ ਜਾਣ ਦਾ ਮਾਮਲਾ ਵੀ ਸ਼ਾਮਲ ਸੀ। ਹੁਣ 15 ਹਜ਼ਾਰ ਕਰੋੜ ਰੁਪਏ ਦੇ ਫੰਡ ਜੁਟਾਉਣ ਵਾਲਾ ਟੈਂਡਰ ਰੱਦ ਹੋਣ ਨਾਲ ਗਮਾਡਾ ਦੀ ਵਿੱਤੀ ਯੋਜਨਾਬੰਦੀ, ਫੰਡਾਂ ਦੀ ਵਰਤੋਂ ਅਤੇ ਪ੍ਰਸਤਾਵਿਤ ਵਿਕਾਸ ਪ੍ਰਾਜੈਕਟਾਂ ਨੂੰ ਲੈ ਕੇ ਨਵੇਂ ਸਵਾਲ ਖੜ੍ਹੇ ਹੋ ਗਏ ਹਨ।

ਖੇਤਾਂ ਵਿੱਚੋਂ ਪਾਕਿਸਤਾਨੀ ਡਰੋਨ ਬਰਾਮਦ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਬੀਤੀ ਰਾਤ ਬੀ ਐਸ ਐਫ ਦੀ 200 ਬਟਾਲੀਅਨ ਦੇ ਚੌਕਸ ਜਵਾਨਾਂ ਨੇ ਪੰਜਾਬ ਪੁਲਸ ਦੇ ਨਾਲ ਮਿਲ ਕੇ ਸਾਂਝੇ ਸਰਚ ਆਪ੍ਰੇਸ਼ਨ ਦੌਰਾਨ ਪਿੰਡ ਖੋਦੇ ਬੇਟ ਦੇ ਨੇੜੇ ਬੀ ਓ ਪੀ ਆਬਾਦ ਦੇ ਅੰਦਰੂਨੀ ਇਲਾਕੇ ਵਿੱਚੋਂ ਇੱਕ ਪਾਕਿਸਤਾਨੀ ਡਰੋਨ ਬਰਾਮਦ ਕੀਤਾ। ਜਾਣਕਾਰੀ ਦਿੰਦਿਆਂ ਪੁਲਸ ਚੌਕੀ ਧਰਮਕੋਟ ਰੰਧਾਵਾ ਦੇ ਇੰਚਾਰਜ ਏ ਐਸ ਆਈ ਸੁਖਦੇਵ ਸਿੰਘ ਨੇ ਦੱਸਿਆ ਕਿ ਬੀਤੀ ਰਾਤ ਕਰੀਬ 9:40 'ਤੇ ਇੱਕ ਪਾਕਿਸਤਾਨੀ ਡਰੋਨ ਦੀ ਭਾਰਤੀ ਸਰਹੱਦ ਅੰਦਰ ਆਉਣ ਦੀ ਹਰਕਤ ਪ੍ਰਾਪਤ ਹੋਈ ਸੀ ਤੇ ਪੰਜਾਬ ਪੁਲਸ ਵੱਲੋਂ ਲਗਾਏ ਗਏ ਐਂਟੀ ਡਰੋਨ ਸਿਸਟਮ ਦੀ ਮਦਦ ਨਾਲ ਇਸ ਡਰੋਨ ਨੂੰ ਮਾਰ ਗਿਰਾਇਆ ਜੋ ਕਿ ਸ਼ੁੱਕਰਵਾਰ ਮਨਜੀਤ ਸਿੰਘ ਪੁੱਤਰ ਸ਼ਿਵ ਸਿੰਘ ਵਾਸੀ ਪਿੰਡ ਮੰਗੀਆਂ ਦੇ ਖੇਤਾਂ ਵਿੱਚੋਂ ਬਰਾਮਦ ਹੋਇਆ। ਉਨਾਂ ਦੱਸਿਆ ਕਿ ਫਿਲਹਾਲ ਕੋਈ ਵੀ ਨਸ਼ੀਲਾ ਪਦਾਰਥ ਅਤੇ ਕੋਈ ਹੋਰ ਸ਼ੱਕੀ ਚੀਜ਼ ਨਹੀਂ ਬਰਾਮਦ ਹੋਈ, ਪਰ ਫਿਰ ਵੀ ਸਾਡੇ ਵੱਲੋਂ ਬੀ ਐਸ ਐਫ ਨਾਲ ਮਿਲ ਕੇ ਸਾਂਝਾ ਸਰਚ ਆਪ੍ਰੇਸ਼ਨ ਚਲਾਇਆ ਜਾ ਰਿਹਾ ਹੈ। ਇਸ ਡਰੋਨ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਅਣਪਛਾਤੇ ਵਿਅਕਤੀਆਂ ਦੇ ਖਿਲਾਫ ਵੱਖ ਵੱਖ ਧਰਾਵਾਂ ਤਹਿਤ ਮਾਮਲਾ ਦਰਜ ਕੀਤਾ ਜਾ ਰਿਹਾ ਹੈ।

ਅਣਪਛਾਤੇ ਨੌਜਵਾਨ ਫਾਰਚੂਨਰ ਗੱਡੀ ਖੋਹ ਕੇ ਫਰਾਰ



ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)-ਬੀਤੀ ਰਾਤ ਕਰੀਬ 9 ਤੋਂ 10 ਵਜੇ ਦੇ ਦਰਮਿਆਨ ਰਾਏਕੋਟ ਤੋਂ ਪਿੰਡ ਬੁਰਜ ਹਰੀ ਸਿੰਘ ਨੂੰ ਜਾਂਦੀ ਲਿੰਕ ਸੜਕ 'ਤੇ ਐਨ ਆਰ ਆਈ ਅਤੇ ਸਾਬਕਾ ਸਰਪੰਚ ਰਣਜੋਧ ਸਿੰਘ ਤਲਵੰਡੀ ਰਾਏ ਆਪਣੀ ਫਾਰਚੂਨਰ ਕਾਰ ਵਿੱਚ ਜਾ ਰਹੇ ਸਨ। ਇਸ ਦੌਰਾਨ ਚਾਰ ਸਕਾਰਪੀਓ ਸਵਾਰ ਵਿਅਕਤੀਆਂ ਨੇ ਉਨ੍ਹਾਂ ਨੂੰ ਘੇਰ ਲਿਆ ਅਤੇ ਕਾਰ ਖੋਹ ਕੇ ਮੌਕੇ ਤੋਂ ਫ਼ਰਾਰ ਹੋ ਗਏ। ਵਾਰਦਾਤ ਤੋਂ ਬਾਅਦ ਲੁਟੇਰਿਆਂ ਨੇ ਬਜ਼ੁਰਗ ਨੂੰ ਖੇਤਾਂ ਵਿੱਚ ਇਕੱਲਿਆਂ ਛੱਡ ਦਿੱਤਾ। ਜ਼ਿਕਰ ਯੋਗ ਹੈ ਕਿ ਬੀਤੇ ਦੋ ਦਿਨ ਪਹਿਲਾਂ ਹੀ ਸਥਾਨਕ ਸ਼ਹਿਰ ਦੇ ਲੁਧਿਆਣਾ ਰੋਡ ਤੇ ਕੁਝ ਅਣਪਛਾਤੇ ਨੌਜਵਾਨਾਂ ਵੱਲੋਂ ਇੱਕ ਔਰਤ ਦਾ ਪਰਸ ਖੋਹ ਲਿਆ ਗਿਆ ਸੀ ਤੇ ਦਿਵਾਲੀ ਵਾਲੀ ਰਾਤ ਨੂੰ ਕੁਝ ਅਣਪਛਾਤੇ ਹਥਿਆਰਬੰਦ ਨੌਜਵਾਨਾਂ ਵੱਲੋਂ ਇੱਕ ਪ੍ਰਵਾਸੀ ਮਜ਼ਦੂਰ ਦੀ ਕੁੱਟਮਾਰ ਕਰਕੇ ਉਸ ਕੋਲੋਂ 10-12 ਹਜ਼ਾਰ ਦੇ ਕਰੀਬ ਨਕਦੀ ਖੋਹ ਲਈ ਗਈ ਸੀ। ਇਲਾਕੇ ਵਿੱਚ ਲਗਾਤਾਰ ਹੋ ਰਹੀਆਂ ਲੁੱਟ ਖਾ ਖੋਹ ਦੀਆਂ ਵਾਰਦਾਤਾਂ ਕਰਨ ਸਹਿਮ ਦਾ ਮਾਹੌਲ ਹੈ।

ਜਲੰਧਰ ਪ੍ਰਸ਼ਾਸਨ ਵੱਲੋਂ ਉਦਯੋਗਿਕ ਨੀਤੀ ਤਹਿਤ 1.5 ਕਰੋੜ ਦੇ ਇੰਸੈਂਟਿਵ ਪ੍ਰਵਾਨ

ਜਲੰਧਰ (ਸੁਰਿੰਦਰ ਕੁਮਾਰ)-ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਦਯੋਗਿਕ ਅਤੇ ਵਪਾਰ ਵਿਕਾਸ ਨੀਤੀ ਤਹਿਤ 1.5 ਕਰੋੜ ਰੁਪਏ ਦੀ ਰਾਸ਼ੀ ਦੇ ਪੰਜ ਕੇਸਾਂ ਨੂੰ ਮਨਜ਼ੂਰੀ ਦਿੱਤੀ ਗਈ ਹੈ, ਜਿਸ ਨਾਲ ਖੇਤਰ ਦੇ ਵਪਾਰਕ ਅਦਾਰਿਆਂ ਨੂੰ ਵੱਡੀ ਵਿੱਤੀ ਰਾਹਤ ਮਿਲੇਗੀ। ਇਹ ਪ੍ਰਵਾਨਗੀਆਂ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੀ ਪ੍ਰਧਾਨਗੀ ਹੇਠ ਹੋਈ ਇੱਕ ਮੀਟਿੰਗ ਦੌਰਾਨ ਦਿੱਤੀਆਂ ਗਈਆਂ। ਇਨ੍ਹਾਂ ਇੰਸੈਂਟਿਵਸ ਵਿੱਚ ਪ੍ਰਾਪਰਟੀ ਟੈਕਸ ਤੋਂ ਛੋਟ, ਬਿਜਲੀ ਡਿਊਟੀ ਤੋਂ ਛੋਟ ਅਤੇ ਮਾਲ-ਢੁਆਈ ਸਬੰਧੀ ਸਹਾਇਤਾ ਵਰਗੇ ਲਾਭ ਸ਼ਾਮਲ ਹਨ। ਇਸ ਮੌਕੇ ਬੋਲਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਉਦਯੋਗਿਕ ਵਿਕਾਸ ਨੂੰ ਮਜ਼ਬੂਤ ਕਰਨ ਅਤੇ ਕਾਰੋਬਾਰਾਂ ਲਈ ਸਾਜਗਾਰ ਮਾਹੌਲ ਸਿਰਜਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਮੀਟਿੰਗ ਦੌਰਾਨ ਉਦਯੋਗਿਕ ਖੇਤਰ ਦੇ ਅਹਿਮ ਮੁੱਦਿਆਂ ਦੀ ਸਮੀਖਿਆ ਕਰਦਿਆਂ ਵਾਲੀਆ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਰੋਜ਼ਾਨਾ ਮੀਟਿੰਗਾਂ ਰਾਹੀਂ ਉਦਯੋਗਪਤੀਆਂ ਦੀਆਂ ਸਮੱਸਿਆਵਾਂ ਦਾ ਯੋਗ ਹੱਲ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਅਜਿਹੇ ਕਦਮਾਂ ਨਾਲ ਜ਼ਿਲ੍ਹੇ ਵਿੱਚ ਬੁਨਿਆਦੀ ਢਾਂਚਾ ਹੋਰ ਬਿਹਤਰ ਹੋਵੇਗਾ ਅਤੇ ਕਾਰੋਬਾਰ ਕਰਨ ਵਿੱਚ ਹੋਰ ਆਸਾਨੀ ਹੋਵੇਗੀ। ਆਰਥਿਕ ਵਿਕਾਸ ਵਿੱਚ ਉਦਯੋਗ ਦੀ ਭੂਮਿਕਾ 'ਤੇ ਜ਼ੋਰ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਈ ਇਕਾਈਆਂ ਵੱਲੋਂ ਜਲੰਧਰ ਵਿੱਚ ਮੈਨੂਫੈਕਚਰਿੰਗ ਇਕਾਈਆਂ ਸਥਾਪਤ ਕਰਕੇ ਪਹਿਲਾਂ ਹੀ ਵੱਡਾ ਨਿਵੇਸ਼ ਕੀਤਾ ਗਿਆ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਪ੍ਰਸ਼ਾਸਨ ਨਿਵੇਸ਼ਕਾਂ ਨੂੰ ਸਹੂਲਤਾਂ ਪ੍ਰਦਾਨ ਕਰਨ ਅਤੇ ਸੁਚਾਰੂ ਪ੍ਰਣਾਲੀ ਰਾਹੀਂ ਨਵੇਂ ਪ੍ਰਾਜੈਕਟਾਂ ਲਈ ਤੁਰੰਤ ਮਨਜ਼ੂਰੀਆਂ ਯਕੀਨੀ ਬਣਾਉਣ ਲਈ ਵਚਨਬੱਧ ਹੈ।

ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦੀ ਪ੍ਰਤਿਭਾ ਨੂੰ ਉਤਸ਼ਾਹਤ ਕਰਨਾ ਸਰਕਾਰ ਦੀ ਤਰਜੀਹ : ਜਿੰਪਾ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-ਵਿਧਾਇਕ ਹੁਸ਼ਿਆਰਪੁਰ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦੀ ਪ੍ਰਤਿਭਾ ਨੂੰ ਨਿਖਾਰਨ ਅਤੇ ਉਨ੍ਹਾਂ ਨੂੰ ਆਪਣੀਆਂ ਸਮਰੱਥਾਵਾਂ ਦਾ ਪ੍ਰਦਰਸ਼ਨ ਕਰਨ ਲਈ ਢੁੱਕਵਾਂ ਮੰਚ ਪ੍ਰਦਾਨ ਕਰਨਾ ਸਰਕਾਰ ਦੀ ਤਰਜੀਹ ਹੈ। ਇਨ੍ਹਾਂ ਬੱਚਿਆਂ ਨੂੰ ਖੇਡ ਗਤੀਵਿਧੀਆਂ ਨਾਲ ਜੋੜ ਕੇ ਉਨ੍ਹਾਂ ਦਾ ਆਤਮ-ਵਿਸ਼ਵਾਸ ਵਧਾਉਣਾ ਅਤੇ ਉਨ੍ਹਾਂ ਦੀ ਪ੍ਰਤਿਭਾ ਨੂੰ ਪਛਾਣ ਦਿਵਾਉਣਾ ਬੇਹੱਦ ਮਹੱਤਵਪੂਰਨ ਹੈ। ਉਹ ਵੀਰਵਾਰ ਨੂੰ ਲਾਜਵੰਤੀ ਸਟੇਡੀਅਮ, ਹੁਸ਼ਿਆਰਪੁਰ ਵਿਖੇ ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਕਰਵਾਏ ਜਾ ਰਹੇ ਰਾਜ ਪੱਧਰੀ ਦੋ ਰੋਜ਼ਾ ਵਿਸ਼ੇਸ਼ ਖੇਡ ਮੁਕਾਬਲਿ

ਪ੍ਰਾਇਮਰੀ ਤੇ ਮਾਸਟਰ ਕਾਡਰ ਸਪੈਸ਼ਲ ਐਜੂਕੇਟਰਾਂ ਦੀ ਭਰਤੀ ਪ੍ਰਕਿਰਿਆ ਜਲਦ ਹੋਵੇਗੀ ਸ਼ੁਰੂ : ਚੀਮਾ

ਚੰਡੀਗੜ੍ਹ (ਗੁਰਜੀਤ ਬਿੱਲਾ) ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਇਥੇ ਸਿੱਖਿਆ ਵਿਭਾਗ ਨੂੰ ਪ੍ਰਾਇਮਰੀ ਸਪੈਸ਼ਲ ਐਜੂਕੇਟਰਾਂ ਅਤੇ ਮਾਸਟਰ ਕਾਡਰ ਸਪੈਸ਼ਲ ਐਜੂਕੇਟਰਾਂ ਦੀ ਭਰਤੀ ਲਈ ਜਲਦ ਤੋਂ ਜਲਦ ਇਸ਼ਤਿਹਾਰ ਜਾਰੀ ਕਰਨ ਦੇ ਨਿਰਦੇਸ਼ ਦਿੱਤੇ, ਤਾਂ ਜੋ ਸਮੁੱਚੀ ਭਰਤੀ ਪ੍ਰਕਿਰਿਆ ਨੂੰ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਮੁਕੰਮਲ ਕੀਤਾ ਜਾ ਸਕੇ। ਉਨ੍ਹਾਂ ਵੱਖ-ਵੱਖ ਮੁਲਾਜ਼ਮ ਜਥੇਬੰਦੀਆਂ ਅਤੇ ਬੇਰੋਜ਼ਗਾਰ ਯੂਨੀਅਨਾਂ ਦੇ ਨੁਮਾਇੰਦਿਆਂ ਨੂੰ ਇਹ ਭਰੋਸਾ ਵੀ ਦਿੱਤਾ ਕਿ ਪੰਜਾਬ ਸਰਕਾਰ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਹੱਲ ਕਰਨ ਅਤੇ ਮੁਲਾਜ਼ਮਾਂ ਤੇ ਨੌਜਵਾਨਾਂ ਦੀ ਭਲਾਈ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਬੇਰੋਜ਼ਗਾਰ ਸਪੈਸ਼ਲ ਐਜੂਕੇਟਰ ਫਰੰਟ ਪੰਜਾਬ ਦੇ ਨੁਮਾਇੰਦਿਆਂ, ਜਿਨ੍ਹਾਂ ਨੇ ਸਪੈਸ਼ਲ ਐਜੂਕੇਟਰਾਂ ਦੀ ਜਲਦ ਭਰਤੀ ਦੀ ਮੰਗ ਸਬੰਧੀ ਮੰਗ ਪੱਤਰ ਸੌਂਪਿਆ, ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਵਿੱਤ ਮੰਤਰੀ ਨੇ ਸਿੱਖਿਆ ਵਿਭਾਗ ਨੂੰ ਲੋੜੀਂਦੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਦੀਆਂ ਹਦਾਇਤਾਂ ਦਿੱਤੀਆਂ ਤਾਂ ਜੋ ਯੋਗ ਉਮੀਦਵਾਰਾਂ ਨੂੰ ਬਿਨਾਂ ਕਿਸੇ ਹੋਰ ਦੇਰੀ ਦੇ ਰੋਜ਼ਗਾਰ ਦੇ ਮੌਕੇ ਮਿਲ ਸਕਣ। ਇਸੇ ਦੌਰਾਨ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਛੇ ਹੋਰ ਮੁਲਾਜ਼ਮ ਜਥੇਬੰਦੀਆਂ ਅਤੇ ਬੇਰੋਜ਼ਗਾਰ ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਵੀ ਉਨ੍ਹਾਂ ਦੀਆਂ



ਸਮੱਸਿਆਵਾਂ ਅਤੇ ਮੰਗਾਂ 'ਤੇ ਚਰਚਾ ਕਰਨ ਲਈ ਲਗਾਤਾਰ ਮੀਟਿੰਗਾਂ ਕੀਤੀਆਂ। ਇਨ੍ਹਾਂ ਵਿੱਚ 180 ਈ ਟੀ ਟੀ ਅਧਿਆਪਕ ਯੂਨੀਅਨ, ਪੰਜਾਬ, ਯੂਨਾਈਟਿਡ ਫਿਜ਼ੀਕਲ ਐਜੂਕੇਸ਼ਨ ਪੰਜਾਬ, ਹੋਮ ਗਾਰਡ ਵੈਲਫੇਅਰ ਐਸੋਸੀਏਸ਼ਨ (ਸੇਵਾਮੁਕਤ), ਪੰਜਾਬ, ਪੰਜਾਬ ਏਡਜ਼ ਕੰਟਰੋਲ ਇੰਪਲਾਈਜ਼ ਵੈਲਫੇਅਰ ਐਸੋਸੀਏਸ਼ਨ, ਈ ਟੀ ਟੀ 2364 ਅਧਿਆਪਕ ਯੂਨੀਅਨ, ਪੰਜਾਬ, ਤੇ ਬੇਰੋਜ਼ਗਾਰ ਸਾਂਝਾ ਮੋਰਚਾ ਪੰਜਾਬ ਸ਼ਾਮਲ ਸਨ। ਵਫ਼ਦਾਂ ਨੇ ਸੇਵਾਵਾਂ ਅਤੇ ਭਲਾਈ ਨਾਲ ਸਬੰਧਤ ਵੱਖ-ਵੱਖ ਮੁੱਦਿਆਂ ਨੂੰ ਉਜਾਗਰ ਕਰਦੇ ਹੋਏ ਮੰਗ ਪੱਤਰ ਸੌਂਪੇ। ਇਨ੍ਹਾਂ ਮੰਗਾਂ ਵਿੱਚ ਸੇਵਾਮੁਕਤ ਹੋਮ ਗਾਰਡ ਮੁਲਾਜ਼ਮਾਂ ਲਈ ਪੈਨਸ਼ਨ ਅਤੇ ਮਾਣ-ਭੱਤੇ ਦੇ ਲਾਭ, ਪੰਜਾਬ ਸਟੇਟ ਏਡਜ਼ ਕੰਟਰੋਲ ਸੁਸਾਇਟੀ ਦੇ ਮੁਲਾਜ਼ਮਾਂ ਲਈ ਠੇਕਾ ਆਧਾਰਿਤ ਮੁਲਾਜ਼ਮਾਂ ਨੂੰ ਪੱਕਾ ਕਰਨਾ, ਤਨਖਾਹ ਵਿੱਚ ਵਾਧਾ ਅਤੇ ਜੋਖਮ ਭੱਤਾ (ਰਿਸਕ ਅਲਾਊਂਸ), ਅਤੇ ਸਿੱਖਿਆ ਵਿਭਾਗ ਨਾਲ ਸਬੰਧਤ ਮੁਲਾਜ਼ਮਾਂ ਲਈ ਵਿਸ਼ੇਸ਼ ਬਦਲੀਆਂ ਦੇ ਮੌਕੇ, ਨੋਟਿਸ ਪੀਰੀਅਡ ਤੋਂ ਛੋਟ ਅਤੇ ਤਨਖਾਹ ਵਿੱਚ ਵਾਧਾ ਸ਼ਾਮਲ ਸਨ। ਸਾਰੇ ਵਫ਼ਦਾਂ ਦੀਆਂ ਗੱਲਾਂ ਨੂੰ ਬੜੇ ਧਿਆਨ ਨਾਲ ਸੁਣਦਿਆਂ ਵਿੱਤ ਮੰਤਰੀ ਨੇ ਉਨ੍ਹਾਂ ਨੂੰ ਸਬੰਧਤ ਮੁੱਦਿਆਂ ਦੀ ਮੌਜੂਦਾ ਸਥਿਤੀ ਤੋਂ ਜਾਣੂ ਕਰਵਾਇਆ ਅਤੇ ਭਰੋਸਾ ਦਿੱਤਾ ਕਿ ਸਾਰੀਆਂ ਜਾਇਜ਼ ਮੰਗਾਂ ਦਾ ਜਲਦ ਤੋਂ ਜਲਦ ਹੱਲ ਕੀਤਾ ਜਾਵੇਗਾ।

ਮੀਟਿੰਗਾਂ ਦੌਰਾਨ ਬੇਰੋਜ਼ਗਾਰ ਸਪੈਸ਼ਲ ਐਜੂਕੇਟਰ ਫਰੰਟ ਪੰਜਾਬ ਵੱਲੋਂ ਲਖਵੀਰ ਸਿੰਘ ਤੇ ਸਰਬਜੀਤ ਸਿੰਘ 180 ਈ ਟੀ ਟੀ ਅਧਿਆਪਕ ਯੂਨੀਅਨ, ਪੰਜਾਬ ਵੱਲੋਂ ਕਮਲ ਠਾਕੁਰ ਅਤੇ ਸੋਹਣ ਲਾਲ; ਯੂਨਾਈਟਿਡ ਫਿਜ਼ੀਕਲ ਐਜੂਕੇਸ਼ਨ ਪੰਜਾਬ ਵੱਲੋਂ ਲਖਵੀਰ ਸਿੰਘ, ਹੋਮ ਗਾਰਡ ਵੈਲਫੇਅਰ ਐਸੋਸੀਏਸ਼ਨ, ਪੰਜਾਬ ਵੱਲੋਂ ਗੁਰਦੀਪ ਸਿੰਘ ਅਤੇ ਹਰਮੇਸ਼ਪਾਲ ਸਿੰਘ, ਪੰਜਾਬ ਏਡਜ਼ ਕੰਟਰੋਲ ਇੰਪਲਾਈਜ਼ ਵੈਲਫੇਅਰ ਐਸੋਸੀਏਸ਼ਨ ਵੱਲੋਂ ਜਸਮੇਲ ਸਿੰਘ ਅਤੇ ਗੁਰਜੰਟ ਸਿੰਘ, ਈ.ਟੀ.ਟੀ. 2364 ਅਧਿਆਪਕ ਯੂਨੀਅਨ, ਪੰਜਾਬ ਵੱਲੋਂ ਸਮਰਜੀਤ ਸਿੰਘ; ਜਦਕਿ ਬੇਰੋਜ਼ਗਾਰ ਸਾਂਝਾ ਮੋਰਚਾ ਪੰਜਾਬ ਵੱਲੋਂ ਰਮਨ ਮਲੋਟ, ਸੁਖਵਿੰਦਰ ਢਿੱਲਵਾਂ, ਅਮਨਦੀਪ ਸੇਖਾ, ਸੰਦੀਪ ਮੋਫਰ, ਲਲਿਤ ਪਟਿਆਲਾ ਅਤੇ ਗੁਰਪਿਆਰ ਸਿੰਘ ਨੇ ਨੁਮਾਇੰਦਗੀ ਕੀਤੀ।

ਉੱਘੇ ਸ਼ਾਇਰ ਤੇ ਕਾਲਮਨਵੀਸ ਕੁੰਦਨ ਲਾਲ ਭੱਟੀ ਦੀਆਂ ਦੋ ਵਿਸ਼ੇਸ਼ ਪੁਸਤਕਾਂ ਲੋਕ ਅਰਪਣ

ਜਲੰਧਰ (ਲਖਵਿੰਦਰ ਸਿੰਘ ਆਧੀ)- ਪੰਜਾਬ ਪ੍ਰੈਸ ਕਲੱਬ ਜਲੰਧਰ ਵਿਖੇ ਇੱਕ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਉੱਘੇ ਸ਼ਾਇਰ ਅਤੇ ਕਾਲਮਨਵੀਸ ਸ੍ਰੀ ਕੁੰਦਨ ਲਾਲ ਭੱਟੀ ਦੀਆਂ ਦੋ ਨਵੀਆਂ ਵਿਸ਼ੇਸ਼ ਪੁਸਤਕਾਂ ਦੀ ਘੁੰਡ ਚੁਕਾਈ ਕੀਤੀ ਗਈ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ



ਕਰਦਿਆਂ ਸ੍ਰੀ ਕੁੰਦਨ ਲਾਲ ਭੱਟੀ ਨੇ ਆਪਣੀਆਂ ਰਚਨਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਪਹਿਲੀ ਪੁਸਤਕ 'ਮੇਰੀ ਸੋਹਣੀ' ਇੱਕ ਵਿਸਤ੍ਰਿਤ ਕਵਿਤਾ ਹੈ, ਜਿਸ ਦੇ ਕਰੀਬ 53 ਬੰਦ ਹਨ। ਇਸ ਕਾਵਿ-ਰਚਨਾ ਵਿੱਚ ਔਰਤ ਦੇ ਸੁਹੱਪਣ, ਹੁਸਨ, ਸਾਦਗੀ, ਦਲੇਰੀ, ਹਲੀਮੀ, ਮਿਲਣਸਾਰਤਾ, ਸੁਘੜਤਾ, ਆਓ-ਭਗਤ, ਜਸ, ਨੱਖਰਾ, ਸੁਭਾਅ, ਕਠੋਰਤਾ ਅਤੇ ਨਿਮਰਤਾ ਵਰਗੇ ਵੱਖ-ਵੱਖ ਪਹਿਲੂਆਂ ਨੂੰ ਬਹੁਤ ਹੀ ਢੁਕਵੇਂ ਬਿੰਬਾਂ ਰਾਹੀਂ ਪੇਸ਼ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਦੂਜੀ ਪੁਸਤਕ ਧਾਰਮਿਕ ਕਵਿਤਾ ਦੀ ਰਵਾਨਗੀ ਨੂੰ ਬਾਖ਼ੂਬੀ ਪ੍ਰਗਟਾਉਂਦੀ ਹੈ, ਜਿਸ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀਆਂ ਵਿਚਾਰਾਤਮਕ ਭਾਵਨਾਵਾਂ ਅਤੇ ਫਲਸਫ਼ੇ ਨੂੰ ਬਿੰਬਾਂ ਰਾਹੀਂ ਕਲਮਬੱਧ ਕੀਤਾ ਗਿਆ ਹੈ।ਸਮਾਗਮ ਵਿੱਚ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ ਸ੍ਰੀ ਕੁਲਦੀਪ ਸਿੰਘ ਬੇਦੀ ਨੇ ਪੁਸਤਕਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕੁੰਦਨ ਲਾਲ ਭੱਟੀ ਨੇ ਪੰਜਾਬੀ ਸਾਹਿਤ ਦੀ ਝੋਲੀ ਵਿੱਚ ਬਹੁਤ ਹੀ ਵਡਮੁੱਲਾ ਯੋਗਦਾਨ ਪਾਇਆ ਹੈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਐਡਵੋਕੇਟ ਸਤਪਾਲ ਵਿਰਦੀ ਨੇ ਕਿਹਾ ਕਿ ਭੱਟੀ ਦੀ ਲੇਖਣੀ ਸਮਾਜਿਕ ਸਰੋਕਾਰਾਂ ਨੂੰ ਬੇਬਾਕੀ ਅਤੇ ਖ਼ੂਬਸੂਰਤੀ ਨਾਲ ਬਿਆਨ ਕਰਦੀ ਹੈ। ਉਨ੍ਹਾਂ ਕਿਹਾ ਕਿ ਲੇਖਕ ਦੀ ਅਣਥੱਕ ਮਿਹਨਤ ਅਤੇ ਸਾਹਿਤ ਪ੍ਰਤੀ ਨਿਰੰਤਰਤਾ ਹਮੇਸ਼ਾ ਪਾਠਕਾਂ ਨੂੰ ਆਪਣੇ ਵੱਲ ਖਿੱਚਦੀ ਹੈ। ਸਮਾਗਮ ਦੌਰਾਨ ਸਾਹਿਤ ਪ੍ਰੇਮੀ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

'ਪੰਜਾਬ ਦਾ ਕਰੋੜਪਤੀ' ਕੁਇਜ਼ ਲਈ ਵਿਦਿਆਰਥੀਆਂ ਨੂੰ ਕੀਤਾ ਜਾਗਰੂਕ



ਜਲੰਧਰ (ਸ਼ੈਲੀ ਐਲਬਰਟ)- ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਨਵੀਂ ਕੁਇਜ਼ ਪ੍ਰਤੀਯੋਗਤਾ 'ਪੰਜਾਬ ਦਾ ਕਰੋੜਪਤੀ' ਸਬੰਧੀ ਵਿਦਿਆਰਥੀਆਂ ਨੂੰ ਜਾਣਕਾਰੀ ਦੇਣ ਅਤੇ ਉਨ੍ਹਾਂ ਨੂੰ ਇਸ ਵਿੱਚ ਭਾਗ ਲੈਣ ਲਈ ਉਤਸ਼ਾਹਿਤ ਕਰਨ ਵਾਸਤੇ ਮੇਹਰ ਚੰਦ ਪੌਲੀਟੈਕਨਿਕ ਕਾਲਜ ਜਲੰਧਰ ਵਿਖੇ ਇੱਕ ਓਰੀਐਂਟੇਸ਼ਨ ਪ੍ਰੋਗਰਾਮ ਕਰਵਾਇਆ ਗਿਆ। ਇਹ ਪ੍ਰੋਗਰਾਮ ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਅਗਵਾਈ ਅਤੇ ਰਹਿਨੁਮਾਈ ਹੇਠ ਆਯੋਜਿਤ ਕੀਤਾ ਗਿਆ। ਇਸ ਮੌਕੇ ਪ੍ਰੀਤ ਕਵਲ, ਨੋਡਲ ਅਫ਼ਸਰ, ਗੌਰਵ ਸ਼ਰਮਾ ਅਤੇ ਕਮਲਕਾਂਤ ਵੀ ਇਸ ਸਮੁੱਚੀ ਮੁਹਿੰਮ ਦੌਰਾਨ ਸਰਗਰਮੀ ਨਾਲ ਸ਼ਾਮਲ ਰਹੇ।ਇਸ ਜਾਗਰੂਕਤਾ ਮੁਹਿੰਮ ਤਹਿਤ ਟੀਮ ਵੱਲੋਂ ਕਾਲਜ ਦੇ ਵੱਖ-ਵੱਖ ਵਿਭਾਗਾਂ ਦਾ ਦੌਰਾ ਕੀਤਾ ਗਿਆ ਅਤੇ ਵਿਦਿਆਰਥੀਆਂ ਨਾਲ ਸਿੱਧਾ ਸੰਵਾਦ ਰਚਾਇਆ ਗਿਆ। ਉਨ੍ਹਾਂ ਨੂੰ ਇਸ ਨਵੀਂ ਕੁਇਜ਼ ਪ੍ਰਤੀਯੋਗਤਾ ਦੇ ਉਦੇਸ਼, ਮਹੱਤਵ ਅਤੇ ਰਜਿਸਟ੍ਰੇਸ਼ਨ ਪ੍ਰਕਿਰਿਆ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੂੰ ਪੰਜਾਬ ਸਰਕਾਰ ਦੇ ਅਧਿਕਾਰਤ ਪੋਰਟਲ 'ਤੇ ਆਪਣੀ ਰਜਿਸਟ੍ਰੇਸ਼ਨ ਕਰਵਾਉਣ ਅਤੇ ਇਸ ਗਿਆਨਵਰਧਕ ਪਹਿਲਕਦਮੀ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ ਗਿਆ।

ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਖਾਟੂਸ਼ਾਮ ਤੇ ਸਾਲਾਸਰ ਲਈ ਬੱਸ ਨੂੰ ਕੀਤਾ ਰਵਾਨਾ

ਮੋਹਾਲੀ (ਗੁਰਜੀਤ ਬਿੱਲਾ)- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਵਿਧਾਇਕ ਕੁਲਵੰਤ ਸਿੰਘ ਦੀ ਦੇਖ-ਰੇਖ



ਹੇਠ ਮੋਹਾਲੀ ਤੋਂ ਇੱਕ ਬੱਸ ਰਵਾਨਾ ਕੀਤੀ ਗਈ, ਆਮ ਆਦਮੀ ਪਾਰਟੀ ਦੇ ਕੌਂਸਲਰ- ਅਰਵਿੰਦਰ ਕੌਰ ਦੀ ਅਗਵਾਈ ਹੇਠ ਖਾਟੂਸ਼ਾਮ ਅਤੇ ਸਾਲਾਸਰ ਦੇ ਦਰਸ਼ਨਾਂ ਲਈ ਰਵਾਨਾ ਹੋਈ ਇਸ ਬੱਸ ਨੂੰ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਮੋਹਾਲੀ ਹਲਕਾ ਕੋਆਰਡੀਨੇਟਰ ਅਤੇ ਸਟੇਟ ਐਵਾਰਡੀ- ਫੂਲਰਾਜ ਸਿੰਘ ਹੋਰਾਂ ਵੱਲੋਂ ਹਰੀ ਝੰਡੀ ਦਿੱਤੀ ਗਈ। ਇਸ ਮੌਕੇ ਤੇ ਕੌਂਸਲਰ ਅਰਵਿੰਦਰ ਕੌਰ ਤੋਂ ਇਲਾਵਾ ਜਸਪਾਲ ਸਿੰਘ, ਐਡਵੋਕੇਟ ਸੁਧੀਰ ਸਿੰਘ, ਨਵੀਨ ਗੈਰੀ ਸਮੇਤ ਇਲਾਕੇ ਦੇ ਮੁਹਤਰਮ ਵਿਅਕਤੀ ਵੀ ਮੌਜੂਦ ਰਹੇ, ਬੱਸ ਨੂੰ ਹਰੀ ਝੰਡੀ ਦੇਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਹਲਕਾ ਕੋਆਰਡੀਨੇਟਰ - ਫੂਲਰਾਜ ਸਿੰਘ ਨੇ ਕਿਹਾ ਕਿ ਸਾਲਾਸਰ ,ਖਾਟੂਸ਼ਾਮ ਦੇ ਦਰਸ਼ਨਾਂ ਲਈ ਜਾ ਰਹੇ ਇਹਨਾਂ ਸ਼ਰਧਾਲੂਆਂ ਦੇ ਚਿਹਰੇ ਤੇ ਵੇਖੀ ਜਾ ਰਹੀ ਖੁਸ਼ੀ ਅਤੇ ਤਸੱਲੀ ਇਸ ਗੱਲ ਦੀ ਗਵਾਹ ਹੈ ਕਿ ਮੋਹਾਲੀ ਹਲਕੇ ਸਮੇਤ ਸਮੁੱਚੇ ਪੰਜਾਬ ਦੇ ਸੀਨੀਅਰ ਸਿਟੀਜਨ ਭਗਵੰਤ ਸਿੰਘ ਮਾਨ ਹੋਰਾਂ ਦੀ ਤਰਫੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤੋਂ ਡਾਹਢੇ ਖੁਸ਼ ਹਨ। ਮੋਹਾਲੀ ਤੋਂ ਜਾ ਰਹੇ ਸੀਨੀਅਰ ਸਿਟੀਜਨ ਸ਼ਰਧਾਲੂਆਂ ਦੇ ਕਾਫਲੇ ਵਿੱਚੋਂ ਕਈਆਂ ਨੇ ਵਿਧਾਇਕ ਕੁਲਵੰਤ ਸਿੰਘ ਨਾਲ ਫੋਨ ਤੇ ਰਾਬਤਾ ਕਰਕੇ ਉਹਨਾਂ ਦਾ ਅਤੇ ਵਿਸ਼ੇਸ਼ ਤੌਰ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੋਰਾਂ ਦਾ ਧੰਨਵਾਦ ਵੀ ਕੀਤਾ।

ਵਿਧਾਇਕ ਘੁੰਮਣ ਦੀ ਸ਼ੁਕਰਾਨਾ ਯਾਤਰਾ ਨੂੰ ਮਿਲਿਆ ਭਰਵਾਂ ਹੁੰਗਾਰਾ

ਦਸੂਹਾ (ਕਰਨੈਲ ਮਾਂਗਟ)- ਆਮ ਆਦਮੀ ਪਾਰਟੀ ਹਾਈਕਮਾਂਡ ਵੱਲੋਂ ਦੂਸਰੀ ਵਾਰ ਟਿਕਟ ਮਿਲਣ 'ਤੇ ਦਸੂਹਾ ਦੇ ਵਿਧਾਇਕ ਕਰਮਬੀਰ ਸਿੰਘ ਘੁੰਮਣ ਵੱਲੋਂ ਸ਼ੁਕਰਾਨਾ ਯਾਤਰਾ ਦਸੂਹਾ ਵਿਖੇ ਕੱਢੀ ਗਈ। ਸ਼ੁਕਰਾਨਾ ਯਾਤਰਾ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਅਤੇ ਜਨ ਸੈਲਾਬ ਦੇਖਣ ਨੂੰ ਮਿਲਿਆ। ਇਸ ਮੌਕੇ ਤੇ ਵਿਧਾਇਕ ਘੁੰਮਣ ਵੱਲੋਂ ਪਾਰਟੀ ਹਾਈਕਮਾਂਡ ਦਾ ਧੰਨਵਾਦ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕੀਤਾ ਗਿਆ। ਸ਼ੁਕਰਾਨਾ ਯਾਤਰਾ ਵਿਧਾਇਕ ਕਰਮਬੀਰ ਸਿੰਘ ਘੁੰਮਣ ਤੇ ਉਨਾਂ ਦੇ ਪਿਤਾ ਜਗਮੋਹਣ ਸਿੰਘ ਬੱਬੂ ਘੁੰਮਣ ਦੀ ਅਗਵਾਈ ਹੇਠ ਹਾਜੀਪੁਰ ਚੌਕ ਦਸੂਹਾ ਤੋਂ ਸ਼ੁਰੂ ਹੁੰਦੀ ਹੋਈ ਡਾਕਖਾਨਾ ਰੋਡ, ਮਾਤਾ ਰਾਣੀ ਚੌਕ, ਵਿਜੇ ਮਾਰਕੀਟ ਤੋਂ ਹੁੰਦੀ ਹੋਈ ਗੁਰਦੁਆਰਾ ਸਿੰਘ ਸਭਾ ਦਸੂਹਾ ਮਿਆਣੀ ਰੋਡ ਵਿਖੇ ਸਮਾਪਤ ਹੋਈ। ਇਸ ਮੌਕੇ ਤੇ ਵਿਧਾਇਕ ਦੇ ਪਿਤਾ ਜਗਮੋਹਨ ਸਿੰਘ ਬੱਬੂ ਘੁੰਮਣ ਸੀਨੀਅਰ ਆਪ ਆਗੂ, ਵਿਧਾਇਕ ਦੇ ਭਰਾ ਵਰਿੰਦਰ ਇਕਬਾਲ ਸਿੰਘ ਬਿੰਦੂ ਘੁੰਮਣ, ਅਮਰਪ੍ਰੀਤ ਸਿੰਘ ਸੋਨੂ ਖਾਲਸਾ ਪ੍ਰਧਾਨ ਨਗਰ ਕੌਂਸਲ ਦਸੂਹਾ, ਵਾਈਸ ਚੇਅਰਮੈਨ ਬਲਾਕ ਸੰਮਤੀ ਗਗਨਦੀਪ ਸਿੰਘ ਚੀਮਾਂ, ਸੁਖਵਿੰਦਰ ਸਿੰਘ ਇੰਦੂ ਨੰਬਰਦਾਰ, ਕੰਵਲਪ੍ਰੀਤ ਸਿੰਘ ਕੇ.ਪੀ. ਸੰਧੂ ਚੇਅਰਮੈਨ ਮਾਰਕੀਟ ਕਮੇਟੀ ਦਸੂਹਾ,



ਸੰਤੋਖ ਤੋਖੀ ਕੌਂਸਲਰ ਤੋਂ ਇਲਾਵਾ ਹੋਰ ਸ਼ਖਸ਼ੀਅਤਾਂ ਯਾਤਰਾ ਦੌਰਾਨ ਸ਼ਾਮਿਲ ਹੋਈਆਂ।

ਸ਼ੁਕਰਾਨਾ ਯਾਤਰਾ ਦੌਰਾਨ ਦਸੂਹਾ ਬਾਜ਼ਾਰ ਦੇ ਵੱਖ-ਵੱਖ ਸਥਾਨਾਂ 'ਤੇ ਲੋਕਾਂ ਵੱਲੋਂ ਵਿਧਾਇਕ ਘੁੰਮਣ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਉਨਾਂ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ, ਅਲੱਗ ਅਲੱਗ ਪਿੰਡਾਂ ਦੇ ਲੰਬੜਦਾਰ, ਸਰਪੰਚ, ਪੰਚ, ਪਤਵੰਤ ਸੱਜਣ ਅਤੇ ਨਾਮਵਰ ਹਸਤੀਆਂ ਹਾਜ਼ਰ ਸਨ।

ਅੱਠਵੀਂ, ਦਸਵੀਂ ਤੇ ਬਾਰ੍ਹਵੀਂ ਜਮਾਤ ਦੀਆਂ ਪ੍ਰੀਖਿਆਵਾਂ ਦਾ ਸ਼ਡਿਊਲ ਜਾਰੀ

ਮੁਹਾਲੀ (ਗੁਰਜੀਤ ਬਿੱਲਾ)- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਅਕਾਦਮਿਕ ਸੈਸ਼ਨ 2026-27 ਲਈ ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਜਮਾਤ ਦੀਆਂ ਪ੍ਰੈਕਟੀਕਲ ਅਤੇ ਲਿਖਤੀ ਪ੍ਰੀਖਿਆਵਾਂ ਦੀਆਂ ਮਿਤੀਆਂ ਦਾ ਐਲਾਨ ਕਰ ਦਿੱਤਾ ਗਿਆ ਹੈ। ਸਾਲ 2027 ਵਿੱਚ ਹੋਣ ਵਾਲੀਆਂ ਪੰਜਾਬ ਵਿਧਾਨ ਸਭਾ ਦੀਆਂ ਆਮ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਪ੍ਰੀਖਿਆਵਾਂ ਦਾ ਸ਼ਡਿਊਲ ਤਿਆਰ ਕੀਤਾ ਗਿਆ ਹੈ, ਤਾਂ ਜੋ ਚੋਣਾਂ ਨਾਲ ਸਬੰਧਤ ਪ੍ਰਬੰਧਾਂ ਅਤੇ ਪ੍ਰਸ਼ਾਸਨਿਕ ਡਿਊਟੀਆਂ ਕਾਰਨ ਬੋਰਡ ਦੀਆਂ ਪ੍ਰੀਖਿਆਵਾਂ ਦੇ ਸੁਚਾਰੂ ਸੰਚਾਲਨ ਵਿੱਚ ਕੋਈ ਵਿਘਨ ਨਾ ਪਵੇ ਅਤੇ ਵਿਦਿਆਰਥੀਆਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। 8ਵੀਂ, 10ਵੀਂ ਅਤੇ 12ਵੀਂ ਜਮਾਤ ਦੀਆਂ ਪ੍ਰੈਕਟੀਕਲ ਪ੍ਰੀਖਿਆਵਾਂ 8 ਜਨਵਰੀ ਤੋਂ 20 ਜਨਵਰੀ, 2027 ਤੱਕ ਕਰਵਾਈਆਂ ਜਾਣਗੀਆਂ ਅਤੇ ਲਿਖਤੀ ਪ੍ਰੀਖਿਆਵਾਂ ਅੱਠਵੀਂ ਅਤੇ ਬਾਰ੍ਹਵੀਂ ਜਮਾਤ ਲਈ 5 ਮਾਰਚ, 2027 ਤੋਂ ਅਤੇ ਦਸਵੀਂ ਜਮਾਤ ਲਈ 19 ਮਾ

ਮਿੱਤਲ ਨੇ ਪੀ ਸੀ ਐੱਸ ਪ੍ਰੀਖਿਆ 'ਚ ਕਥਿਤ ਧਾਂਦਲੀ ਦੇ ਦੋਸ਼ ਲਗਾਏ



ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)- ਪੰਜਾਬ ਵਿੱਚ ਪੀ ਸੀ ਐੱਸ ਪ੍ਰੀਖਿਆ ਨੂੰ ਲੈ ਕੇ ਉੱਠੇ ਵਿਵਾਦ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਸਿਆਸੀ ਕਟਹਿਰੇ ਵਿੱਚ ਖੜ੍ਹਾ ਕਰ ਦਿੱਤਾ ਹੈ। ਪੰਜਾਬ ਭਾਜਪਾ ਦੇ ਕਾਰਜਕਾਰਨੀ ਮੈਂਬਰ ਐਡਵੋਕੇਟ ਅਰਵਿੰਦ ਮਿੱਤਲ ਨੇ ਪ੍ਰੀਖਿਆ ਵਿੱਚ ਕਥਿਤ ਧਾਂਦਲੀ ਨੂੰ ਲੈ ਕੇ ਸ਼ੁਰੂ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਦੋਸ਼ ਲਾਇਆ ਕਿ ਪੰਜਾਬ ਦੇ ਹਜ਼ਾਰਾਂ ਮਿਹਨਤੀ ਨੌਜਵਾਨਾਂ ਦੇ ਭਵਿੱਖ ਨਾਲ ਖਿਲਵਾੜ ਕੀਤਾ ਗਿਆ ਹੈ।ਮਾਡਲ ਟਾਊਨ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐਡਵੋਕੇਟ ਮਿੱਤਲ ਨੇ ਕਿਹਾ ਕਿ ਪੀ ਸੀ ਐੱਸ. ਵਰਗੀ ਵੱਕਾਰੀ ਪ੍ਰੀਖਿਆ ਲਈ ਪੰਜਾਬ ਦੇ ਹਜ਼ਾਰਾਂ ਨੌਜਵਾਨ ਕਈ ਸਾਲਾਂ ਤੋਂ ਦਿਨ-ਰਾਤ ਮਿਹਨਤ ਕਰ ਰਹੇ ਸਨ। ਕਈ ਨੌਜਵਾਨਾਂ ਨੇ ਆਪਣੀ ਜ਼ਿੰਦਗੀ ਦੇ ਕੀਮਤੀ ਸਾਲ ਇਸ ਪ੍ਰੀਖਿਆ ਦੀ ਤਿਆਰੀ ਵਿੱਚ ਲਗਾ ਦਿੱਤੇ ਅਤੇ ਉਨ੍ਹਾਂ ਦੇ ਪਰਵਾਰਾਂ ਨੇ ਵੀ ਵੱਡੀਆਂ ਉਮੀਦਾਂ ਲਾਈਆਂ ਹੋਈਆਂ ਸਨ, ਪਰ ਪ੍ਰੀਖਿਆ ਪ੍ਰਕਿਰਿਆ ਵਿੱਚ ਕਥਿਤ ਬੇਨਿਯਮੀਆਂ ਨੇ ਇਨ੍ਹਾਂ ਨੌਜਵਾਨਾਂ ਦੀ ਮਿਹਨਤ ਅਤੇ ਯੋਗਤਾ ਨੂੰ ਵੱਡੀ ਸੱਟ ਮਾਰੀ ਹੈ।ਐਡਵੋਕੇਟ ਮਿੱਤਲ ਨੇ ਕਿਹਾ ਕਿ ਹਾਈਕੋਰਟ ਦੇ ਫ਼ੈਸਲੇ ਨਾਲ ਪ੍ਰਭਾਵਿਤ ਉਮੀਦਵਾਰਾਂ ਨੂੰ ਵੱਡੀ ਰਾਹਤ ਮਿਲੀ ਹੈ। ਉਨ੍ਹਾਂ ਐਲਾਨ ਕੀਤਾ ਕਿ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਨ 'ਤੇ ਮੌਜੂਦਾ ਸਰਕਾਰ ਦੇ ਕਾਰਜਕਾਲ ਦੌਰਾਨ ਹੋਈਆਂ ਸਾਰੀਆਂ ਸ਼ੱਕੀ ਭਰਤੀਆਂ ਦੀ ਉੱਚ ਪੱਧਰੀ ਅਤੇ ਨਿਰਪੱਖ ਜਾਂਚ ਕਰਵਾਈ ਜਾਵੇਗੀ।

ਸੰਘਾ ਦੀ ਯਾਦ ਵਿਚ ਚਿੱਤਰਕਲਾ ਮੁਕਾਬਲੇ

ਬੰਗਾ (ਅਵਤਾਰ ਕਲੇਰ)- ਪਿੰਡ ਸ਼ਹਾਬ ਪੁਰ ਵਿਖੇ ਸ਼ਹੀਦ ਮਾਸਟਰ ਗਿਆਨ ਸਿੰਘ ਸੰਘਾ ਯਾਦਗਾਰੀ ਕਮੇਟੀ ਅਤੇ ਡੈਮੋਕ੍ਰੇਟਿਕ ਟੀਚਰਜ਼ ਫਰੰਟ ਵਲੋਂ ਸੰਘਾ ਦੀ 34ਵੀਂ ਬਰਸੀ ਮੌਕੇ ਉਹਨਾਂ ਦੀ ਯਾਦਗਾਰ ਉੱਤੇ ਬੱਚਿਆਂ ਦੇ ਚਿੱਤਰਕਲਾ ਮੁਕਾਬਲੇ ਅਤੇ ਸੁੰਦਰ ਲਿਖਾਈ ਮੁਕਾਬਲੇ ਕਰਵਾਏ ਗਏ ਜੋ ਇਸ ਵਾਰ ਬਾਬਾ ਚੂਹੜ ਸਿੰਘ ਬੱਜੋਂ ਨੂੰ ਸਮਰਪਿਤ ਸਨਜਿਸ ਵਿਚ 21 ਸਕੂਲਾਂ ਦੇ 242 ਬੱਚਿਆਂ ਨੇ ਭਾਗ ਲਿਆ। ਚਿੱਤਰਕਲਾ ਮੁਕਾਬਲੇ ਦੇ ਪਹਿਲੇ ਵਰਗ ਵਿੱਚ ਨਵਜੋਤ ਪਾਲ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਸੜੋਆ ਫਸਟ, ਅਮਨਜੋਤ ਕੌਰ ਡੀ ਏ ਐਨ ਕਾਲਿਜ ਆਫ਼ ਐਜੂਕੇਸ਼ਨ ਨਵਾਂਸ਼ਹਿਰ ਸੈਕਿੰਡ, ਜਯਾ ਚੋਪੜਾ ਡੀ ਏ ਐਨ ਕਾਲਿਜ ਆਫ਼ ਐਜੂਕੇਸ਼ਨ ਨਵਾਂਸ਼ਹਿਰ ਥਰਡ, ਸਿਮਰਨਜੀਤ ਕੌਰ ਨੇ ਚੌਥਾ ਸਥਾਨ ਹਾਸਿਲ ਕੀਤਾ।ਚਿੱਤਰਕਲਾ ਮੁਕਾਬਲਿਆਂ ਦੇ ਦੂਜੇ ਵਰਗ ਵਿੱਚ ਏਕਮ ਸਿੱਧੂ ਆਰ ਐਮ ਬੀ ਡੇ ਪਬਲਿਕ ਸਕੂਲ ਪਹਿਲੇ ਸਥਾਨ ਉੱਤੇ, ਜਸਪ੍ਰੀਤ ਲਈ ਓਰੀਐਂਟਲ ਪਬਲਿਕ ਸਕੂਲ ਸਮੁੰਦੜਾ ਦੂਜੇ, ਸਾਹਿਬਜੋਤ ਸਿੰਘ ਪਬਲਿਕ ਸਕੂਲ ਜਾਡਲਾ ਤੀਜੇ, ਨਿਤੀਸ਼ ਡੀ ਏ ਵੀ ਸਕੂਲ ਨਵਾਂਸ਼ਹਿਰ ਚੌਥੇ ਸਥਾਨ ਤੇ ਰਹੇ।ਚਿੱਤਰਕਲਾ ਵਰਗ ਤੀਜੇ ਮੁਕਾਬਲੇ ਵਿਚ ਮਾਨਿਆ ਸ਼ਰਮਾ ਸਕਾਲਰਜ਼ ਪਬਲਿਕ ਸਕੂਲ ਜਾਡਲਾ ਪਹਿਲੇ, ਕੈਰੀ ਗਿੰਡੇ ਸਿੱਖ ਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਨਵਾਂਸ਼ਹਿਰ



ਦੂਜੇ, ਹਰਸ਼ਿਤਾ ਕੁਮਾਰੀ ਤੀਜੇ,ਸ਼ਰਨਜੀਤ ਕੁਮਾਰ ਸਰਕਾਰੀ ਮਿਡਲ ਸਮਾਰਟ ਸਕੂਲ ਬੈਰਸੀਆਂ ਚੌਥੇ ਸਥਾਨ ਤੇ ਰਹੇ। ਚਿੱਤਰਕਲਾ ਵਰਗ ਚੌਥਾ ਦੇ ਮੁਕਾਬਲਿਆਂ ਵਿੱਚ ਨਮਨਜੀਤ ਪਹਿਲੇ, ਜਸ਼ਨਦੀਪ ਸਰਕਾਰੀ ਪ੍ਰਾਇਮਰੀ ਸਮਾਰਟ ਮਿਡਲ ਸਕੂਲ ਬੈਰਸੀਆਂ ਦੂਜੇ,ਜੋਬਨ ਸਰਕਾਰੀ ਪ੍ਰਾਇਮਰੀ ਸਕੂਲ ਸ਼ਹਾਬਪੁਰ ਤੀਜੇ ਰਵਨੀਤ ਕੁਮਾਰ ਪੀ ਐਸ ਪਬਲਿਕ ਸਕੂਲ ਚੌਥੇ ਸਥਾਨ ਤੇ ਰਹੇ। ਸੁੰਦਰ ਲਿਖਾਈ ਦੇ ਵੱਖ ਵੱਖ ਵਰਗਾਂ ਦੇ ਮੁਕਾਬਲੇ ਭਾਵਨਾ ਦੋਆਬਾ ਸਿੱਖ ਨੈਸ਼ਨਲ ਸੀ. ਸੈ.ਸਕੂਲ ਨਵਾਂਸ਼ਹਿਰ,ਸਿਮਰਨ ਪੀ ਐਸ ਪਬਲਿਕ ਸਕੂਲ,ਅਰਸ਼ਪ੍ਰੀਤ ਕੌਰ ਸਕਾਲਰਜ਼ ਪਬਲਿਕ ਸਕੂਲ ਜਾਡਲਾ,ਨਮਨੀਤ ਯੂਨੀਵਰਸਲ ਪਬਲਿਕ ਸਕੂਲ ਕੁੱਲੇਵਾਲ, ਸੁਖਮਨਪ੍ਰੀਤ ਕੌਰ ਡੀ ਏ ਵੀ ਸਕੂਲ, ਪ੍ਰਭਜੋਤ ਸਕਾਲਰਜ਼ ਪਬਲਿਕ ਸਕੂਲ ਜਾਡਲਾ ਨੇ ਮੱਲਾਂ ਮਾਰੀਆਂ। ਇਸ ਮੌਕੇ 'ਕਾਲੇ ਪਾਣੀ' ਵਿਸ਼ੇ ਉੱਤੇ ਬੱਚਿਆਂ ਦੇ ਕੁਇੱਜ਼ ਮੁਕਾਬਲੇ ਵੀ ਕਰਵਾਏ ਗਏ। ਕੁਇਜ਼ ਮਾਸਟਰ ਬਲਵੀਰ ਕੁਮਾਰ ਸਨ।ਮੁਕਾਬਲੇ ਦੇ ਜੱਜਾਂ ਦੀ ਭੂਮਿਕਾ, ਮਾਸਟਰ ਸ਼ਾਦੀ ਰਾਮ, ਸ਼੍ਰੀਮਤੀ ਮੋਹਨ ਕੌਰ,ਬਗੀਚਾ ਸਿੰਘ ਸਹੂੰਗੜਾ ਨੇ ਨਿਭਾਈ।ਜੇਤੂ ਬੱਚਿਆਂ ਨੂੰ ਇਨਾਮਾਂ ਦੀ ਵੰਡ ਦਲਜੀਤ ਸਿੰਘ ਐਡਵੋਕੇਟ, ਬਲਬੀਰ ਸਿੰਘ ਸੰਘਾ, ਜਸਬੀਰ ਦੀਪ, ਬਲਬੀਰ ਕੌਰ ਸੰਘਾ,ਬਲਵੀਰ ਕੁਮਾਰ ਹਰਨਿੰਦਰ ਸਿੰਘ ਅਟਵਾਲ ਅਤੇ ਮਾਸਟਰ ਮੁਲਖ ਰਾਜ ਨੇ ਕੀਤੀ। ਇਸ ਮੌਕੇ ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਆਗੂ ਭੁਪਿੰਦਰ ਸਿੰਘ ਵੜੈਚ, ਚੰਦਰਸ਼ੇਖਰ, ਸ਼ੰਕਰ ਦਾਸ ਬੰਗਾ,ਵਿਨਾਇਕ ਲਖਨਪਾਲ, ਨਰਿੰਦਰ ਸਿੰਘ ਉੜਾਪੜ, ਸੁਰਜੀਤ ਸਿੰਘ ਉੜਾਪੜ, ਪੀ ਐੱਸ ਯੂ ਆਗੂਆਂ ਬਲਜੀਤ ਸਿੰਘ ਧਰਮਕੋਟ, ਰਾਜੂ ਬਰਨਾਲਾ, ਕਿਰਨਜੀਤ ਕੌਰ ਨੇ ਜਿੰਮੇਵਾਰੀਆਂ ਨਿਭਾਈਆਂ।

ਚੌਧਰੀ ਨੇ ਰਾਜ ਸਭਾ ਮੈਂਬਰ ਬੰਸੀ ਲਾਲ ਗੁੱਜਰ ਦਾ ਕੀਤਾ ਸਨਮਾਨ

ਚੰਡੀਗੜ੍ਹ (ਸੁਰਜੀਤ ਸੁਮਨ)- ਜਿਉਂ ਜਿਉਂ 2027 ਵਿੱਚ ਹੋਣ ਵਾਲੀਆਂ ਚੋਣਾਂ ਨੇੜੇ ਆ ਰਹੀਆਂ ਹਨ, ਚੰਡੀਗੜ੍ਹ ਨਾਲ਼ ਲਗਦੇ ਵਿਧਾਨ ਸਭਾ ਹਲਕਾ ਖਰੜ ਵਿੱਚ ਵੀ ਵੱਖ ਵੱਖ ਪਾਰਟੀਆਂ ਦੇ ਆਗੂਆਂ ਵੱਲੋਂ ਆਪਣੀਆਂ ਸਰਗਰਮੀਆਂ ਤੇਜ਼ ਕੀਤੀਆਂ ਜਾ ਰਹੀਆਂ ਹਨ। ਅੱਜ ਕੱਲ੍ਹ ਜਿੱਥੇ ਵੱਖ ਵੱਖ ਸਿਆਸੀ ਨੁਮਾਇੰਦਿਆਂ ਵੱਲੋਂ ਪੋਸਟਰ ਜੰਗ ਸ਼ੁਰੂ ਕੀਤੀ ਹੋਈ ਹੈ, ਉੱਥੇ ਹੀ ਜਿੱਥੇ ਜਿੱਥੇ ਵੀ ਉਨ੍ਹਾਂ ਦੇ ਸਾਕ-ਸਬੰਧੀ, ਰਿਸ਼ਤੇਦਾਰ ਜਾਂ ਦੋਸਤ-ਮਿੱਤਰ ਵਸਦੇ ਹਨ, ਉਨ੍ਹਾਂ ਨਾਲ਼ ਰਾਬਤਾ ਕਾਇਮ ਕੀਤਾ ਜਾ ਰਿਹਾ ਹੈ, ਤਾਂ ਜੋ ਫਰਵਰੀ, 2027 ਵਿੱਚ ਹੋਣ ਜਾ ਰਹੀਆਂ ਚੋਣਾਂ ਵਿੱਚ ਜੇਕਰ ਉਨ੍ਹਾਂ ਨੂੰ ਪਾਰਟੀ ਟਿਕਟ ਮਿਲਦੀ ਹੈ, ਤਾਂ ਉਹ ਆਪਣੀ ਕਿਸਮਤ ਅਜ਼ਮਾਈ ਕਰ ਸਕਣ।



ਗੱਲਬਾਤ ਕਰਦਿਆਂ ਚੌਧਰੀ ਸ਼ਿਆਮ ਲਾਲ ਮਾਜਰੀਆਂ ਨੇ ਕਿਹਾ ਕਿ ਖਰੜ ਹਲਕੇ ਨੂੰ ਵੱਖ ਵੱਖ ਪਾਰਟੀਆਂ ਖਾਸ ਕਰਕੇ ਆਮ ਆਦਮੀ ਪਾਰਟੀ ਨੇ ਪਿਛਲੇ ਪੰਜ ਸਾਲਾਂ ਦੌਰਾਨ ਬਾਹਰੋਂ ਉਮੀਦਵਾਰ ਲਿਆ ਕੇ ਲਵਾਰਸ ਬਣਾਈ ਰੱਖਿਆ ਹੈ। ਪਿਛਲੇ ਪੰਜ ਸਾਲਾਂ ਵਿੱਚ ਇੱਥੋਂ ਦੀ ਵਿਧਾਇਕਾ ਅਨਮੋਲ ਗਗਨ ਮਾਨ ਨੇ ਲੋਕਾਂ ਤੋਂ ਦੂਰੀ ਬਣਾਈ ਰੱਖੀ ਹੈ, ਜਿਸ ਬਾਰੇ ਸਭ ਜਾਣਦੇ ਹਨ। ਹੁਣ ਹਲਕੇ ਦੇ ਲੋਕ ਜਾਗ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇੱਥੇ ਐੱਸ ਸੀ ਬੀ ਸੀ ਲੋਕਾਂ ਦੀ ਘੱਟੋ ਘੱਟ ਦੋ ਲੱਖ ਦੇ ਕਰੀਬ ਵੋਟ ਹੈ। ਇਸ ਲਈ ਸਾਨੂੰ ਵੀ ਯੋਗ ਨੁਮਾਇੰਦਗੀ ਮਿਲ਼ਣੀ ਚਾਹੀਦੀ ਹੈ।

ਜ਼ਿਕਰਯੋਗ ਹੈ ਕਿ ਸ਼੍ਰੋਮਣੀ ਅਕਾਲੀ ਦਲ ਛੱਡ ਕੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਏ ਹਲਕਾ ਖਰੜ ਦੇ ਉੱਘੇ ਲੀਡਰ ਚੌਧਰੀ ਸ਼ਿਆਮ ਲਾਲ ਮਾਜਰੀਆਂ ਵੱਲੋਂ ਇਨ੍ਹੀਂ-ਦਿਨੀਂ ਇਲਾਕੇ ਵਿੱਚ ਆਪਣੀਆਂ ਸਰਗਰਮੀਆਂ ਕਾਫੀ ਤੇਜ਼ ਕੀਤੀਆਂ ਹੋਈਆਂ ਹਨ। ਉਹ ਨਿੱਤ ਦਿਨ ਹਲਕੇ ਦੇ ਲੋਕਾਂ ਨੂੰ ਮਿਲ ਰਹੇ ਹਨ।

ਇਸ ਇਲਾਕੇ ਵਿੱਚ ਉਹ ਪਛੜੀਆਂ ਸ਼੍ਰੇਣੀਆਂ ਦੇ ਲੋਕਾਂ ਦੇ ਜ਼ਖ਼ਮਾਂ ਉੱਤੇ ਮੱਲਮ ਲਾਉਣ ਦੇ ਆਹਰ ਵਿੱਚ ਹਨ। ਚੌਧਰੀ ਸ਼ਿਆਮ ਲਾਲ ਮਾਜਰੀਆਂ ਵੱਲੋਂ ਇੱਥੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ, ਰਾਜ ਸਭਾ ਮੈਂਬਰ, ਭਾਜਪਾ ਕਿਸਾਨ ਮੋਰਚੇ ਦੇ ਪ੍ਰਧਾਨ ਤੇ ਗੁੱਜਰ ਭਾਈਚਾਰੇ ਦੀ ਰਾਜਨੀਤੀ ਵਿੱਚ ਪ੍ਰਮੁੱਖ ਚਿਹਰਾ ਮੰਨੇ ਜਾਂਦੇ ਚੌਧਰੀ ਬੰਸੀ ਲਾਲ ਗੁੱਜਰ ਦਾ ਭਰਵਾਂ ਸਵਾਗਤ ਕਰਦਿਆਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਹੋਏ ਵਿਚਾਰ-ਵਟਾਂਦਰੇ ਨਾਲ ਉਨ੍ਹਾਂ ਸੰਗਠਨ ਦੀ ਮਜ਼ਬੂਤੀ ਤੇ ਸਮਾਜ ਦੀ ਤਰੱਕੀ ਲਈ ਮਿਲ ਕੇ ਕੰਮ ਕਰਨ ਦਾ ਸੰਕਲਪ ਲਿਆ।

ਗੰਨੇ ਦੀ ਬਕਾਇਆ ਰਾਸ਼ੀ ਤੁਰੰਤ ਜਾਰੀ ਕਰੇ ਸਰਕਾਰ : ਖੰਨਾ

ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)- ਭਾਜਪਾ ਦੇ ਸਾਬਕਾ ਸੂਬਾ ਪ੍ਰਧਾਨ ਅਤੇ ਸਾਬਕਾ ਰਾਜ ਸਭਾ ਮੈਂਬਰ ਅਵਿਨਾਸ਼ ਰਾਏ ਖੰਨਾ ਨੇ ਫਗਵਾੜਾ ਖੰਡ ਮਿੱਲ ਨਾਲ ਸਬੰਧਤ ਗੰਨਾ ਉਤਪਾਦਕ ਕਿਸਾਨਾਂ ਦੀ ਕਰੋੜਾਂ ਰੁਪਏ ਦੀ ਬਕਾਇਆ ਰਾਸ਼ੀ ਜਾਰੀ ਨਾ ਹੋਣ 'ਤੇ ਸਰਕਾਰ ਨੂੰ ਕਟਹਿਰੇ ਵਿੱਚ ਖੜ੍ਹਾ ਕੀਤਾ ਹੈ। ਖੰਨਾ ਨੇ ਕਿਹਾ ਕਿ ਫਗਵਾੜਾ ਸ਼ੂਗਰ ਮਿੱਲ ਵੱਲ ਕਿਸਾਨਾਂ ਦੇ ਲਗਭਗ 27.84 ਕਰੋੜ ਰੁਪਏ ਅਤੇ ਸਰਕਾਰ ਵੱਲੋਂ ਲਗਭਗ 18.93 ਕਰੋੜ ਰੁਪਏ ਦੀ ਰਾਸ਼ੀ ਬਕਾਇਆ ਹੋਣ ਦਾ ਮਾਮਲਾ ਬੇਹੱਦ ਗੰਭੀਰ ਹੈ। ਕਿਸਾਨਾਂ ਵੱਲੋਂ 26 ਨਵੰਬਰ ਨੂੰ ਦਿੱਲੀ-ਅੰਮ੍ਰਿਤਸਰ ਕੌਮੀ ਮਾਰਗ ਜਾਮ ਕਰਨ ਦੀ ਚਿਤਾਵਨੀ ਦੇਣਾ ਸਰਕਾਰ ਦੀ ਨਾਕਾਮੀ ਦਾ ਸਬੂਤ ਹੈ। ਖੰਨਾ ਨੇ ਮੰਗ ਕੀਤੀ ਕਿ ਕਿਸਾਨਾਂ ਦੀ ਸਮੁੱਚੀ ਬਕਾਇਆ ਰਾਸ਼ੀ ਬਿਨਾਂ ਕਿਸੇ ਦੇਰੀ ਤੁਰੰਤ ਜਾਰੀ ਕੀਤੀ ਜਾਵੇ ਅਤੇ ਭਵਿੱਖ ਵਿੱਚ ਗੰਨੇ ਦੀ ਅਦਾਇਗੀ ਲਈ ਪੱਕੀ ਸਮਾਂ-ਸੀਮਾ ਤੈਅ ਕੀਤੀ ਜਾਵੇ।



ਵਧੀਕ ਡਿਪਟੀ ਕਮਿਸ਼ਨਰ ਨੇ ਭਤੀਜੀ ਦੇ ਜਨਮ ਦਿਨ ਮੌਕੇ ਸਾਂਝੀ ਰਸੋਈ ਲਈ 11000 ਦਾ ਦਿੱਤਾ ਯੋਗਦਾਨ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)- ਡਿਪਟੀ ਕਮਿਸ਼ਨਰ-ਕਮ-ਪ੍ਰਧਾਨ, ਜ਼ਿਲ੍ਹਾ ਰੈਡ ਕਰਾਸ ਸੁਸਾਇਟੀ ਹੁਸ਼ਿਆਰਪੁਰ ਆਸ਼ਿਕਾ ਜੈਨ ਦੀ ਅਗਵਾਈ ਹੇਠਾਂ ਚਲਾਈ ਜਾ ਰਹੀ ਜ਼ਿਲ੍ਹਾ ਰੈਡ ਕਰਾਸ ਸੁਸਾਇਟੀ ਵੱਲੋਂ ਮੁਹੱਲਾ ਈਸ਼ ਨਗਰ, ਹੁਸ਼ਿਆਰਪੁਰ ਵਿਖੇ 'ਸਾਂਝੀ ਰਸੋਈ' ਦਾ ਸਫਲਤਾਪੂਰਵਕ ਸੰਚਾਲਨ ਕੀਤਾ ਜਾ ਰਿਹਾ ਹੈ। ਇਸ ਰਸੋਈ ਰਾਹੀਂ ਆਮ ਲੋਕਾਂ ਨੂੰ ਕੇਵਲ 10 ਰੁਪਏ ਪ੍ਰਤੀ ਥਾਲੀ ਦੀ ਮਾਮੂਲੀ ਦਰ 'ਤੇ ਦੁਪਹਿਰ ਦਾ ਪੌਸ਼ਟਿਕ ਖਾਣਾ ਮੁਹੱਈਆ ਕਰਵਾਇਆ ਜਾ ਰਿਹਾ ਹੈ, ਜਿੱਥੇ ਹਰ ਰੋਜ਼ 500 ਤੋਂ ਵੱਧ ਲੋੜਵੰਦ ਲੋਕ ਭੋਜਨ ਦਾ ਲਾਭ ਲੈ ਰਹੇ ਹਨ। ਇਸੇ ਲੜੀ ਤਹਿਤ ਵਧੀਕ ਡਿਪਟੀ ਕਮਿਸ਼ਨਰ (ਜਨਰਲ)ਹੁਸ਼ਿਆਰਪੁਰ, ਡਾ. ਸੁਮਿਤ ਮੁੱਧ ਵੱਲੋਂ ਕੈਲਗਰੀ (ਕੈਨੇਡਾ) ਨਿਵਾਸੀ ਆਪਣੀ ਭਤੀਜੀ ਦੁਆ ਨੇਗੀ ਸਪੁੱਤਰੀ ਚੇਤਨ ਨੇਗੀ ਅਤੇ ਸਾਕਸ਼ੀ ਸ਼ਰਮਾ ਦੇ ਜਨਮਦਿਨ ਮੌਕੇ 'ਬੁੱਕ-ਏ-ਡੇ' ਤਹਿਤ ਸਾਂਝੀ ਰਸੋਈ ਲਈ 11,000/- ਰੁਪਏ ਦਾ ਯੋਗਦਾਨ ਪਾਇਆ ਗਿਆ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਸੁਮਿਤ ਮੁੱਧ ਜੀ ਨੇ ਜ਼ਿਲ੍ਹਾ ਰੈਡ ਕਰਾਸ ਸੁਸਾਇਟੀ ਦੇ ਇਸ ਲੋਕ-ਭਲਾਈ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਆਪਣੀਆਂ ਨਿੱਜੀ ਖੁਸ਼ੀਆਂ ਨੂੰ ਲੋੜਵੰਦਾਂ ਨਾਲ ਸਾਂਝਾ ਕਰਨਾ ਸਭ ਤੋਂ ਉੱਤਮ ਮਾਨਵਤਾ ਦੀ ਸੇਵਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੱਤਰ, ਜ਼ਿਲ੍ਹਾ ਰੈਡ ਕਰਾਸ ਸੁਸਾਇਟੀ ਮੰਗੇਸ਼ ਸੂਦ ਨੇ ਦੱਸਿਆ ਕਿ ਇਸ ਨੇਕ ਉਪਰਾਲੇ ਨੂੰ ਨਿਰੰਤਰ ਚਲਾਉਣ ਅਤੇ ਇਸ ਵਿੱਚ ਆਮ ਜਨਤਾ ਦੀ ਹਿੱਸੇਦਾਰੀ ਵਧਾਉਣ ਲਈ ਸੁਸਾਇਟੀ ਵੱਲੋਂ ਬੁੱਕ- ਏ- ਡੇ ਪਹਿਲਕਦਮੀ ਚਲਾਈ ਜਾ ਰਹੀ ਹੈ। ਇਸ ਤਹਿਤ ਕੋਈ ਵੀ ਵਿਅਕਤੀ 5,100/- ਰੁਪਏ ਜਾਂ ਇਸ ਤੋਂ ਵੱਧ ਦਾ ਯੋਗਦਾਨ ਪਾ ਕੇ ਆਪਣੇ ਪਰਵਾਰਕ ਮੈਂਬਰਾਂ ਜਾਂ ਪਿਆਰਿਆਂ ਦੇ ਨਾਮ 'ਤੇ ਸਾਂਝੀ ਰਸੋਈ ਦਾ ਇੱਕ ਦਿਨ ਬੁੱਕ ਕਰਵਾ ਸਕਦਾ ਹੈ। ਲੋਕ ਇਸ ਰਾਹੀਂ ਆਪਣੇ ਜਨਮਦਿਨ, ਵਿਆਹ ਦੀ ਵਰ੍ਹੇਗੰਢ ਜਾਂ ਕਿਸੇ ਵਿਛੜੇ ਹੋਏ ਪਰਿਵਾਰਕ ਮੈਂਬਰ ਦੀ ਨਿੱਘੀ ਯਾਦ ਵਿੱਚ ਭੋਜਨ ਦੀ ਸੇਵਾ ਕਰਕੇ ਇਨ੍ਹਾਂ ਵਿਸ਼ੇਸ਼ ਮੌਕਿਆਂ ਨੂੰ ਯਾਦਗਾਰ ਬਣਾ ਸਕਦੇ ਹਨ।



ਸ਼ਹੀਦ ਬਾਬਾ ਧੰਨਾ ਸਿੰਘ ਦੀ ਯਾਦ ਵਿੱਚ ਬਰਸੀ ਸਮਾਗਮ ਕਰਵਾਇਆ

ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ ਭੋਗਪੁਰ)- ਸ਼ਹੀਦ ਬਾਬਾ ਧੰਨਾ ਸਿੰਘ ਜੀ ਦੀ ਯਾਦ ਨੂੰ ਸਮਰਪਿਤ 38ਵਾਂ ਬਰਸੀ ਸਮਾਗਮ 18 ਨਵੰਬਰ ਨੂੰ ਪਿੰਡ ਕਾਲੂਵਾਹਰ, ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਕਰਵਾਇਆ ਗਿਆ। ਇਸ ਮੌਕੇ ਧਾਰਮਿਕ ਸਮਾਗਮ ਦੌਰਾਨ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਗੁਰਬਾਣੀ ਦੇ ਸ਼ਬਦ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ। ਸਮਾਗਮ ਦੀ ਸ਼ੁਰੂਆਤ ਸਵੇਰੇ 10 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਨਾਲ ਹੋਈ। ਇਸ ਉਪਰੰਤ ਸਵੇਰੇ 11 ਵਜੇ ਸ਼ਬਦ ਕੀਰਤਨ ਕਰਵਾਇਆ ਗਿਆ ਅਤੇ ਦੁਪਹਿਰ 1 ਵਜੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।



ਇਸ ਬਰਸੀ ਸਮਾਗਮ ਦੀ ਵਿਸ਼ੇਸ਼ ਗੱਲ ਇਹ ਰਹੀ ਕਿ ਧਾਰਮਿਕ ਸੇਵਾਵਾਂ ਦੇ ਨਾਲ-ਨਾਲ ਮਨੁੱਖਤਾ ਦੀ ਭਲਾਈ ਨੂੰ ਮੁੱਖ ਰੱਖਦਿਆਂ ਮੈਡੀਕਲ ਚੈਕਅੱਪ ਕੈਂਪ ਵੀ ਲਗਾਇਆ ਗਿਆ। ਇਸ ਦੌਰਾਨ ਫੁੱਲ ਬਾਡੀ ਦੀ ਜਾਂਚ ਅਤੇ ਲੋੜਵੰਦਾਂ ਨੂੰ ਮੁਫ਼ਤ ਮੈਡੀਕਲ ਸਹਾਇਤਾ ਅਤੇ ਐਮਰਜੈਂਸੀ ਸੇਵਾਵਾਂ ਦਾ ਵੀ ਪ੍ਰਬੰਧ ਕੀਤਾ ਗਿਆ। ਸਮਾਗਮ ਵਿੱਚ ਸੇਵਾਦਾਰਾਂ ਅਤੇ ਪ੍ਰਬੰਧਕਾਂ ਵੱਲੋਂ ਸ਼ਹੀਦ ਬਾਬਾ ਧੰਨਾ ਸਿੰਘ ਜੀ ਦੀ ਯਾਦ ਨੂੰ ਸਿਜਦਾ ਕਰਦਿਆਂ ਉਨ੍ਹਾਂ ਦੀ ਕੁਰਬਾਨੀ ਅਤੇ ਸੇਵਾ ਭਾਵਨਾ ਨੂੰ ਯਾਦ ਕੀਤਾ ਗਿਆ। ਇਹ ਪ੍ਰੋਗਰਾਮ ਧਾਰਮਿ

ਲੇਖ ਤੇ ਕੁਇਜ਼ ਮੁਕਾਬਲਿਆਂ ਦੇ ਜੇਤੂ ਵਿਦਿਆਰਥੀਆਂ ਦਾ ਸਨਮਾਨ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਸਰਕਾਰੀ ਕਿਰਤੀ ਕਾਲਜ ਨਿਆਲ ਪਾਤੜਾਂ ਵਿਖੇ ਰਾਜਨੀਤੀ ਸ਼ਾਸਤਰ ਵਿਭਾਗ ਅਤੇ ਇਲੈਕਟੋਰਲ ਲਿਟਰੇਸੀ ਕਲੱਬ ਵੱਲੋਂ ਲੇਖ ਲਿਖਣ ਅਤੇ ਕੁਇਜ਼ ਮੁਕਾਬਲੇ ਕਰਵਾਏ ਗਏ।ਇਸ ਮੌਕੇ ਡਾ. ਜਸਵਿੰਦਰ ਸ਼ਰਮਾ ਨੇ ਇਲਾਕੇ ਦੇ ਵੱਖ-ਵੱਖ ਸਕੂਲਾਂ ਦੇ ਅਧਿਆਪਕਾਂ ਅਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਜੀ ਆਇਆਂ ਆਖਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਮੁਕਾਬਲੇ ਵਿਦਿਆਰਥੀਆਂ ਵਿੱਚ ਉਤਸ਼ਾਹ ਪੈਦਾ ਕਰਨਗੇ।ਕਾਲਜ ਪ੍ਰਿੰਸੀਪਲ ਡਾ. ਗਗਨਦੀਪ ਚੀਮਾ ਵੱਲੋਂ ਲੋਕਤੰਤਰ ਨੂੰ ਮਜ਼ਬੂਤ ਬਣਾਉਣ ਵਿੱਚ ਹਰ ਨਾਗਰਿਕ ਦੀ ਵੋਟ ਦੀ ਮਹੱਤਤਾ, ਜ਼ਿੰਮੇਵਾਰ ਅਤੇ ਜਾਗਰੂਕ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ ਗਿਆ।ਈ ਐੱਲ ਸੀ ਦੇ ਕੋਆਰਡੀਨੇਟਰ ਸਹਾਇਕ ਪ੍ਰੋਫੈਸਰ ਕਰਮਜੀਤ ਕੌਰ ਨੇ ਵਿਦਿਆਰਥੀਆਂ ਨੂੰ ਇਨ੍ਹਾਂ ਮੁਕਾਬਲਿਆਂ ਦੇ ਮੁੱਖ ਉਦੇਸ਼-ਵੋਟ ਦੇ ਅਧਿਕਾਰ, ਲੋਕਤੰਤਰੀ ਕਦਰਾਂ-ਕੀਮਤਾਂ ਅਤੇ ਚੋਣ ਪ੍ਰਕਿਰਿਆ ਪ੍ਰਤੀ ਜਾਣਕਾਰੀ ਦਿੱਤੀ।ਲੇਖ ਲਿਖਣ ਮੁਕਾਬਲੇ ਵਿੱਚ ਵੱਖ-ਵੱਖ ਸਕੂਲਾਂ ਦੇ 25 ਵਿਦਿਆਰਥੀਆਂ ਨੇ ਭਾਗ ਲਿਆ ਜਿਸ ਵਿੱਚੋਂ 10 ਵਿਦਿਆਰਥੀ ਜ਼ਿਲ੍ਹਾ ਪੱਧਰੀ ਮੁਕਾਬਲੇ ਲਈ ਚੁਣੇ ਗਏ।ਮੁੱਖ ਮਹਿਮਾਨ ਵਜੋਂ ਖੁਸ਼ਪ੍ਰੀਤ ਸਿੰਘ ਪੀ ਸੀ ਐਸ ਨੇ ਸ਼ਿਰਕਤ ਕੀਤੀ। ਉਨ੍ਹਾਂ ਦੇ ਨਾਲ ਸਵੀਪ ਨੋਡਲ ਅਫ਼ਸਰ ਹਲਕਾ ਸ਼ੁਤਰਾਣਾ ਪ੍ਰੇਮ ਕੁਮਾਰ, ਅਜੇ, ਜਗਤਾਰ ਸਿੰਘ ਵੀ ਮੌਜੂਦ ਸਨ।ਇਸ ਸਮੇਂ ਕਮੇਟੀ ਮੈਂਬਰ ਸਹਾਇਕ ਪ੍ਰੋਫੈਸਰ ਸੰਦੀਪ ਰਾਣੀ, ਪ੍ਰੋ ਸੰਦੀਪ ਕੌਰ, ਪ੍ਰੋ ਜਗਦੀਸ਼ ਸਿੰਘ, ਪ੍ਰੋ ਬਲਕਾਰ ਸਿੰਘ, ਪ੍ਰੋ ਭੁਪਿੰਦਰ ਕੌਰ ਅਤੇ ਪ੍ਰੋ ਰਮਨਦੀਪ ਕੌਰ ਆਦਿ ਹਾਜ਼ਰ ਸਨ।

ਡਾ. ਰੇਖਾ ਕਾਲੀਆ ਵੱਲੋਂ ਸਰਵਹਿੱਤਕਾਰੀ ਸਕੂਲ ਦੇ ਸਿੱਖਿਆ ਪ੍ਰਬੰਧਾਂ ਦਾ ਜਾਇਜ਼ਾ



ਜਗਰਾਉਂ (ਅਮਿਤ ਖੰਨਾ)

ਸ੍ਰੀਮਤੀ ਸਤੀਸ਼ ਗੁਪਤਾ ਸਰਵਹਿੱਤਕਾਰੀ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਜਗਰਾਉਂ ਦਾ ਡਾ. ਰੇਖਾ ਕਾਲੀਆ ਭਾਰਦਵਾਜ ਨੇ ਦੌਰਾ ਕੀਤਾ, ਜੋ ਸਿੱਖਿਆ ਦੇ ਖੇਤਰ ਵਿੱਚ ਵਿਸ਼ੇਸ਼ ਯੋਗਦਾਨ ਪਾ ਰਹੇ ਹਨ। ਡਾ. ਰੇਖਾ ਕਾਲੀਆ ਭਾਰਦਵਾਜ ਵਿੱਦਿਆ ਭਾਰਤੀ ਦੀ ਕਾਰਜਕਾਰਨੀ ਵਿੱਚ ਉਪ-ਪ੍ਰਧਾਨ ਦੇ ਅਹੁਦੇ 'ਤੇ ਸੁਸ਼ੋਭਿਤ ਹਨ ਤੇ ਮੁੱਲ-ਅਧਾਰਤ ਸਿੱਖਿਆ ਨੂੰ ਨਵੀਂ ਦਿਸ਼ਾ ਦੇਣ ਲਈ ਮਹੱਤਵਪੂਰਨ ਯੋਗਦਾਨ ਪਾ ਰਹੇ ਹਨ।ਉਹ ਬ੍ਰਿਗੇਡੀਅਰ ਜਗਦੀਸ਼ ਗਗਨੇਜਾ ਸਰਸਵਤੀ ਵਿੱਦਿਆ ਮੰਦਰ ਜਲੰਧਰ ਦੇ ਪ੍ਰਬੰਧਕ ਤੇ ਖਮਾਣੋਂ ਦੇ ਪਾਲਕ ਮੰਡਲ ਤੇ ਕੇਸ਼ਵ ਵਿੱਦਿਆ ਨਿਕੇਤਨ ਦੇ ਪ੍ਰਬੰਧਕ ਵਜੋਂ ਆਪਣੀਆਂ ਸੇਵਾਵਾਂ ਨਿਭਾਅ ਰਹੇ ਹਨ। ਉਨ੍ਹਾਂ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਹਰ ਕੰਮ ਪੂਰੇ ਮਨ, ਚਿੰਤਨ ਤੇ ਲਗਨ ਨਾਲ ਕਰਨਾ ਚਾਹੀਦਾ ਹੈ।ਹਰ ਵਿਦਿਆਰਥੀ ਦੇ ਮਨ ਵਿੱਚ ਆਤਮ-ਵਿਸ਼ਵਾਸ ਹੋਣਾ ਬਹੁਤ ਜ਼ਰੂਰੀ ਹੈ।ਸਾਨੂੰ ਹਮੇਸ਼ਾ ਇਹ ਵਿਸ਼ਵਾਸ ਰੱਖਣਾ ਚਾਹੀਦਾ ਹੈ ਕਿ ਅਸੀਂ ਮਿਹਨਤ ਤੇ ਦ੍ਰਿੜ੍ਹ ਇਰਾਦੇ ਨਾਲ ਜੀਵਨ ਵਿੱਚ ਅੱਗੇ ਵਧ ਸਕਦੇ ਹਾਂ।ਇਸ ਉਪਰੰਤ ਉਨ੍ਹਾਂ ਸਕੂਲ ਦੀਆਂ ਵੱਖ-ਵੱਖ ਜਮਾਤਾਂ ਵਿੱਚ ਜਾ ਕੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਤੇ ਉਨ੍ਹਾਂ ਦੀ ਪੜ੍ਹਾਈ ਬਾਰੇ ਜਾਣਕਾਰੀ ਪ੍ਰਾਪਤ ਕੀਤੀ।ਉਨ੍ਹਾਂ ਬੱਚਿਆਂ ਦੀ ਪੜ੍ਹਾਈ ਤੇ ਉਨ੍ਹਾਂ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕਰਦਿਆਂ ਹੋਰ ਮਿਹਨਤ ਕਰਨ ਲਈ ਉਤਸ਼ਾਹਤ ਕੀਤਾ।ਬਾਲਿਕਾ ਸਿੱਖਿਆ, ਨਾਰੀ ਸ਼ਕਤੀ ਤੇ ਮਾਤਰ ਸ਼ਕਤੀ ਬਾਰੇ ਵਿਚਾਰ-ਵਟਾਂਦਰਾ ਕੀਤਾ।ਉਨ੍ਹਾਂ ਸਕੂਲ ਦੇ ਅਧਿਆਪਕਾਂ ਨਾਲ ਬਾਲਿਕਾ ਸਿੱਖਿਆ, ਨਾਰੀ ਸ਼ਕਤੀ ਤੇ ਮਾਤਰ ਸ਼ਕਤੀ ਵਿਸ਼ਿਆਂ 'ਤੇ ਵਿਸ਼ੇਸ਼ ਮੀਟਿੰਗ ਕੀਤੀ।ਇਸ ਮੀਟਿੰਗ ਵਿੱਚ ਉਨ੍ਹਾਂ ਦੱਸਿਆ ਕਿ ਵੱਖ-ਵੱਖ ਗਤੀਵਿਧੀਆਂ ਰਾਹੀਂ ਬਾਲਿਕਾ ਸਿੱਖਿਆ ਨੂੰ ਉਤਸ਼ਾਹਤ ਕਰਨ ਅਤੇ ਨਾਰੀ ਸ਼ਕਤੀ ਤੇ ਮਾਤਰ ਸ਼ਕਤੀ ਨੂੰ ਮਜ਼ਬੂਤ ਬਣਾਉਣ ਲਈ ਸਾਨੂੰ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ।ਉਨ੍ਹਾਂ ਸੁਝਾਅ ਦਿੱਤਾ ਕਿ ਵਿਦਿਆਰਥੀਆਂ ਦੀਆਂ ਮਾਤਾਵਾਂ ਨਾਲ ਸਮੇਂ-ਸਮੇਂ 'ਤੇ ਗੱਲਬਾਤ ਕੀਤੀ ਜਾਵੇ ਤੇ ਉਨ੍ਹਾਂ ਦੀਆਂ ਰੁਚੀਆਂ, ਹੁਨਰਾਂ ਤੇ ਮੁਹਾਰਤ ਬਾਰੇ ਜਾਣਿਆ ਜਾਵੇ, ਤਾਂ ਜੋ ਉਹ ਵੀ ਆਪਣੀ ਯੋਗਤਾ ਅਨੁਸਾਰ ਸਕੂਲ ਦੀਆਂ ਗਤੀਵਿਧੀਆਂ ਵਿੱਚ ਯੋਗਦਾਨ ਪਾ ਸਕਣ।ਉਨ੍ਹਾਂ ਬੱਚਿਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਜੀਵਨ ਵਿੱਚ ਸਫਲਤਾ ਪ੍ਰਾਪਤ ਕਰਨ ਲਈ ਆਤਮ-ਵਿਸ਼ਵਾਸ, ਮਿਹਨਤ, ਲਗਨ ਤੇ ਅੱਗੇ ਵਧਣ ਦੀ ਭਾਵਨਾ ਹੋਣੀ ਬਹੁਤ ਜ਼ਰੂਰੀ ਹੈ।ਸਾਨੂੰ ਹਰ ਕੰਮ ਪੂਰੇ ਮਨ ਤੇ ਚਿੱਤ ਲਗਾ ਕੇ ਕਰਨਾ ਚਾਹੀਦਾ ਹੈ।

ਸਾਈਬਰ ਠੱਗਾਂ ਨੇ ਮਲੋਟ ਦੀ ਔਰਤ ਦੇ ਖਾਤੇ 'ਚੋਂ ਉਡਾਏ 2 ਲੱਖ

ਮਲੋਟ (ਰਜਿੰਦਰ ਜੁਨੇਜਾ)-ਇੱਥੋਂ ਦੀ ਰਹਿਣ ਵਾਲੀ ਇੱਕ ਔਰਤ ਨੂੰ ਹਸਪਤਾਲ ਦੀ ਆਨਲਾਈਨ ਅਪੁਆਇੰਟਮੈਂਟ ਲੈਣੀ ਉਸ ਸਮੇਂ ਭਾਰੀ ਪੈ ਗਈ, ਜਦੋਂ ਸਾਈਬਰ ਠੱਗਾਂ ਨੇ ਉਸ ਦੇ ਬੈਂਕ ਖਾਤੇ ਵਿੱਚੋਂ ਲੱਖਾਂ ਰੁਪਏ ਕਢਵਾ ਲਏ। ਪੀੜਤ ਔਰਤ ਸ਼ਮਸ਼ੇਰ ਕੌਰ, ਜੋ ਕਿ ਗਗੀਨ ਵੈਲੀ, ਮਲੋਟ ਦੀ ਵਾਸੀ ਹੈ, ਨੇ ਸਾਈਬਰ ਕਰਾਈਮ ਪੁਲਸ ਕੋਲ ਇਸ ਸਬੰਧੀ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤ ਅਨੁਸਾਰ 11 ਨਵੰਬਰ ਨੂੰ ਉਸ ਨੇ ਆਪਣੇ ਇਲਾਜ ਲਈ ਏਮਜ਼ ਬਠਿੰਡਾ ਵਿਖੇ ਆਨਲਾਈਨ ਅਪੁਆਇੰਟਮੈਂਟ ਲੈਣ ਲਈ ਫੋਨ ਕੀਤਾ ਸੀ। ਇਸ ਫੋਨ ਕਾਲ ਦੌਰਾਨ ਇੱਕ ਨਾਮਲੂਮ ਵਿਅਕਤੀ ਨੇ ਗਜ਼ਬਜ਼ੀ ਕਰਕੇ ਉਸ ਦੀ ਜਾਣਕਾਰੀ ਹਾਸਲ ਕਰ ਲਈ।

ਇਸ ਤੋਂ ਬਾਅਦ 14 ਨਵੰਬਰ ਨੂੰ ਸਾਈਬਰ ਠੱਗਾਂ ਨੇ ਵੱਖ-ਵੱਖ ਟਰਾਂਜੈਕਸ਼ਨਾਂ ਰਾਹੀਂ ਸ਼ਮਸ਼ੇਰ ਕੌਰ ਦੇ ਸਥਾਨਕ ਬੈਂਕ ਖਾਤੇ ਵਿੱਚੋਂ ਕੁੱਲ 2 ਲੱਖ 4 ਹਜ਼ਾਰ 335 ਰੁਪਏ ਕਢਵਾ ਲਏ। ਸਾਈਬਰ ਕ੍ਰਾਈਮ ਪੁਲਸ ਨੇ ਪੀੜਤਾ ਦੇ ਬਿਆਨਾਂ ਦੇ ਆਧਾਰ 'ਤੇ ਅਣਪਛਾਤੇ ਵਿਅਕਤੀ ਵਿਰੁੱਧ ਮੁਕੱਦਮਾ ਦਰਜ ਕਰ ਲਿਆ ਹੈ ਤੇ ਮਾਮਲੇ ਦੀ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ।

ਵਾਰਿਸ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਸੁਖਬੀਰ ਬਲਬੇੜਾ ਦਾ ਸਨਮਾਨ

ਬਲਬੇੜਾ ਨੂੰ 'ਕੌਮ ਦਾ ਹੀਰਾ' ਕਹਿ ਕੇ ਕੀਤੀ ਤਾਰੀਫ਼



ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ)-ਵਾਰਿਸ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਸੁਖਬੀਰ ਸਿੰਘ ਬਲਬੇੜਾ ਦਾ ਪਟਿਆਲਾ-ਸਨੌਰ 'ਚ ਸ਼ਾਨਦਾਰ ਸਨਮਾਨ ਕੀਤਾ ਗਿਆ।ਸਨਮਾਨ ਸਮਾਰੋਹ 'ਚ ਪੰਜਾਬ ਭਰ ਤੋਂ ਵਾਰਿਸ ਪੰਜਾਬ ਦੇ ਵਰਕਰ, ਨੌਜਵਾਨ, ਬਜ਼ੁਰਗ ਤੇ ਮਾਵਾਂ-ਭੈਣਾਂ ਵੱਡੀ ਗਿਣਤੀ 'ਚ ਪਹੁੰਚੇ।ਜਦੋਂ ਸੁਖਬੀਰ ਸਿੰਘ ਬਲਬੇੜਾ ਸਟੇਜ 'ਤੇ ਪਹੁੰਚੇ ਤਾਂ ਪੂਰਾ ਪੰਡਾਲ ਨਾਅਰਿਆਂ ਨਾਲ ਗੂੰਜ ਉੱਠਿਆ।ਇਸ ਮੌਕੇ ਡਾ. ਹਰਭਜਨ ਸਿੰਘ ਡੇਰਾਦੂਨ (ਸ਼ਤਰਾਣਾ), ਗੁਰਦੀਪ ਸਿੰਘ ਡਰੋਲੀ, ਬਲਜਿੰਦਰ ਸਿੰਘ ਜਲਾਲਪੁਰ, ਨਿਰਮਲ ਸਿੰਘ ਬਲਬੇੜਾ, ਭਾਈ ਜਸਵਿੰਦਰ ਦੇਵ ਸਿੰਘ ਵੱਲੋਂ ਇਸ ਸਨਮਾਨ ਸਮਾਰੋਹ 'ਚ ਉਨ੍ਹਾਂ ਨੂੰ ਸਿਰੋਪਾਓ, ਕਿਰਪਾਨ, ਫੁੱਲਾਂ ਦੇ ਹਾਰ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਸਮਾਗਮ ਦੇ ਪ੍ਰਬੰਧਕਾਂ ਨੇ ਦੱਸਿਆ ਕਿ ਸੁਖਬੀਰ ਸਿੰਘ ਬਲਬੇੜਾ ਨੇ ਪੰਜਾਬ, ਪੰਜਾਬੀ ਤੇ ਪੰਜਾਬੀਅਤ ਲਈ ਦਿਨ-ਰਾਤ ਮਿਹਨਤ ਕੀਤੀ ਹੈ।ਉਨ੍ਹਾਂ ਹਮੇਸ਼ਾ ਨੌਜਵਾਨਾਂ ਨੂੰ ਨਸ਼ੇ ਤੋਂ ਬਚਾ ਕੇ ਗੁਰਸਿੱਖੀ, ਖੇਡਾਂ ਤੇ ਕਿਰਤ ਨਾਲ ਜੋੜਨ ਦਾ ਕੰਮ ਕੀਤਾ ਹੈ।ਉਨ੍ਹਾਂ ਪੰਜਾਬ ਦੇ ਪਾਣੀਆਂ, ਕਿਸਾਨੀ ਤੇ ਨੌਜਵਾਨਾਂ ਦੇ ਹੱਕਾਂ ਲਈ ਹਮੇਸ਼ਾ ਅੱਗੇ ਹੋ ਕੇ ਆਵਾਜ਼ ਉਠਾਈ ਹੈ।ਸਨਮਾਨ ਤੋਂ ਬਾਅਦ ਬੋਲਦਿਆਂ ਜ਼ਿਲ੍ਹਾ ਪ੍ਰਧਾਨ ਸੁਖਬੀਰ ਸਿੰਘ ਬਲਬੇੜਾ ਨੇ ਕਿਹਾ ਕਿ ਇਹ ਸਨਮਾਨ ਮੇਰਾ ਨਹੀਂ, ਸਗੋਂ ਪੂਰੀ ਵਾਰਿਸ ਪੰਜਾਬ ਦੇ ਟੀਮ ਤੇ ਸੰਗਤ ਦਾ ਸਨਮਾਨ ਹੈ।ਉਨ੍ਹਾਂ ਕਿਹਾ ਕਿ ਮੈਂ ਸਾਰੀ ਜ਼ਿੰਦਗੀ ਪੰਜਾਬ, ਪੰਜਾਬੀ ਤੇ ਗੁਰੂ ਸਾਹਿਬ ਦੇ ਦੱਸੇ ਰਾਹ 'ਤੇ ਚੱਲ ਕੇ ਕੌਮ ਦੀ ਸੇਵਾ ਕਰਾਂਗਾ।ਸਮਾਗਮ 'ਚ ਪਹੁੰਚੇ ਬਜ਼ੁਰਗਾਂ ਤੇ ਆਗੂਆਂ ਨੇ ਸੁਖਬੀਰ ਸਿੰਘ ਬਲਬੇੜਾ ਨੂੰ 'ਕੌਮ ਦਾ ਹੀਰਾ' ਕਹਿ ਕੇ ਸਨਮਾਨਤ ਕੀਤਾ। ਸਮਾਗਮ 'ਚ ਲੋਕਾਂ ਨੇ ਪ੍ਰਣ ਲਿਆ ਕਿ ਉਹ ਪੰਜਾਬ ਨੂੰ ਬਚਾਉਣ ਲਈ ਬਲਬੇੜਾ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਨਗੇ।ਅੰਤ 'ਚ ਸੁਖਬੀਰ ਸਿੰਘ ਬਲਬੇੜਾ ਨੇ ਸਾਰੀ ਸੰਗਤ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਤੁਹਾਡਾ ਇਹ ਪਿਆਰ ਹੀ ਮੇਰੀ ਸਭ ਤੋਂ ਵੱਡੀ ਤਾਕਤ ਹੈ।ਇਸ ਮੌਕੇ ਉਨ੍ਹਾਂ ਨਾਲ ਵਾਰਿਸ ਪੰਜਾਬ ਦੇ ਬਲਾਕ ਪ੍ਰਧਾਨ, ਸਰਕਲ ਇੰਚਾਰਜ, ਨੌਜਵਾਨ ਆਗੂ ਤੇ ਵੱਡੀ ਗਿਣਤੀ 'ਚ ਵਰਕਰ ਹਾਜ਼ਰ ਸਨ।

ਪੀ ਸੀ ਐੱਸ ਭਰਤੀ ਪ੍ਰੀਖਿਆ : ਕਾਂਗਰਸ ਨੌਜਵਾਨਾਂ ਦੇ ਭਵਿੱਖ ਨਾਲ ਖਿਲਵਾੜ ਬਰਦਾਸ਼ਤ ਨਹੀਂ ਕਰੇਗੀ : ਸਿੰਗਲਾ



ਮਾਨਸਾ (ਆਤਮਾ ਸਿੰਘ ਪਮਾਰ)-ਪੰਜਾਬ ਸਰਕਾਰ ਵੱਲੋਂ ਕਰਵਾਈ ਗਈ ਪੀ.ਸੀ.ਐੱਸ. ਅਤੇ ਅਲਾਈਡ ਸਰਵਿਸਿਜ਼ ਭਰਤੀ ਪ੍ਰੀਖਿਆ 'ਤੇ ਮਾਨਯੋਗ ਹਾਈਕੋਰਟ ਵੱਲੋਂ ਰੋਕ ਲਗਾਉਣ ਦੇ ਮਾਮਲੇ ਨੇ ਸੂਬੇ ਦੀ ਸਿਆਸਤ 'ਚ ਨਵੀਂ ਹਲਚਲ ਪੈਦਾ ਕਰ ਦਿੱਤੀ ਹੈ। ਇਸ ਮਾਮਲੇ ਨੂੰ ਲੈ ਕੇ ਕਾਂਗਰਸ ਪਾਰਟੀ ਵੱਲੋਂ ਸਰਕਾਰ ਨੂੰ ਘੇਰਦਿਆਂ ਭਰਤੀ ਪ੍ਰਕਿਰਿਆ ਦੀ ਨਿਰਪੱਖਤਾ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਨੇ ਹਾਈਕੋਰਟ ਦੇ ਇਸ ਫੈਸਲੇ 'ਤੇ ਮੰਗ ਕੀਤੀ ਹੈ ਕਿ ਪੂਰੇ ਮਾਮਲੇ ਦੀ ਹਾਈਕੋਰਟ ਤੋਂ ਜਾਂਚ ਕਰਵਾਈ ਜਾਵੇ, ਤਾਂ ਜੋ ਇਸ ਭਰਤੀ ਪ੍ਰਕਿਰਿਆ ਨਾਲ ਜੁੜੇ ਹਰ ਪਹਿਲੂ ਦਾ ਸੱਚ ਸਾਹਮਣੇ ਆ ਸਕੇ।ਸਿੰਗਲਾ ਨੇ ਕਿਹਾ ਕਿ ਪੰਜਾਬ 'ਚ ਵੱਡੇ-ਵੱਡੇ ਵਾਅਦੇ ਕਰਕੇ ਸੱਤਾ 'ਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਨੌਜਵਾਨਾਂ ਦੇ ਭਵਿੱਖ ਨਾਲ ਖਿਲਵਾੜ ਕਰ ਰਹੀ ਹੈ। ਸਰਕਾਰ ਵੱਲੋਂ ਰੁਜ਼ਗਾਰ ਦੇਣ ਅਤੇ ਪਾਰਦਰਸ਼ੀ ਭਰਤੀ ਪ੍ਰਣਾਲੀ ਲਾਗੂ ਕਰਨ ਦੇ ਕੀਤੇ ਗਏ ਦਾਅਵਿਆਂ ਦੀ ਅਸਲੀਅਤ ਹੁਣ ਸਵਾਲਾਂ ਦੇ ਘੇਰੇ 'ਚ ਆ ਗਈ ਹੈ। ਉਨ੍ਹਾਂ ਕਿਹਾ ਕਿ ਪੀ.ਸੀ.ਐੱਸ. ਵਰਗੀ ਵੱਕਾਰੀ ਪ੍ਰੀਖਿਆ ਨੂੰ ਲੈ ਕੇ ਪੈਦਾ ਹੋਏ ਵਿਵਾਦ ਨੇ ਸਰਕਾਰ ਦੀ ਕਾਰਗੁਜ਼ਾਰੀ ਅਤੇ ਭਰਤੀ ਪ੍ਰਕਿਰਿਆ ਦੀ ਭਰੋਸੇਯੋਗਤਾ 'ਤੇ ਪ੍ਰਸ਼ਨ ਚਿੰਨ੍ਹ ਲਗਾ ਦਿੱਤਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਹਜ਼ਾਰਾਂ ਹੋਣਹਾਰ ਨੌਜਵਾਨ ਇਸ ਵੱਕਾਰੀ ਪ੍ਰੀਖਿਆ ਦੀ ਤਿਆਰੀ ਲਈ ਆਪਣੀ ਜ਼ਿੰਦਗੀ ਦੇ ਕਈ ਕੀਮਤੀ ਸਾਲ ਲਗਾ ਦਿੰਦੇ ਹਨ। ਕਾਂਗਰਸੀ ਆਗੂ ਨੇ ਦੋਸ਼ ਲਗਾਇਆ ਕਿ ਇਹ ਪਹਿਲੀ ਵਾਰ ਨਹੀਂ ਹੈ ਜਦੋਂ ਪੰਜਾਬ 'ਚ ਭਰਤੀ ਪ੍ਰੀਖਿਆਵਾਂ ਨੂੰ ਲੈ ਕੇ ਵਿਵਾਦ ਖੜ੍ਹਾ ਹੋਇਆ ਹੋਵੇ। ਇਸ ਤੋਂ ਪਹਿਲਾਂ ਵੀ ਕਈ ਭਰਤੀ ਪ੍ਰੀਖਿਆਵਾਂ ਨੂੰ ਲੈ ਕੇ ਵਿਵਾਦ ਖੜ੍ਹਾ ਹੋਇਆ ਹੋਵੇ। ਇਸ ਤੋਂ ਪਹਿਲਾਂ ਵੀ ਕਈ ਭਰਤੀ ਪ੍ਰੀਖਿਆਵਾਂ ਦੇ ਪੇਪਰਾਂ ਅਤੇ ਉਨ੍ਹਾਂ ਨਾਲ ਜੁੜੀਆਂ ਪ੍ਰਕਿਰਿਆਵਾਂ 'ਤੇ ਸਵਾਲ ਉੱਠਦੇ ਰਹੇ ਹਨ। ਉਨ੍ਹਾਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਸਰਕਾਰ ਸਿਰਫ਼ ਬਿਆਨਬਾਜ਼ੀ ਕਰਨ ਦੀ ਬਜਾਏ ਜਵਾਬਦੇਹੀ ਤੈਅ ਕਰੇ। ਸਿੰਗਲਾ ਨੇ ਕਿਹਾ ਕਿ ਹਾਈਕੋਰਟ ਵੱਲੋਂ ਰੋਕ ਲਗਾਏ ਜਾਣ ਉਪਰੰਤ ਸਰਕਾਰ ਦੀ ਜ਼ਿੰਮੇਵਾਰੀ ਹੋਰ ਵੀ ਵਧ ਜਾਂਦੀ ਹੈ ਕਿ ਉਹ ਸਾਰੇ ਤੱਥ ਜਨਤਕ ਕਰੇ ਅਤੇ ਉਮੀਦਵਾਰਾਂ ਦੇ ਮਨਾਂ 'ਚ ਪੈਦਾ ਹੋਏ ਸ਼ੰਕਿਆਂ ਨੂੰ ਦੂਰ ਕਰੇ। ਉਨ੍ਹਾਂ ਮੰਗ ਕੀਤੀ ਕਿ ਇਸ ਮਾਮਲੇ ਦੀ ਹਾਈਕੋਰਟ ਤੋਂ ਨਿਰਪੱਖ ਜਾਂਚ ਕਰਵਾਈ ਜਾਵੇ।

ਭਾਜਪਾ ਟਰਾਂਸਪੋਰਟ ਸੈੱਲ ਪੰਜਾਬ ਦੀ ਨਵੀਂ ਟੀਮ ਦਾ ਐਲਾਨ



ਭਵਾਨੀਗੜ੍ਹ (ਰਾਜ ਖੁਰਮੀ)-ਭਾਰਤੀ ਜਨਤਾ ਪਾਰਟੀ ਪੰਜਾਬ ਵੱਲੋਂ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਤੇ ਟਰਾਂਸਪੋਰਟ ਖੇਤਰ ਨਾਲ ਜੁੜੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ ਦੇ ਮਕਸਦ ਨਾਲ ਪਾਰਟੀ ਦੇ ਟਰਾਂਸਪੋਰਟ ਸੈੱਲ ਪੰਜਾਬ ਦੀ ਨਵੀਂ ਟੀਮ ਦਾ ਐਲਾਨ ਕੀਤਾ ਗਿਆ ਹੈ।ਟਰਾਂਸਪੋਰਟ ਸੈੱਲ ਦੇ ਕਨਵੀਨਰ ਗੁਰਤੇਜ ਸਿੰਘ ਝਨੇੜੀ ਦੀ ਅਗਵਾਈ ਹੇਠ ਇਹ ਨਿਯੁਕਤੀਆਂ ਭਾਜਪਾ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ, ਸੂਬਾ ਜਨਰਲ ਸਕੱਤਰ (ਸੰਗਠਨ) ਤੇ ਹੋਰ ਸੀਨੀਅਰ ਪਾਰਟੀ ਆਗੂਆਂ ਨਾਲ ਵਿਚਾਰ-ਵਟਾਂਦਰਾ ਕਰਨ ਉਪਰੰਤ ਕੀਤੀਆਂ ਗਈਆਂ ਹਨ।ਨਵੀਂ ਟੀਮ ਵਿੱਚ ਪਰਵੀਨ ਮਹਿਨਾਸ਼, ਪ੍ਰਸ਼ੋਤਮ ਸਿੰਗਲਾ, ਜਸਵਿੰਦਰ ਸਿੰਘ ਖਨੌੜਾ, ਤੇਜਪਾਲ ਸਿੰਘ ਟਿਵਾਣਾ, ਹਰਪ੍ਰੀਤ ਸਿੰਘ ਬਾਜਵਾ, ਸਿਮਰਤ ਸਿੰਘ ਥਾਂਦੀ, ਨਾਜ਼ਮ ਸਿੰਘ ਬਦਿਆਲਾ, ਬਲਜੀਤ ਸਿੰਘ ਰਾਏ, ਬਲਕਾਰ ਸਿੰਘ ਮੰਗਲੀ, ਅਮਰਿੰਦਰ ਮਾਕਨ, ਸਰਨਪ੍ਰੀਤ ਸਿੰਘ ਕਾਤਰੋਂ, ਕੁਲਵੰਤ ਸਿੰਘ ਕਾਕੜਾ, ਅੰਕੁਰ ਗੋਇਲ, ਸਤਪਾਲ ਰਿਸ਼ੀ, ਸਤਨਾਮ ਸਿੰਘ ਚਾਹਲ ਤੇ ਗੁਰਜੰਟ ਸਿੰਘ ਸੂਚ ਨੂੰ ਵੱਖ-ਵੱਖ ਅਹੁਦਿਆਂ ਤੇ ਜ਼ਿੰਮੇਵਾਰੀਆਂ ਨਾ

ਬਿਨਾਂ ਕਿਸੇ ਪੱਖਪਾਤ ਤੋਂ ਕੰਮਕਾਜ ਯਕੀਨੀ ਬਣਾਇਆ ਜਾਵੇਗਾ : ਬੀ ਡੀ ਪੀ ਓ



ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)-ਬੀਤੇ ਦਿਨੀਂ ਦਿੱਤੇ ਗਏ ਮੰਗ ਪੱਤਰ ਦੇ ਸਬੰਧ ਵਿੱਚ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੀ ਇੱਕ ਮੀਟਿੰਗ ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ ਸਰਦਾਰ ਪਲਵਿੰਦਰ ਸਿੰਘ ਨਾਲ ਹੋਈ। ਇਸ ਮੀਟਿੰਗ ਦੌਰਾਨ ਮਨਰੇਗਾ ਵਰਕਰਾਂ ਅਤੇ ਪੇਂਡੂ ਮਜ਼ਦੂਰਾਂ ਨੂੰ ਦਰਪੇਸ਼ ਆ ਰਹੀਆਂ ਗੰਭੀਰ ਸਮੱਸਿਆਵਾਂ 'ਤੇ ਵਿਸਥਾਰਪੂਰਵਕ ਚਰਚਾ ਕੀਤੀ ਗਈ। ਯੂਨੀਅਨ ਆਗੂਆਂ ਨੇ ਮੰਗ ਕੀਤੀ ਕਿ ਪਿੰਡਾਂ ਵਿੱਚ ਕੰਮ ਕਰਦੇ ਮਨਰੇਗਾ ਵਰਕਰਾਂ ਦੀ ਮੋਬਾਈਲ ਐਪ (NMMS) 'ਤੇ ਹਾਜ਼ਰੀ ਨਾ ਲੱਗਣ ਕਾਰਨ ਦਿਹਾੜੀ ਮਾਰੀ ਜਾਣ ਦਾ ਡਰ ਬਣਿਆ ਹੋਇਆ ਹੈ, ਇਸ ਲਈ ਇਸ ਦਾ ਤੁਰੰਤ ਕੋਈ ਬਦਲਵਾਂ ਹੱਲ ਕੱਢਿਆ ਜਾਵੇ। ਇਸ ਤੋਂ ਇਲਾਵਾ ਪਿੰਡਾਂ ਦੇ ਵਿਕਾਸ ਲਈ ਵੱਡੇ ਪ੍ਰੋਜੈਕਟ ਉਲੀਕੇ ਜਾਣ ਤਾਂ ਜੋ ਕੰਮ ਦੀ ਘਾਟ ਨੂੰ ਦੂਰ ਕਰਕੇ ਹਰ ਲੋੜਵੰਦ ਬੇਰੁਜ਼ਗਾਰ ਮਜ਼ਦੂਰ ਨੂੰ ਰੁਜ਼ਗਾਰ ਮੁਹੱਈਆ ਕਰਵਾਇਆ ਹੋ ਸਕੇ, ਅਤੇ ਕੰਮ ਨਾ ਮਿਲਣ ਦੀ ਸੂਰਤ ਵਿੱਚ ਕਾਨੂੰਨ ਮੁਤਾਬਕ ਬੇਰੁਜ਼ਗਾਰੀ ਭੱਤਾ ਦਿੱਤਾ ਜਾਵੇ।

ਵਫ਼ਦ ਵੱਲੋਂ ਰੱਖੀਆਂ ਗਈਆਂ ਹੋਰ ਪ੍ਰਮੁੱਖ ਮੰਗਾਂ ਜਿਨਾਂ ਵਿੱਚ ਪੱਖਪਾਤ ਬੰਦ ਕੀਤਾ ਜਾਵੇ। ਦਫ਼ਤਰੀ ਮੁਲਾਜ਼ਮਾਂ ਵੱਲੋਂ ਸਿਰਫ਼ ਚਹੇਤਿਆਂ ਨੂੰ ਕੰਮ ਦੇਣ ਦੀ ਨੀਤੀ ਬੰਦ ਕਰਕੇ ਹਰ ਹੱਕਦਾਰ ਵਰਕਰ ਨੂੰ ਬਿਨਾਂ ਕਿਸੇ ਵਿਤਕਰੇ ਦੇ ਕੰਮ ਦਿੱਤਾ ਜਾਵੇ।

ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਸ਼ਾਮਲ ਲਾਭਪਾਤਰੀਆਂ ਦੀਆਂ ਰੁਕੀਆਂ ਹੋਈਆਂ ਕਿਸ਼ਤਾਂ ਤੁਰੰਤ ਉਨ੍ਹਾਂ ਦੇ ਖਾਤਿਆਂ ਵਿੱਚ ਪਾਈਆਂ ਜਾਣ। ਮਨਰੇਗਾ ਮੇਟਾਂ ਦੀ ਨਿਯੁਕਤੀ ਪਾਰਦਰਸ਼ੀ ਢੰਗ ਨਾਲ ਮੈਰਿਟ ਦੇ ਆਧਾਰ 'ਤੇ ਕੀਤੀ ਜਾਵੇ ਅਤੇ ਮੇਟਾਂ ਨੂੰ ਸਿੱਖਿਅਤ ਕਾਮਿਆਂ ਵਾਲੀ ਤਨਖ਼ਾਹ (ਸਕਿੱਲਡ ਵੇਜ) ਦਿੱਤੀ ਜਾਵੇ। ਜਿਨ੍ਹਾਂ ਪਿੰਡਾਂ ਦੀਆਂ ਪੰਚਾਇਤਾਂ ਵੱਲੋਂ ਬੇਘਰਿਆਂ ਨੂੰ 5-5 ਮਰਲੇ ਦੇ ਪਲਾਟ ਦੇਣ ਦੇ ਮਤੇ ਪਾਏ ਗਏ ਹਨ, ਉਨ੍ਹਾਂ ਨੂੰ ਤੁਰੰਤ ਪਲਾਟ ਅਲਾਟ ਕੀਤੇ ਜਾਣ। ਇਸ ਦੇ ਨਾਲ ਹੀ ਲਾਲ ਲਕੀਰ ਅਧੀਨ ਆਉਂਦੇ ਘਰਾਂ ਦੀਆਂ ਰਜਿਸਟਰੀਆਂ ਜਾਰੀ ਕਰਕੇ ਮਾਲਕਾਂ ਦੇ ਨਾਂਅ 'ਤੇ ਇੰਤਕਾਲ ਦਰਜ ਕੀਤੇ ਜਾਣ।

ਮੀਟਿੰਗ ਦੌਰਾਨ ਬੀ ਡੀ ਪੀ ਓ ਸਰਦਾਰ ਕੁਲਵਿੰਦਰ ਸਿੰਘ ਨੇ ਵਫ਼ਦ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਸੁਣਿਆ ਅਤੇ ਮੌਕੇ 'ਤੇ ਹੀ ਸਬੰਧਤ ਮੁਲਾਜ਼ਮਾਂ ਨੂੰ ਹਦਾਇਤ ਕੀਤੀ ਕਿ ਯੂਨੀਅਨ ਵੱਲੋਂ ਰੱਖੇ ਗਏ ਮਸਲਿਆਂ ਦਾ ਫੌਰੀ ਨਿਪਟਾਰਾ ਕੀਤਾ ਜਾਵੇ ਅਤੇ ਕੰਮ ਦੀ ਵੰਡ ਵਿੱਚ ਕਿਸੇ ਵੀ ਤਰ੍ਹਾਂ ਦਾ ਪੱਖਪਾਤ ਨਾ ਕੀਤਾ ਜਾਵੇ। ਉਨ੍ਹਾਂ ਵਫ਼ਦ ਨੂੰ ਭਰੋਸਾ ਦਿਵਾਇਆ ਕਿ ਕਾਨੂੰਨ ਅਨੁਸਾਰ ਸਾਰੇ ਮਸਲਿਆਂ ਨੂੰ ਜਲਦ ਹੱਲ ਕਰਨਾ ਯਕੀਨੀ ਬਣਾਇਆ ਜਾਵੇਗਾ।

ਇਸ ਮੌਕੇ ਵਫ਼ਦ ਵਿੱਚ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਜ਼ਿਲ੍ਹਾ ਆਗੂ ਕਸ਼ਮੀਰ ਮੰਡਿਆਲ, ਮਨਰੇਗਾ ਆਗੂ ਬਖ਼ਸ਼ੋ ਕੁਰਸ਼ੈਦਪੁਰ (ਪੰਚ), ਸੋਮਾ ਰਾਣੀ (ਪੰਚ), ਹਰਮਿੰਦਰ ਕੌਰ (ਪੰਚ), ਵਿਜੇ ਬਾਠ, ਜਸਵਿੰਦਰ ਮਹਿਸਮਪੁਰ ਅਤੇ ਬਖ਼ਸ਼ੋ ਮੰਡਿਆਲਾ ਆਦਿ ਆਗੂ ਹਾਜ਼ਰ ਸਨ।

ਵਿਸ਼ੇਸ਼ ਲੋਕ ਅਦਾਲਤ ਅੱਜ ਲੱਗੇਗੀ



ਗੁਰਦਾਸਪੁਰ (ਜਨਕ ਮਹਾਜਨ)- ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਕਾਰਜਕਾਰੀ ਚੇਅਰਮੈਨ ਜਸਟਿਸ ਦੀਪਕ ਸਿੱਬਲ ਜੱਜ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਚੰਡੀਗੜ੍ਹ ਦੀਆਂ ਹਦਾਇਤਾਂ ਮੁਤਾਬਕ ਅਤੇ ਹਰਬੰਸ ਸਿੰਘ ਲੇਖੀ ਜ਼ਿਲ੍ਹਾ ਅਤੇ ਸੈਸ਼ਨ ਜੱਜ-ਸਹਿਤ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਹਰਪ੍ਰੀਤ ਸਿੰਘ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ ਦੁਆਰਾ ਸੈਸ਼ਨਜ਼ ਡਵੀਜ਼ਨ ਗੁਰਦਾਸਪੁਰ ਅਧੀਨ ਨਿਆਇਕ ਅਦਾਲਤਾਂ ਗੁਰਦਾਸਪੁਰ ਅਤੇ ਸਬ-ਡਵੀਜ਼ਨ ਬਟਾਲਾ ਦੀ ਸਪੈਸ਼ਲ ਕੋਰਟ ਵੱਲੋਂ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ ਅਧੀਨ ਚੈੱਕ ਬਾਊਂਸ ਦੇ ਕੇਸਾਂ ਦੇ ਨਿਪਟਾਰੇ ਲਈ ਵਿਸ਼ੇਸ਼ ਲੋਕ ਅਦਾਲਤ 21 ਨਵੰਬਰ ਨੂੰ ਲਗਾਈ ਜਾ ਰਹੀ ਹੈ। ਹਰਬੰਸ ਸਿੰਘ ਲੇਖੀ ਜ਼ਿਲ੍ਹਾ ਅਤੇ ਸੈਸ਼ਨ ਜੱਜ ਗੁਰਦਾਸਪੁਰ ਨੇ ਦੱਸਿਆ ਕਿ ਇਸ ਵਿਸ਼ੇਸ਼ ਲੋਕ ਅਦਾਲਤ ਦਾ ਮੁੱਖ ਉਦੇਸ਼ ਲੰਬੇ ਸਮੇਂ ਤੋਂ ਚੱਲ ਰਹੇ ਚੈੱਕ ਬਾਊਂਸ ਦੇ ਕੇਸਾਂ ਨੂੰ ਦੋਵਾਂ ਧਿਰਾਂ ਦੀ ਆਪਸੀ ਸਹਿਮਤੀ ਨਾਲ ਖ਼ਤਮ ਕਰਵਾਉਣਾ ਹੈ, ਤਾਂ ਜੋ ਲੋਕਾਂ ਦੇ ਕੀਮਤੀ ਸਮੇਂ ਅਤੇ ਪੈਸੇ ਦੀ ਬੱਚਤ ਹੋ ਸਕੇ।

ਮਾਈਨਿੰਗ ਮਟੀਰੀਅਲ ਲਿਜਾਣ ਵਾਲੇ ਟਿੱਪਰਾਂ, ਟਰੱਕਾਂ ਦੀ ਆਵਾਜਾਈ ਸ਼ਾਮ 7 ਵਜੇ ਤੋਂ ਸਵੇਰੇ 7 ਵਜੇ ਤੱਕ ਰਹੇਗੀ



ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)-ਜ਼ਿਲ੍ਹਾ ਮੈਜਿਸਟਰੇਟ ਆਸ਼ਿਕਾ ਜੈਨ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਦੇ ਪਿੰਡ ਜੇਜੋਂ ਤੋਂ ਮਾਹਿਲਪੁਰ ਰੋਡ ਅਤੇ ਨੰਗਲ ਤੋਂ ਗੜ੍ਹਸ਼ੰਕਰ ਰੋਡ 'ਤੇ ਮਾਈਨਿੰਗ ਮਟੀਰੀਅਲ ਲਿਜਾਣ ਵਾਲੇ ਟਿੱਪਰ/ਟਰੱਕਾਂ ਨੂੰ ਕੇਵਲ ਸ਼ਾਮ 7 ਵਜੇ ਤੋਂ ਸਵੇਰੇ 7 ਵਜੇ ਤੱਕ ਆਵਾਜਾਈ ਦੀ ਆਗਿਆ ਦੇ ਹੁਕਮ ਜਾਰੀ ਕੀਤੇ ਹਨ ਅਤੇ ਇਸ ਸਮੇਂ ਤੋਂ ਇਲਾਵਾ ਇਨ੍ਹਾਂ ਸੜਕਾਂ 'ਤੇ ਮਾਈਨਿੰਗ ਮਟੀਰੀਅਲ ਲਿਜਾਣ ਵਾਲੇ ਟਿੱਪਰ/ਟਰੱਕਾਂ ਦੀ ਆਵਾਜਾਈ 'ਤੇ ਰੋਕ ਰਹੇਗੀ।ਜਾਰੀ ਹੁਕਮਾਂ ਅਨੁਸਾਰ ਜ਼ਿਲਾ ਪ੍ਰਸ਼ਾਸਨ ਦੇ ਧਿਆਨ ਵਿਚ ਆਇਆ ਹੈ ਕਿ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਪੈਂਦੇ ਮਾਹਿਲਪੁਰ ਰੋਡ ਅਤੇ ਨੰਗਲ ਤੋਂ ਗੜ੍ਹਸ਼ੰਕਰ ਰੋਡ 'ਤੇ ਮਾਈਨਿੰਗ ਮਟੀਰੀਅਲ ਲਿਜਾਣ ਵਾਲੇ ਟਿੱਪਰ/ਟਰੱਕਾਂ ਦੇ ਕਾਰਨ ਸੜਕਾਂ 'ਤੇ ਹਾਦਸੇ ਹੋ ਰਹੇ ਹਨ ਜਿਨ੍ਹਾਂ ਕਾਰਨ ਜਾਨੀ ਅਤੇ ਮਾਲੀ ਨੁਕਸਾਨ ਹੁੰਦਾ ਹੈ ਜਿਸ ਕਰਕੇ ਲੋਕ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਇਨ੍ਹਾਂ ਸੜਕਾਂ 'ਤੇ ਮਾਈਨਿੰਗ ਮਟੀਰੀਅਲ ਲਿਜਾਣ ਵਾਲੇ ਟਿੱਪਰ/ਟਰੱਕਾਂ ਦੀ ਆਵਾਜਾਈ ਨੂੰ ਸਮਾਂਬੱਧ ਤਰੀਕੇ ਨਾਲ ਚਲਾਉਣ ਦੀ ਜ਼ਰੂਰਤ ਹੈ।

ਡਿਪਟੀ ਕਮਿਸ਼ਨਰ ਵਲੋਂ ਜਾਰੀ ਹੁਕਮਾਂ ਅਨੁਸਾਰ ਉਪ ਪੁਲਿਸ ਕਪਤਾਨ, ਗੜ੍ਹਸ਼ੰਕਰ ਇਹ ਯਕੀਨੀ ਬਣਾਉਣਗੇ ਕਿ ਟ੍ਰੈਫਿਕ ਪੁਲਿਸ ਵਲੋਂ ਟਿੱਪਰ/ਟਰੱਕਾਂ ਦੀ ਓਵਰਸਪੀਡ ਚੈਕ ਕੀਤੀ ਗਈ ਹੈ। ਰੀਜਨਲ ਟਰਾਂਸਪੋਰਟ ਅਥਾਰਟੀ, ਹੁਸ਼ਿਆਰਪੁਰ ਇਨ੍ਹਾਂ ਹੁਕਮਾਂ ਸਨਮੁੱਖ ਓਵਰਲੋਡਿੰਗ ਅਤੇ ਹੋਰ ਨਿਯਮਾਂ ਦੀ ਉਲੰਘਣਾ ਸਬੰਧੀ ਚੈਕਿੰਗ ਅਤੇ ਲੋੜੀਂਦੀ ਕਾਰਵਾਈ ਯਕੀਨੀ ਬਣਾਉਣਗੇ। ਕਾਰਜਕਾਰੀ ਇੰਜੀਨੀਅਰ, ਡਰੇਨੇਜ-ਕਮ-ਜ਼ਿਲ੍ਹਾ ਮਾਈਨਿੰਗ ਅਫ਼ਸਰ, ਹੁਸ਼ਿਆਰਪੁਰ ਅੰਤਰ-ਰਾਜੀ ਚੈਕ ਪੋਸਟਾਂ 'ਤੇ 24×7 ਨਿਗਰਾਨੀ ਯਕੀਨੀ ਬਣਾਉਣਗੇ ਅਤੇ ਇਸ ਦੇ ਨਾਲ ਹੀ ਚੈਕ ਪੋਸਟ 'ਤੇ ਭਾਰ ਤੋਲਣ ਵਾਲੇ ਕੰਡੇ ਦੀ ਵਰਤੋਂ ਕਰਕੇ ਓਵਰਲੋਡਿੰਡ ਟਿੱਪਰਾਂ ਦੀ ਚੈਕਿੰਗ ਅਤੇ ਇਨ੍ਹਾਂ 'ਤੇ ਬਣਦੀ ਕਾਰਵਾਈ ਅਮਲ ਵਿਚ ਲਿਆਉਣਗੇ। ਇਹ ਹੁਕਮ 20 ਜਨਵਰੀ, 2027 ਤੱਕ ਲਾਗੂ ਰਹਿਣਗੇ।

ਪੋਲਿੰਗ ਬੂਥਾਂ 'ਤੇ 22 ਨਵੰਬਰ ਤੇ 6 ਦਸੰਬਰ ਨੂੰ ਲੱਗਣਗੇ ਵਿਸ਼ੇਸ਼ ਕੈਂਪ

ਜਲੰਧਰ (ਸੁਰਿੰਦਰ ਕੁਮਾਰ)-ਯੋਗਤਾ ਮਿਤੀ 1 ਜਨਵਰੀ 2027 ਦੇ ਆਧਾਰ 'ਤੇ ਚੱਲ ਰਹੀ ਵੋਟਰ ਸੂਚੀਆਂ ਦੀ ਵਿਸ਼ੇਸ਼ ਸਰਸਰੀ ਸੁਧਾਈ (ਐੱਸ ਐੱਸ ਆਰ) ਤਹਿਤ ਵੋਟਰਾਂ ਦੀ ਸਹੂਲਤ ਲਈ 22 ਨਵੰਬਰ 2026 ਅਤੇ 6 ਦਸੰਬਰ 2026 ਨੂੰ ਜ਼ਿਲ੍ਹੇ ਦੇ ਸਾਰੇ ਪੋਲਿੰਗ ਬੂਥਾਂ 'ਤੇ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਨ੍ਹਾਂ ਵਿਸ਼ੇਸ਼ ਕੈਂਪਾਂ ਦਾ ਮੁੱਖ ਉਦੇਸ਼ ਯੋਗ ਵੋਟਰਾਂ ਨੂੰ ਵੋਟਰ ਸੂਚੀ ਵਿਚ ਆਪਣਾ ਨਾਮ ਦਰਜ ਕਰਵਾਉਣ ਅਤੇ ਸੂਚੀ ਸਬੰਧੀ ਦਾਅਵੇ ਤੇ ਇਤਰਾਜ਼ ਪੇਸ਼ ਕਰਨ ਦਾ ਮੌਕਾ ਪ੍ਰਦਾਨ ਕਰਨਾ ਹੈ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਯੋਗ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਵੋਟਰ ਸੂਚੀਆਂ ਵਿਚ ਆਪਣੇ ਵੇਰਵਿਆਂ ਦੀ ਜਾਂਚ ਕਰਕੇ ਲੋੜੀਂਦੀ ਕਾਰਵਾਈ ਯਕੀਨੀ ਬਣਾਉਣ। ਉਨ੍ਹਾਂ ਦੱਸਿਆ ਕਿ ਦੋਵੇਂ ਦਿਨ ਵਿਸ਼ੇਸ਼ ਕੈਂਪਾਂ ਦੌਰਾਨ ਬੂਥ ਲੈਵਲ ਅਫ਼ਸਰ (ਬੀ ਐੱਲ ਓਜ਼) ਆਪਣੇ-ਆਪਣੇ ਪੋਲਿੰਗ ਬੂਥਾਂ 'ਤੇ ਮੌਜੂਦ ਰਹਿਣਗੇ ਤਾਂ ਜੋ ਵੋਟਰਾਂ ਨੂੰ ਲੋੜੀਂਦੀ ਸਹਾਇਤਾ ਅਤੇ ਮਾਰਗਦਰਸ਼ਨ ਮੁਹੱਈਆ ਕਰਵਾਇਆ ਜਾ ਸਕੇ।

ਡਿਪਟੀ ਕਮਿਸ਼ਨਰ ਨੇ ਸਬੰਧਤ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਕੈਂਪਾਂ ਲਈ ਪੋਲਿੰਗ ਬੂਥਾਂ ਦੀਆਂ ਇਮਾਰਤਾਂ ਖੁੱਲ੍ਹੀਆਂ ਰੱਖਣ ਦੇ ਨਾਲ-ਨਾਲ ਬੈਠਣ ਅਤੇ ਹੋਰ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਜਾਣ।

ਉਨ੍ਹਾਂ ਸਾਰੀਆਂ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਵੀ ਕੈਂਪਾਂ ਸਬੰਧੀ ਜਾਣੂ ਕਰਵਾਉਣ ਲਈ ਕਿਹਾ ਤਾਂ ਜੋ ਉਹ ਆਪਣੇ ਬੂਥ ਲੈਵਲ ਏਜੰਟਾਂ (ਬੀ ਐੱਲ ਏਜ਼) ਰਾਹੀਂ ਵੋਟਰਾਂ ਨੂੰ ਇਨ੍ਹਾਂ ਕੈਂਪਾਂ ਵਿਚ ਭਾਗ ਲੈਣ ਲਈ ਪ੍ਰੇਰਿਤ ਕਰ ਸਕਣ।

ਅਨੁਜ ਖੇਮਕਾ ਤੇ ਸ਼ੰਕਰ ਅਰੋੜਾ ਨੂੰ ਕੀਤਾ ਸਨਮਾਨਤ



ਛੇਹਰਟਾ, (ਮਨੋਜ ਕੁਮਾਰ) : ਭਗਤ ਨਾਮਦੇਵ ਵੈੱਲਫੇਅਰ ਸੁਸਾਇਟੀ ਵੱਲੋਂ ਸ਼ਕਤੀ ਨਗਰ ਵਿਚ ਸ਼ੋਭਾ ਯਾਤਰਾ ਸਜਾਈ ਗਈ। ਸੁਸਾਇਟੀ ਦੇ ਪ੍ਰਧਾਨ ਅਸ਼ੋਕ ਕੁਮਾਰ ਨੇ ਸ਼ਕਤੀ ਨਗਰ ਵਿਚ ਸਮਾਜ ਸੇਵਕ ਅਨੁਜ ਖੇਮਕਾ ਤੇ ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਸੀਨੀਅਰ ਉਪ ਪ੍ਰਧਾਨ ਸ਼ੰਕਰ ਅਰੋੜਾ ਨੂੰ ਸਨਮਾਨਿਤ ਕੀਤਾ। ਅਨੁਜ ਖੇਮਕਾ ਨੇ ਦੱਸਿਆ ਕਿ ਭਗਤ ਨਾਮਦੇਵ ਵੈਲਫੇਅਰ ਸੁਸਾਇਟੀ ਵੱਲੋਂ ਹਰ ਸਾਲ ਸ਼ੋਭਾ ਯਾਤਰਾ ਸਜਾਈ ਜਾਂਦੀ ਹੈ। ਅਨੁਜ ਖੇਮਕਾ ਨੇ ਸੁਸਾਇਟੀ ਦੇ ਪ੍ਰਧਾਨ ਅਸ਼ੋਕ ਕੁਮਾਰ ਤੇ ਉਨ੍ਹਾਂ ਦੀ ਪੂਰੀ ਟੀਮ ਨੂੰ ਇਸ ਉਪਪਾਲੇ ਲਈ ਵਧਾਈ ਦਿੱਤੀ। ਇਸ ਮੌਕੇ ਸਮਾਜ ਸੇਵਕ ਅਸ਼ਵਨੀ ਜੋਸ਼ੀ, ਰਾਮ ਚਾਵਲਾ, ਭਾਜਪਾ ਨੇਤਾ ਦੀਪਕ ਕੁਮਾਰ ਤੇ ਅਮਨ ਜੋਸ਼ੀ ਵੀ ਮੌਜੂਦ ਸਨ।

'ਮੁੱਖ ਮੰਤਰੀ ਤੀਰਥ ਯਾਤਰਾ' ਤਹਿਤ ਬਟਾਲਾ ਤੋਂ ਸ਼ਰਧਾਲੂਆਂ ਦੀ ਬੱਸ ਰਵਾਨਾ



ਬਟਾਲਾ, (ਤਰਲੋਕ ਬੱਗਾ) ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਸ਼ਰਧਾਲੂਆਂ ਨੂੰ ਵੱਖ ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ।ਜਿਸ ਦੇ ਚੱਲਦਿਆਂ ਵਾਰਡ ਨੰਬਰ 42 ਤੋਂ ਹਰਿਦੁਆਰ ਲਈ ਸ਼ਰਧਾਲੂਆਂ ਦੀ ਬੱਸ ਰਵਾਨਾ ਕੀਤੀ ਗਈ।ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਮਾਨਿਕ ਮਹਿਤਾ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵਲੋਂ ਤੀਰਥ ਯਾਤਰਾ ਸਕੀਮ ਵਿੱਚ ਵਿਸਥਾਰ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਪਹਿਲੀ ਅਗਸਤ ਤੋਂ ਤਿੰਨ ਹੋਰ ਰੂਟ ਸ਼ੁਰੂ ਕੀਤੇ ਗਏ ਹਨ। ਖਾਟੂ ਸ਼ਿਆਮ ਜੀ ਅਤੇ ਸਾਲਾਸਰ ਜੀ, ਹਰਿਦੁਆਰ ਅਤੇ ਰਿਸੀਕੇਸ਼ ਲਈ ਅਤੇ ਮਥੁਰਾ ਅਤੇ ਵ੍ਰਿੰਦਾਵਨ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਬਜ਼ੁਰਗ ਅਵਸਥਾ ਵਿਚ ਸ਼ਰਧਾਲੂ ਤੀਰਥ ਸਥਾਨਾਂ ਵਿਖੇ ਜਾਣ ਤੋਂ ਵਾਂਝੇ ਰਹਿ ਜਾਂਦੇ ਸਨ ਤੇ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਮੁੱਖ ਮੰਤਰੀ ਤੀਰਥ ਯਾਤਰਾ' ਯੋਜਨਾ ਦਾ ਮੁੱਖ ਉਦੇਸ਼ ਵੱਡੀ ਉਮਰ ਦੇ ਲੋਕਾਂ ਅਤੇ ਧਾਰਮਿਕ ਸ਼ਰਧਾਲੂਆਂ ਨੂੰ ਆਸਾਨ, ਸੁਰੱਖਿਅਤ ਅਤੇ ਮੁਫ਼ਤ ਤੀਰਥ ਦਰਸ਼ਨ ਕਰਵਾਉਣਾ ਹੈ।ਉਨ੍ਹਾਂ ਦੱਸਿਆ ਕਿ ਸ਼ਰਧਾਲੂਆਂ ਅੰਦਰ ਪੂਰੀ ਖੁਸ਼ੀ ਤੇ ਉਤਸ਼ਾਹ ਨਜ਼ਰ ਆਉਂਦਾ ਹੈ ਤੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਭਰਵੀਂ ਸ਼ਲਾਘਾ ਕੀਤੀ ਜਾ ਰਹੀ ਹੈ ਕਿ ਉਨ੍ਹਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦਾ ਸੁਭਾਗ ਮਿਲਿਆ ਹੈ।

ਲੋਕ ਸਭਾ ਸਪੀਕਰ ਨੂੰ ਮਿਲੇ ਅਕਸ਼ੈ ਸ਼ਰਮਾ



ਛੇਹਰਟਾ, (ਮਨੋਜ ਕੁਮਾਰ) : ਅੰਮ੍ਰਿਤਸਰ ਉੱਤਰੀ ਹਲਕੇ ਤੋਂ ਭਾਜਪਾ ਆਗੂ ਅਕਸ਼ੈ ਸ਼ਰਮਾ ਦਿੱਲੀ ਵਿਚ ਲੋਕ ਸਭਾ ਸਪੀਕਰ ਓਮ ਬਿਰਲਾ ਦਾ ਅਸ਼ੀਰਵਾਦ ਲੈਣ ਵਿਸ਼ੇਸ਼ ਤੌਰ 'ਤੇ ਪੁੱਜੇ। ਇਸ ਦੌਰਾਨ ਜਿੱਥੇ ਓਮ ਬਿਰਲਾ ਨੇ ਉਨ੍ਹਾ ਦੀ ਹੌਸਲਾ ਅਫ਼ਜ਼ਾਈ ਕੀਤੀ, ਉੱਥੇ ਹੀ ਪੰਜਾਬ ਦੀਆਂ ਆਗਾਮੀ ਵਿਧਾਨ ਸਭਾ ਚੋਣਾਂ ਦੇ ਸਿਆਸੀ ਸਮੀਕਰਨਾਂ ਬਾਰੇ ਵੀ ਵਿਸਥਾਰ ਨਾਲ ਚਰਚਾ ਹੋਈ। ਮੁਲਾਕਾਤ ਦੌਰਾਨ ਅਕਸ਼ੈ ਸ਼ਰਮਾ ਨੇ ਪੰਜਾਬ ਦੇ ਮੌਜੂਦਾ ਸਿਆਸੀ ਮਾਹੌਲ ਤੇ ਸੂਬੇ ਨਾਲ ਜੁੜੇ ਵੱਖ-ਵੱਖ ਮੁੱਦਿਆਂ ਬਾਰੇ ਲੋਕ ਸਭਾ ਸਪੀਕਰ ਨਾਲ ਵਿਚਾਰ ਚਰਚਾ ਕੀਤੀ। ਓਮ ਬਿਰਲਾ ਨੇ ਉਨ੍ਹਾਂ ਨੂੰ ਜਨਤਕ ਜੀਵਨ ਵਿਚ ਸਰਗਰਮ ਰਹਿੰਦਿਆਂ ਲੋਕ ਸੇਵਾ ਨੂੰ ਪਹਿਲ ਦੇਣ ਤੇ ਲੋਕਾਂ ਵਿਚ ਰਹਿ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਮਝਣ ਲਈ ਪ੍ਰੇਰਿਤ ਕੀਤਾ। ਅਕਸ਼ੈ ਸ਼ਰਮਾ ਨੇ ਇਸ ਮੁਲਾਕਾਤ ਨੂੰ ਪ੍ਰੇਰਣ

22 ਦਾ ਧਰਨਾ ਲਾਮਿਸਾਲ ਹੋਵੇਗਾ

ਨਕੋਦਰ ਪੁਲਸ 'ਤੇ ਦੋਸ਼ੀਆਂ ਨੂੰ ਗਿਰਫ਼ਤਾਰ ਨਾ ਕਰਨ ਦਾ ਦੋਸ਼

ਸ਼ਾਹਕੋਟ (ਗਿਆਨ ਸੈਦਪੁਰੀ)- ਨਕੋਦਰ ਪੁਲਸ ਵਲੋਂ ਐੱਸ ਸੀ ਐੱਸ ਟੀ ਐਕਟ ਤਹਿਤ ਦਰਜ ਪਰਚੇ ਦੇ ਦੋਸ਼ੀਆਂ ਨੂੰ ਗਿਰਫ਼ਤਾਰ ਨਾ ਕਰਨ ਵਿਰੁੱਧ ਐਲਾਨੇ ਗਏ ਵਿਸ਼ਾਲ ਧਰਨੇ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਇਥੇ ਵੱਖ ਵੱਖ ਜਥੇਬੰਦੀਆਂ ਦੀ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਸਕੱਤਰ ਗੁਰਚਰਨ ਸਿੰਘ ਚਾਹਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਆਗੂਆਂ ਨੇ ਦੱਸਿਆ ਕਿ ਪੰਜਾਬ ਭਰ 'ਚੋਂ ਹਜ਼ਾਰਾਂ ਕਿਸਾਨ, ਮਜ਼ਦੂਰ, ਤਰਕਸ਼ੀਲ, ਜਮਹੂਰੀ ਕਾਮੇ, ਲੇਖਕ ਅਤੇ ਨੌਜਵਾਨ ਵਿਦਿਆਰਥੀ ਜਥੇਬੰਦੀਆਂ ਧਰਨੇ ਵਿੱਚ ਸ਼ਮੂਲੀਅਤ ਕਰਨਗੀਆਂ। ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਹਰਮੇਸ਼ ਮਾਲੜੀ, ਇਲਾਕਾ ਨਕੋਦਰ ਸ਼ਾਹਕੋਟ ਦੇ ਸਕੱਤਰ ਸੁਖਜਿੰਦਰ ਲਾਲੀ, ਬਲਦੇਵ ਮਾਲੜੀ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਆਗੂ ਮਲਕੀਅਤ ਸਿੰਘ ਈਦਾ, ਮਨਵੀਰ ਸਿੰਘ, ਮਨਜੀਤ ਸਿੰਘ ਸਾਬੀ, ਨਿਰਮਲ ਸਿੰਘ ਕਾਂਗੜਾ, ਐਡਵੋਕੇਟ ਸੁਰਿੰਦਰ ਖੀਵਾ, ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾ ਆਗੂ ਬਿੱਟੂ ਰੂਪੇਵਾਲੀ, ਜਮਹੂਰੀ ਅਧਿਕਾਰ ਸਭਾ ਦੇ ਜ਼ਿਲ੍ਹਾ ਆਗੂ ਗੁਰਮੀਤ ਸਿੰਘ ਕੋਟਲੀ, ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾ ਆਗੂ ਗਿਆਨ ਸੈਦਪੁਰੀ, ਤਲਵੰਡੀ ਸਲੇਮ ਦੇ



ਸਾਬਕਾ ਸਰਪੰਚ ਮਨਜਿੰਦਰ ਸਿੰਘ ਅਤੇ ਸੁਖਵਿੰਦਰ ਸਿੰਘ ਸੁੱਚਾ ਆਦਿ ਨੇ ਕਿਹਾ ਕਿ ਪਿੰਡ ਤਲਵੰਡੀ ਸਲੇਮ ਵਿਖੇ ਅਵਤਾਰ ਪਾਸ਼ ਅਤੇ ਹੰਸਰਾਜ ਦੀ ਯਾਦ ਵਿੱਚ ਬਣੇ ਯਾਦਗਾਰੀ ਕੰਪਲੈਕਸ 'ਤੇ ਕਥਿਤ ਕਬਜ਼ਾ ਕਰਨ ਦੀਆਂ ਕੋਸ਼ਿਸ਼ਾਂ ਕਰਨ ਵਾਲੇ ਤਲਵੰਡੀ ਸਲੇਮ ਦੇ ਸਰਪੰਚ ਪ੍ਰਦੀਪ ਸਿੰਘ ਅਤੇ ਉਸ ਦੀ ਢਾਣੀ 'ਤੇ ਐੱਸ ਸੀ ਐੱਸ ਟੀ ਐਕਟ ਤਹਿਤ ਦਰਜ ਪਰਚੇ ਨੂੰ ਡੇਢ ਮਹੀਨੇ ਤੋਂ ਵੱਧ ਦਾ ਸਮਾਂ ਬੀਤਣ ਦੇ ਬਾਵਜੂਦ ਵੀ ਨਕੋਦਰ ਪੁਲਸ ਵੱਲੋਂ ਦੋਸ਼ੀਆਂ ਨੂੰ ਗਿਰਫ਼ਤਾਰ ਨਹੀਂ ਕੀਤਾ ਜਾ ਰਿਹਾ, ਜਥੇਬੰਦੀਆਂ ਨੇ ਦੋਸ਼ ਲਾਇਆ ਕਿ ਅਸਲ ਵਿਚ ਦੋਸ਼ੀਆਂ ਨੂੰ ਕਥਿਤ ਸ਼ਹਿ ਹੋਣ ਕਰਕੇ ਦੋਸ਼ੀਆਂ ਸ਼ਰੇਆਮ ਘੁੰਮ ਰਹੇ ਹਨ। ਯਾਦ ਰਹੇ ਕਿ ਇਨਕਲਾਬੀ ਕਵੀ ਅਵਤਾਰ ਪਾਸ਼ ਅਤੇ ਉਸਦੇ ਦੋਸਤ ਹੰਸਰਾਜ ਦੀ ਯਾਦ ਵਿੱਚ ਉਹਨਾਂ ਦੇ ਜੱਦੀ ਪਿੰਡ ਤਲਵੰਡੀ ਸਲੇਮ ਵਿਖੇ ਤਿੰਨ ਦਹਾਕੇ ਪਹਿਲਾਂ ਬਣੇ ਯਾਦਗਾਰੀ ਕੰਪਲੈਕਸ ਨੂੰ ਆਮ ਆਦਮੀ ਪਾਰਟੀ ਦੇ ਸਰਪੰਚ ਵਲੋਂ ਕਬਜਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਜਿਸ ਦਾ ਪੂਰੇ ਪੰਜਾਬ ਅੰਦਰ ਵਿਰੋਧ ਹੋ ਰਿਹਾ ਹੈ। ਇਸ ਦੇ ਚਲਦਿਆਂ ਹੀ ਪਾਸ਼ ਹੰਸ ਰਾਜ ਸ਼ਹੀਦੀ ਯਾਦਗਾਰ ਕਮੇਟੀ ਦੇ ਮੈਂਬਰ ਅਤੇ ਮਜ਼ਦੂਰ ਆਗੂ ਹਰਮੇਸ਼ ਮਾਲੜੀ ਅਤੇ ਸਾਥੀਆਂ 'ਤੇ ਸਰਪੰਚ ਅਤੇ ਉਸਦੀ ਢਾਣੀ ਵਲੋਂ ਹਮਲਾ ਕੀਤਾ ਗਿਆ ਅਤੇ ਜਾਤੀ ਸੂਚਕ ਸ਼ਬਦ ਬੋਲ ਕੇ ਜਨਤਕ ਤੌਰ 'ਤੇ ਅਪਮਾਨਤ ਕੀਤਾ ਗਿਆ ਸੀ ਜਿਸ ਕਰਕੇ ਛੇ ਦੋਸ਼ੀਆਂ 'ਤੇ ਪਰਚਾ ਦਰਜ ਹੋਇਆ ਹੈ ਪਰ ਹੁਣ ਪੁਲਸ ਵਲੋਂ ਦੋਸ਼ੀਆਂ ਨੂੰ ਗਿਰਫ਼ਤਾਰ ਨਹੀਂ ਕੀਤਾ ਜਾ ਰਿਹਾ ਜਿਸ ਦੇ ਵਿਰੋਧ 22 ਨਵੰਬਰ ਨੂੰ ਡੀ ਐਸ ਪੀ ਨਕੋਦਰ ਦੇ ਦਫ਼ਤਰ ਅੱਗੇ ਭਾਰੀ ਰੋਸ ਵਿਖਾਵਾ ਕੀਤਾ ਜਾਵੇਗਾ।

ਸਰਕਾਰੀ ਮਾਡਲ ਹਾਈ ਸਕੂਲ ਦੇ ਹੋਣਹਾਰ ਬੱਚੇ ਸਨਮਾਨਤ

ਚੰਡੀਗੜ੍ਹ (ਸੁਰਜੀਤ ਸੁਮਨ)- ਵਿਸ਼ਵ ਪੰਜਾਬੀ ਪ੍ਰਚਾਰ ਸਭਾ ਚੰਡੀਗੜ੍ਹ ਦੇ ਪ੍ਰਧਾਨ ਤੇ ਪ੍ਰਸਿੱਧ ਲੇਖਕ ਪ੍ਰਿੰ. ਬਹਾਦਰ ਸਿੰਘ ਗੋਸਲ ਵਲੋਂ ਆਪਣੇ ਪਹਿਲੇ ਸਕੂਲ ਸਰਕਾਰੀ ਮਾਡਲ ਹਾਈ ਸਕੂਲ ਸੈਕਟਰ-40ਏ, ਚੰਡੀਗੜ੍ਹ ਵਿਖੇ ਸਕੂਲ ਦੇ ਹੋਣਹਾਰ ਬੱਚਿਆਂ ਨਾਲ ਬਾਲ ਮਿਲਣੀ ਦਾ ਸਮਾਗਮ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਸੰਸਥਾ ਦੇ ਸੀਨੀਅਰ ਮੀਤ ਪ੍ਰਧਾਨ ਜਗਤਾਰ ਸਿੰਘ ਜੋਗ ਅਤੇ ਸਲਾਹਕਾਰ ਬਲਵਿੰਦਰ ਸਿੰਘ ਵੀ ਹਾਜ਼ਰ ਸਨ। ਸਕੂਲ ਮੁੱਖ ਅਧਿਆਪਕਾ ਕੋਮਲ, ਮੀਨਾ ਕੁਮਾਰੀ ਤੇ ਮੈਡਮ ਇੰਦੂ ਵਿਸ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਬੱਚਿਆਂ ਨਾਲ ਮਿਲਣੀ ਸਮੇਂ ਪ੍ਰਿੰ. ਗੋਸਲ ਨੇ ਬੱਚਿਆਂ ਨੂੰ ਇਸ ਸਕੂਲ ਵਿੱਚ ਚਲਾਏ ਗਏ ਵਿਲੱਖਣ ਪ੍ਰਾਜੈਕਟਾਂ ਦੀ ਜਾਣਕਾਰੀ ਦਿੱਤੀ ਤੇ ਉਨ੍ਹਾਂ ਨੂੰ ਜੀਵਨ ਵਿੱਚ ਸਫਲ ਹੋਣ ਲਈ ਭਰਪੂਰ ਮਿਹਨਤ ਕਰਨ ਅਤੇ ਕਿਤਾਬਾਂ ਨਾਲ ਪਿਆਰ ਪਾਉਣ ਲਈ ਪ੍ਰੇਰਨਾ ਦਿੱਤੀ। ਉਨ੍ਹਾਂ ਨੇ ਬੱਚਿਆਂ ਨੂੰ ਦੱਸਿਆ ਕਿ ਸਿੱਖਿਆ ਹੀ ਜੀਵਨ ਨੂੰ ਖੁਸ਼ਹਾਲ ਬਣਾਉਂਦੀ ਹੈ। ਉਨ੍ਹਾਂ ਨੇ ਉੱਚ ਸਿੱਖਿਆ ਲਈ ਭਾਈ ਜੈਤਾ ਜੀ ਫਾਊਂਡੇਸ਼ਨ ਆਫ ਇੰਡੀਆ, ਚੰਡੀਗੜ੍ਹ ਬਾਰੇ ਵੀ ਜਾਣਕਾਰੀ ਦਿੱਤੀ ਅਤੇ ਮੁਫਤ ਕੋਚਿੰਗ ਲੈਣ ਲਈ ਉਨ੍ਹਾਂ ਨਾਲ ਸੰਪਰਕ ਰਖਣ ਦਾ ਵੀ ਵੇਰਵਾ ਦਿੱਤਾ। ਉਨ੍ਹਾਂ ਨੇ ਬੱਚਿਆਂ ਨੂੰ ਦੱਸਿਆ ਕਿ ਇਹ ਸੰਸਥਾ ਗਰੀਬ ਘਰਾਂ ਦੇ ਬੱਚਿਆਂ ਨੂੰ ਉੱਚ ਕੋਟੀ ਦੀ ਮੁਫਤ ਕੋਚਿੰਗ ਦੇ ਕੇ ਆਈ ਆਈ ਟੀ, ਨੀਟ, ਮੈਡੀਕਲ ਅਤੇ ਇੰਜੀਨੀਅਰਿੰਗ ਲਈ ਬੱਚਿਆਂ ਨੂੰ ਤਿਆਰ ਕਰਦੀ ਹੈ। ਇਸ ਮੌਕੇ ਬੋਲਦਿਆਂ ਸੰਸਥਾ ਦੇ ਸੀਨੀਅਰ ਮੀਤ ਪ੍ਰਧਾਨ ਜਗਤਾਰ ਸਿੰਘ ਜੋਗ ਨੇ ਬੱਚਿਆਂ ਨੂੰ ਪੰਜਾਬੀ ਪੜ੍ਹਨ ਲਈ ਪ੍ਰੇਰਦੇ ਹੋਏ ਨਸ਼ਿਆਂ ਤੋਂ ਦੂਰ ਰਹਿ ਕੇ ਵਧੀਆ ਸਿੱਖਿਆ ਪ੍ਰਾਪਤ ਕਰਨ ਲਈ ਕਿਹਾ। ਉਨ੍ਹਾਂ ਨੇ ਬੱਚਿਆਂ ਨਾਲ ਰੂ-ਬ-ਰੂ ਹੋਏ ਪ੍ਰਿੰ. ਬਹਾਦਰ ਸਿੰਘ ਗੋਸਲ ਬਾਰੇ ਭਰਪੂਰ ਜਾਣਕਾਰੀ ਦਿੰਦੇ ਹੋਏ ਉਨ੍ਹਾਂ ਦੇ ਰਚਿਤ ਪੰਜਾਬੀ ਵਿੱਚ 2-3 ਗੀਤ ਵੀ ਗਾ ਕੇ ਸੁਣਾਏ। ਉਨ੍ਹਾਂ ਵਲੋਂ ਗਾਏ ਗਏ ਗੀਤ "ਆਓ ਵਿਦਿਆ ਦਾ ਪ੍ਰਸਾਰ ਆਪਾ ਏਦਾ ਕਰੀਏ" ਅਤੇ "ਦੁੱਧ ਪੀਂਦੇ ਕਾਜ਼ਨੀ ਦਾ ਪਹਿਲਾ ਸੂਰੇ ਵੀਰ ਪੰਜਾਬੀ" ਨੂੰ ਬੱਚਿਆਂ ਅਤੇ ਅਧਿਆਪਕਾਂ ਨੇ ਖੂਬ ਪਸੰਦ ਕੀਤਾ ਅਤੇ ਤਾੜੀਆਂ ਮਾਰ ਕੇ ਗੀਤਾਂ ਦੀ ਪ੍ਰਸੰਸਾ ਕੀਤੀ। ਇਸ ਵਿਲੱਖਣ ਸਮਾਗਮ ਵਿੱਚ ਸਭਾ ਵਲੋਂ ਸਕੂਲ ਦੇ 20 ਹੋਣਹਾਰ ਬੱਚਿਆਂ ਯਸ਼ਮੀਨ, ਦਿਵਜੋਤ ਸਿੰਘ, ਸੰਨੀ ਕੁਮਾਰ, ਅਕੁਲ, ਮਨਤ, ਆਯੂਸ਼ੀ, ਗੁਰਕੀਰਤ ਕੌਰ, ਨਿਹੰਸ਼ੀ, ਆਹਾ, ਤਕਸ਼ੀਲ, ਅੰਗਦ, ਸੰਜਨਾ, ਦੀਵਯਾ, ਅੰਜਲੀ ਕੁਮਾਰੀ ਨੂੰ ਪ੍ਰਿੰ. ਗੋਸਲ ਰਚਿਤ ਪੁਸਤਕਾਂ ਦੇ ਕੇ ਸਨਮਾਨਿਤ ਕੀਤਾ। ਉਨ੍ਹਾਂ ਵੱਲੋਂ ਆਪਣੀ ਪੁਸਤਕ 'ਵਿਲੱਖਣ ਸਿੱਖਿਆ ਪ੍ਰਾਜੈਕਟ' ਵੀ ਮੁੱਖ ਅਧਿਆਪਕਾ ਕੋਮਲ ਨੂੰ ਭੇਟ ਕੀਤੀ।



ਹਰਿਆਣਾ ਦੇ ਸਾਰੇ ਸ਼ਹਿਰੀ ਸਥਾਨਕ ਨਿਕਾਇਆਂ 'ਚ ਬਣਨਗੀਆਂ ਸਮਾਰਟ ਸੜਕਾਂ

ਚੰਡੀਗੜ੍ਹ, (ਕ੍ਰਿਸ਼ਨ ਗਰਗ)- ਹਰਿਆਣਾ ਸਰਕਾਰ ਨੇ ਸੂਬੇ ਦੇ ਸਾਰੇ ਸ਼ਹਿਰੀ ਸਥਾਨਕ ਨਿਕਾਇਆਂ ਵਿੱਚ ਸਮਾਰਟ ਸੜਕਾਂ ਵਿਕਸਿਤ ਕਰਨ ਅਤੇ ਆਧੁਨਿਕ ਤੇ ਇਕਸਾਰ ਡਿਜ਼ਾਈਨ ਵਾਲੇ ਕਮਿਊਨਿਟੀ ਸੈਂਟਰ ਬਣਾਉਣ ਦਾ ਫ਼ੈਸਲਾ ਕੀਤਾ ਹੈ, ਤਾਂ ਜੋ ਸ਼ਹਿਰੀ ਵਸਨੀਕਾਂ ਨੂੰ ਬਿਹਤਰ ਨਾਗਰਿਕ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਸਕਣ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਵੀਰਵਾਰ ਨੂੰ ਸ਼ਹਿਰੀ ਸਥਾਨਕ ਨਿਕਾਇ ਵਿਭਾਗ ਦੇ ਅਧਿਕਾਰੀਆਂ ਨਾਲ ਸਮਾਰਟ ਰੋਡ ਪ੍ਰੋਜੈਕਟਾਂ ਅਤੇ ਕਮਿਊਨਿਟੀ ਸੈਂਟਰਾਂ ਦੇ ਡਿਜ਼ਾਈਨਾਂ ਦੀ ਸਮੀਖਿਆ ਕਰਦੇ ਹੋਏ ਕਿਹਾ ਕਿ ਕਮਿਊਨਿਟੀ ਸੈਂਟਰ ਆਧੁਨਿਕ ਮਾਪਦੰਡਾਂ ਅਨੁਸਾਰ ਤਿਆਰ ਕੀਤੇ ਜਾਣ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਸਮਾਜਿਕ ਸਮਾਗਮਾਂ ਲਈ ਹੀ ਨਹੀਂ, ਸਗੋਂ ਲੋਕਾਂ ਦੇ ਆਪਸੀ ਸੰਪਰਕ ਅਤੇ ਸਮਾਜਿਕ ਗਤੀਵਿਧੀਆਂ ਲਈ ਵੀ ਮਹੱਤਵਪੂਰਨ ਕੇਂਦਰ ਹਨ।

ਅੱਖਾਂ ਦਾ ਮੁਫ਼ਤ ਜਾਂਚ ਤੇ ਆਪ੍ਰੇਸ਼ਨ ਕੈਂਪ 23 ਨੂੰ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਸਮਾਜ ਸੇਵਾ ਤੇ ਲੋੜਵੰਦ ਲੋਕਾਂ ਦੀ ਸਹਾਇਤਾ ਦੇ ਉਦੇਸ਼ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸੰਤ ਬਾਬਾ ਰਾਮ ਦਾਸ ਜੀ ਦੀ ਯਾਦ ਵਿੱਚ ਅੱਖਾਂ ਦਾ ਵਿਸ਼ਾਲ ਮੁਫ਼ਤ ਜਾਂਚ ਅਤੇ ਆਪ੍ਰੇਸ਼ਨ ਕੈਂਪ 23 ਨਵੰਬਰ ਦਿਨ ਸੋਮਵਾਰ ਨੂੰ ਪਿੰਡ ਰਸੂਲਪੁਰ ਰਮੇਵਾਲ ਵਿਖੇ



ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਾਬਕਾ ਸਰਪੰਚ ਜਗਦੀਸ਼ ਸਿੰਘ ਨੇ ਦੱਸਿਆ ਕਿ ਇਹ ਕੈਂਪ ਸਵੇਰੇ 7 ਵਜੇ ਤੋਂ ਸ਼ਾਮ 4 ਵਜੇ ਤੱਕ ਗੁਰਦੁਆਰਾ ਸਿੰਘ ਸਭਾ ਸਾਹਿਬ ਦੇ ਸਾਹਮਣੇ ਲਗਾਇਆ ਜਾਵੇਗਾ, ਜਿਸ ਵਿੱਚ ਇਲਾਕੇ ਦੇ ਲੋਕਾਂ ਨੂੰ ਵੱਖ-ਵੱਖ ਸਿਹਤ ਸਹੂਲਤਾਂ ਬਿਲਕੁਲ ਮੁਫ਼ਤ ਮੁਹੱਈਆ ਕਰਵਾਈਆਂ ਜਾਣਗੀਆਂ। ਕੈਂਪ ਦੌਰਾਨ ਰਾਜਨ ਹਸਪਤਾਲ, ਫਗਵਾੜਾ ਦੀ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦੀਆਂ ਅੱਖਾਂ ਦੀ ਵਿਸ਼ੇਸ਼ ਜਾਂਚ ਕੀਤੀ ਜਾਵੇਗੀ। ਜਿਨ੍ਹਾਂ ਮਰੀਜ਼ਾਂ ਨੂੰ ਚਿੱਟੇ ਮੋਤੀਏ ਦੀ ਸਮੱਸਿਆ ਹੋਵੇਗੀ, ਉਨ੍ਹਾਂ ਦੇ ਮੁਫ਼ਤ ਆਪ੍ਰੇਸ਼ਨ ਕੀਤੇ ਜਾਣਗੇ। ਇਸ ਤੋਂ ਇਲਾਵਾ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੀ ਦਿੱਤੀਆਂ ਜਾਣਗੀਆਂ। ਕੈਂਪ ਵਿੱਚ ਆਉਣ ਵਾਲੇ ਲੋਕਾਂ ਦੇ ਬਲੱਡ ਪ੍ਰੈਸ਼ਰ ਅਤੇ ਸ਼ੂਗਰ ਦੇ ਟੈਸਟ ਵੀ ਮੁਫ਼ਤ ਕੀਤੇ ਜਾਣਗੇ।ਸਾਬਕਾ ਸਰਪੰਚ ਜਗਦੀਸ਼ ਸਿੰਘ ਨੇ ਇਲਾਕੇ ਦੇ ਸਮੂਹ ਪਿੰਡਾਂ ਦੇ ਵਸਨੀਕਾਂ ਨੂੰ ਵਿਸ਼ੇਸ਼ ਅਪੀਲ ਕਰਦਿਆਂ ਕਿਹਾ ਕਿ ਉਹ ਇਸ ਲੋਕ ਭਲਾਈ ਦੇ ਉਪਰਾਲੇ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕਰਨ ਅਤੇ ਆਪਣੇ ਪਰਵਾਰਕ ਮੈਂਬਰਾਂ, ਬਜ਼ੁਰਗਾਂ ਅਤੇ ਲੋੜਵੰਦ ਵਿਅਕਤੀਆਂ ਨੂੰ ਵੀ ਕੈਂਪ ਵਿੱਚ ਲੈ ਕੇ ਆਉਣ।

ਸੰਤੋਸ਼ ਕੌਰ ਨਈਅਰ ਦੀ ਪਲੇਠੀ ਧਾਰਮਿਕ ਪੁਸਤਕ 'ਸ੍ਰੀ ਸੁਖਮਨੀ ਸਾਹਿਬ ਦਾ ਕਾਵਿ ਰੂਪ ਟੀਕਾ' ਲੋਕ ਅਰਪਣ



ਡੇਰਾਬੱਸੀ (ਵਿਨੈ ਕੁਮਾਰ ਜੈਨ)- ਸੇਵਾਮੁਕਤ ਪੰਜਾਬੀ ਲੈਕਚਰਾਰ ਸੰਤੋਸ਼ ਕੌਰ ਨਈਅਰ ਦੀ ਪਲੇਠੀ ਧਾਰਮਿਕ ਪੁਸਤਕ 'ਸ੍ਰੀ ਸੁਖਮਨੀ ਸਾਹਿਬ ਦਾ ਕਾਵਿ ਰੂਪ ਟੀਕਾ' ਸ਼ਹੀਦ ਜਥੇਦਾਰ ਬਖਤਾਵਰ ਸਿੰਘ ਯਾਦਗਾਰੀ ਲਾਇਬ੍ਰੇਰੀ, ਗੁਰਦੁਆਰਾ ਸ੍ਰੀ ਬਾਬੇ ਸਾਹਿਬ, ਭੰਖਰਪੁਰ ਵਿਖੇ ਲੋਕ ਅਰਪਣ ਕੀਤੀ ਗਈ। ਇਹ ਪੁਸਤਕ ਸ੍ਰੀ ਸੁਖਮਨੀ ਸਾਹਿਬ ਸੁਸਾਇਟੀ ਇਸਤਰੀ ਸਭਾ ਭੰਖਰਪੁਰ ਦੀ ਸਰਪ੍ਰਸਤੀ ਹੇਠ ਪ੍ਰਸਿੱਧ ਕਵੀ, ਪੁਆਧੀ ਲੇਖਕ ਤੇ ਧਾਰਮਿਕ ਸ਼ਖ਼ਸੀਅਤ ਗਿਆਨੀ ਧਰਮ ਸਿੰਘ ਭੰਖਰਪੁਰ ਵੱਲੋਂ ਸੰਗਤ ਅਰਪਣ ਕੀਤੀ ਗਈ। ਇਸ ਮੌਕੇ ਮੂਲ ਲੇਖਕ ਖ਼ਾਨ ਬਹਾਦਰ ਖ਼ੁਆਜ਼ਾ ਦਿਲ ਮੁਹੰਮਦ ਸਾਹਿਬ ਦੀ ਉਰਦੂ ਰਚਨਾ ਦਾ ਪੰਜਾਬੀ ਅਨੁਵਾਦ ਕਰਨ ਵਾਲੀ ਲੇਖਿਕਾ ਸੰਤੋਸ਼ ਕੌਰ ਨਈਅਰ ਨੇ ਸੰਗਤ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਪੁਸਤਕ ਬਾਰੇ ਸੰਖੇਪ ਜਾਣਕਾਰੀ ਦਿੱਤੀ ਅਤੇ ਗੁਰੂ ਅਰਜਨ ਦੇਵ ਜੀ ਦਾ ਸ਼ੁਕਰਾਨਾ ਕੀਤਾ। ਗਿਆਨੀ ਧਰਮ ਸਿੰਘ ਭੰਖਰਪੁਰ ਨੇ ਬੀਬੀ ਸੰਤੋਸ਼ ਕੌਰ, ਜਸਵਿੰਦਰ ਸਿੰਘ ਨਈਅਰ ਅਤੇ ਸਮੁੱਚੇ ਪਰਿਵਾਰ ਨੂੰ ਵਧਾਈ ਦਿੰਦਿਆਂ ਅਜਿਹੇ ਹੋਰ ਉਪਰਾਲੇ ਕਰਨ ਲਈ ਪ੍ਰੇਰਿਆ। ਪ੍ਰਬੰਧਕਾਂ ਵੱਲੋਂ ਲੇਖਿਕਾ ਅਤੇ ਪਰਿਵਾਰ ਨੂੰ ਸਿਰੋਪਾਓ ਤੇ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ। ?ਇਸ ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਭਾਈ ਸਪਿੰਦਰ ਸਿੰਘ, ਬੀਬੀ ਜਸਵੰਤ ਕੌਰ, ਜਸਵਿੰਦਰ ਕੌਰ, ਜਸਵੀਰ ਕੌਰ, ਦਰਸ਼ਨ ਕੌਰ, ਸਰਦਾਰ ਕੌਰ, ਕਰਮਜੀਤ ਕੌਰ, ਮਾਇਆ ਕੌਰ, ਅਮਰਜੀਤ ਕੌਰ, ਹਰਬੰਸ ਸਿੰਘ, ਸਿਮਰਨਜੀਤ ਕੌਰ ਅਤੇ ਬੇਅੰਤ ਸਿੰਘ ਆਦਿ ਹਾਜ਼ਰ ਸਨ।

ਬੱਲਾਂ ਤੋਂ ਸ਼ੁਰੂ ਸ਼ੋਭਾ ਯਾਤਰਾ ਦਾ ਡੇਰਾ ਕਠਾਰ ਵਿਖੇ ਸਵਾਗਤ

ਆਦਮਪੁਰ (ਪਰਮਜੀਤ ਸਿੰਘ)- ਪਿੰਡ ਬੱਲਾ ਤੋਂ ਭਾਜਪਾ ਵੱਲੋਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ 650 ਸਾਲਾ ਨੂੰ ਸਮਰਪਤ ਸ਼ੁਰੂ ਕੀਤੀ ਗਈ ਸ਼ੋਭਾ ਯਾਤਰਾ ਦਾ ਸੰਤ ਹਰੀ ਦਾਸ ਉਦਾਸੀਨ ਆਸ਼ਰਮ ਡੇਰਾ



ਕੂਪਰ, ਦੇਹਪੁਰ ਅੱਡਾ ਕਠਾਰ ਪਹੁੰਚਣ ਤੇ ਪਰਮਜੀਤ ਬਾਘਾ ਜਓਲ ਸੀਨੀਅਰ ਭਾਜਪਾ ਆਗੂ ਆਗੂ ਦੀ ਅਗਵਾਈ ਚ ਸਵਾਗਤ ਕੀਤਾ ਗਿਆ। ਇਸ ਇਸ ਮੌਕੇ ਸੰਤ ਹਰੀ ਦਾਸ ਉਦਾਸੀਨ ਆਸ਼ਰਮ ਡੇਰਾ ਕੂਪਰ, ਦੇਹਪੁਰ ਅੱਡਾ ਕਠਾਰ ਦੇ ਮੁੱਖ ਸੇਵਾਦਾਰ ਸੰਤ ਪ੍ਰਦੀਪ ਦਾਸ ਵੱਲੋਂ ਸ਼ੋਭਾ ਯਾਤਰਾ ਦੌਰਾਨ ਬੀ ਜੇ ਪੀ ਦੇ ਆਗੂਆਂ ਨੂੰ ਸਿਰੋਪਾ ਪਾ ਕੇ ਸਨਮਾਨਿਤ ਕੀਤਾ। ਇਸ ਮੌਕੇ ਸੇਵਾ ਮੁਕਤ ਐਸ ਐਸ ਪੀ ਹਰਵਿੰਦਰ ਸਿੰਘ ਭੱਲੀ ਮਨਜੀਤ ਸਿੰਘ ਮਿਨਹਾਸ ਸੇਵਾ ਮੁਕਤ ਡੀ ਐਸ ਪੀ,ਮੰਡਲ ਕਠਾਰ ਪਲਵਿੰਦਰ ਸਾਬੀ, ਸਤਪਾਲ ਸਿੰਘ,ਸਤਨਾਮ ਸਿੰਘ ਤਰਸੇਮ ਰਾਜ, ਤਰਨਜੀਤ ਸਿੰਘ,ਰਣਵੀਰ ਸਿੰਘ, ਅਜੇ ਕੁਮਾਰ,ਵਿੱਕੀ ਗੁਪਤਾ ਆਦਿ ਭਾਜਪਾ ਮੈਂਬਰ ਮੌਜੂਦ ਸਨ।

ਸਿਆਸੀ ਪਾਰਟੀਆਂ ਵੱਲੋਂ ਰੋਡਮੈਪ ਜਾਰੀ ਨਾ ਕੀਤੇ ਜਾਣਾ ਚਿੰਤਾਜਨਕ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)- ਪੰਜਾਬੀ ਕਾਲਮਨਵੀਸ ਪੱਤਰਕਾਰ ਮੰਚ ਦੇ ਪ੍ਰਧਾਨ ਗੁਰਮੀਤ ਸਿੰਘ ਪਲਾਹੀ, ਜਨਰਲ ਸਕੱਤਰ ਗੁਰਚਰਨ ਸਿੰਘ ਨੂਰਪੁਰ, ਖ਼ਜ਼ਾਨਚੀ



ਦੀਦਾਰ ਸਿੰਘ ਸ਼ੇਤਰਾ, ਮੀਤ ਪ੍ਰਧਾਨ ਗਿਆਨ ਸਿੰਘ ਸਾਬਕਾ ਡੀ ਪੀ ਆਰ ਓ, ਰਵਿੰਦਰ ਚੋਟ ,ਡਾ. ਐੱਸ. ਐੱਸ. ਛੀਨਾ ਅਤੇ ਡਾ. ਚਰਨਜੀਤ ਸਿੰਘ ਗੁੰਮਟਾਲਾ ਅਤੇ ਸਰਪ੍ਰਸਤ ਨਰਪਾਲ ਸਿੰਘ ਸ਼ੇਰਗਿੱਲ ਨੇ ਇੱਕ ਸਾਂਝੇ ਬਿਆਨ ਵਿੱਚ ਕਿਹਾ ਹੈ ਕਿ ਪੰਜਾਬ ਵਿੱਚ